ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7l

awazeqaumtvpunjab@gmail.com

ਸ਼ਨੀਵਾਰ, 5 ਅਪ੍ਰੈਲ 2025 (ਨਾਨਕਸ਼ਾਹੀ ਸੰਮਤ : ੫੫੭, ੨੩ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਅੰਮ੍ਰਿਤਪਾਲ ਦਾ ਗੰਨਮੈਨ ਵਰਿੰਦਰ ਫੌਜੀ ਮੁੜ ਅਦਾਲਤ ’ਚ ਪੇਸ਼, 14 ਦਿਨ ਦੀ ਭੇਜਿਆ ਜੁਡੀਸ਼ੀਅਲ ਹਿਰਾਸਤ ’ਚ

**ਅਜਨਾਲਾ/ਅੰਮ੍ਰਿਤਸਰ, 4 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ ਹਲਕਾ ਖਡੂਰ ਸਾਹਿਬ ਤੋਂ ਲੋਕ ਸਭਾ ਮੈਂਬਰ ਅਤੇ ’ਜਥੇਬੰਦੀ ਵਾਰਸ ਪੰਜਾਬ ਦੇ’ ਦੇ ਮੁਖੀ ਅੰਮ੍ਰਿਤਪਾਲ ਸਿੰਘ ਦੇ ਗੰਨਮੈਨ ਅਤੇ ਸਭ ਤੋਂ ਨੇੜਲੇ ਸਾਥੀ ਵਰਿੰਦਰ ਸਿੰਘ ਫੌਜੀ ਨੂੰ ਅੱਜ ਰਿਮਾਂਡ ਖਤਮ ਹੋਣ ਤੋਂ ਬਾਅਦ ਮੁੜ ਅਜਨਾਲਾ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਅਦਾਲਤ ਦੀ ਕਾਰਵਾਈ ਤੋਂ ਬਾਅਦ ਪ੍ਰੈਸ ਨੂੰ ਸੰਬੋਧਨ ਹੁੰਦਿਆਂ ਡੀਐੱਸਪੀ ਅਜਨਾਲਾ ਗੁਰਵਿੰਦਰ ਸਿੰਘ ਔਲਕ ਨੇ ਦੱਸਿਆ ਕਿ ਮੁਲਜ਼ਮ ਵਰਿੰਦਰ ਸਿੰਘ ਕੋਲੋਂ ਦੋ ਰਾਈਫਲ ਰਿਕਵਰ ਕੀਤੀਆਂ ਗਈਆਂ ਹਨ। ਜਿਨ੍ਹਾਂ ਦੀ ਜਾਣਕਾਰੀ ਮਾਨਯੋਗ ਅਦਾਲਤ ਨੂੰ ਲਿਖਤੀ ਰੂਪ ਵਿੱਚ ਪੇਸ਼ ਕੀਤੀ ਗਈ ਹੈ ਅਤੇ ਮਾਣਯੋਗ ਅਜਨਾਲਾ ਅਦਾਲਤ ਨੇ ਮੁਲਜ਼ਮ ਵਰਿੰਦਰ ਸਿੰਘ ਨੂੰ ਮੁੜ 14 ਦਿਨ ਦੀ ਜੁਡੀਸ਼ਅਲ ਨਿਆਇਕ ਹਿਰਾਸਤ ਵਿੱਚ ਭੇਜ ਦਿੱਤਾ ਹੈ। ਉਹਨਾਂ ਦੱਸਿਆ ਹੁਣ 18 ਅਪ੍ਰੈਲ ਨੂੰ ਮੁੜ ਵਰਿੰਦਰ ਸਿੰਘ ਨੂੰ ਅਜਨਾਲਾ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਇਸ ਸਬੰਧੀ ਮੁਲਜ਼ਮ ਦੇ ਵਕੀਲ ਗੀਤੂ ਰਾਜ ਨੇ ਦੱਸਿਆ ਕਿ ਅਜਨਾਲਾ ਪੁਲਸ ਨੇ ਰਿਕਵਰ ਕੀਤੀ ਹੋਈ ਕੋਈ ਵੀ ਵਸਤੂ ਸਾਹਮਣੇ ਪੇਸ਼ ਨਹੀਂ ਕੀਤੀ।



### ਅਦਾਲਤੀ ਕੰਪਲੈਕਸ ’ਚ ਜ਼ਬਰਦਸਤ ਹੰਗਾਮਾ

# 2 ਦਿਨ ਦੇ ਰਿਮਾਂਡ ’ਤੇ ਭੇਜੀ ਅਮਨਦੀਪ

**ਬਠਿੰਡਾ, 4 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਬਠਿੰਡਾ ਮਹਿਲਾ ਕਾਂਸਟੇਬਲ ਅਮਨਦੀਪ ਦੇ ਡਰੱਗ ਤਸਕਰੀ ਮਾਮਲੇ ਵਿੱਚ ਪੁਲਿਸ ਨੇ ਉਸ ਦੇ ਨਾਲ ਰਹਿ ਰਹੇ ਇੱਕ ਬਲਵਿੰਦਰ ਨਾਮ ਦੇ ਵਿਅਕਤੀ ਨੂੰ ਵੀ ਨਾਮਜ਼ਦ ਕੀਤਾ ਹੈ। ਦੱਸ ਦਈਏ ਕਿ ਸ਼ੁੱਕਰਵਾਰ ਸਾਬਕਾ ਮਹਿਲਾ ਕਾਂਸਟੇਬਲ ਅਮਨਦੀਪ ਨੂੰ ਪੁਲਿਸ ਵੱਲੋਂ ਪੇਸ਼ੀ ਲਈ ਅਦਾਲਤ ਲਿਆਂਦਾ ਗਿਆ ਸੀ, ਜਿਥੇ ਗੁਰਪ੍ਰੀਤ ਨਾਮ ਦੀ ਇੱਕ ਔਰਤ ਵੱਲੋਂ ਅਦਾਲਤੀ ਕੰਪਲੈਕਸ ਵਿੱਚ ਹੀ ਹੰਗਾਮਾ ਕਰ ਦਿੱਤਾ ਗਿਆ। ਸਾਬਕਾ ਮਹਿਲਾ ਕਾਂਸਟੇਬਲ ’ਤੇ ਇਲਜਾਮ ਲਗਾਉਣ ਵਾਲੀ ਗੁਰਪ੍ਰੀਤ ਨੇ ਮਹਿਲਾ ਕਾਂਸਟੇਬਲ ਦੀ ਪੇਸ਼ੀ ਦੌਰਾਨ ਜੰਮ ਕੇ ਹੰਗਾਮਾ ਕੀਤਾ। ਇਸ ਦੌਰਾਨ ਗੁਰਪ੍ਰੀਤ ਦਾ ਪਤੀ ਵੀ



ਹਾਜ਼ਰ ਸੀ, ਜਿਸ ਨਾਲ ਉਸ ਦੀ ਧੱਕਾ-ਮੁੱਕੀ ਹੋ ਗਈ। ਪੁਲਿਸ ਨੇ ਗੁਰਪ੍ਰੀਤ ਅਤੇ ਉਸ ਦੇ ਪਤੀ ਬਲਵਿੰਦਰ ਨੂੰ ਮਸਾਂ ਛੁਡਾਇਆ। ਜਾਣਕਾਰੀ ਅਨੁਸਾਰ ਪੁਲਿਸ ਵੱਲੋਂ ਨਾਮਜ਼ਦ ਕੀਤਾ ਗਿਆ ਵਿਅਕਤੀ ਬਲਵਿੰਦਰ ਉਰਫ਼ ਸੋਨੂੰ ਮੁਲਜ਼ਮ ਅਮਨਦੀਪ ਨਾਲ ਰਹਿ ਰਿਹਾ ਸੀ, ਜੋ ਕਿ ਮਹਿਲਾ ਕਾਂਸਟੇਬਲ ’ਤੇ ਇਲਜ਼ਾਮ ਲਗਾਉਣ ਵਾਲੀ ਗੁਰਪ੍ਰੀਤ ਦਾ ਪਤੀ ਹੈ। ਡੀਐਸਪੀ ਹਰਬੰਸ ਸਿੰਘ ਨੇ ਕਿਹਾ ਕਿ ਇੱਕ ਦਿਨ ਦਾ ਪਹਿਲਾ ਪੁਲਿਸ ਰਿਮਾਂਡ ਹਾਸਲ ਹੋਇਆ ਸੀ, ਉਸ ਤੋਂ ਬਾਅਦ ਅੱਜ ਮੁੜ ਤੋਂ ਸਾਡੇ ਵੱਲੋਂ ਇੱਕ ਹਫਤੇ ਦਾ ਪੁਲਿਸ ਰਿਮਾਂਡ ਮੰਗਿਆ ਗਿਆ ਸੀ ਪਰੰਤੂ ਅਦਾਲਤ ਵੱਲੋਂ ਸਾਨੂੰ ਦੋ ਦਿਨ ਦਾ ਪੁਲਿਸ ਰਿਮਾਂਡ ਦਿੱਤਾ ਗਿਆ ਹੈ, ਤਾਂ ਜੋ ਸਾਡੇ ਵੱਲੋਂ ਉਚੇਚ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਰਿਮਾਂਡ ਦੌਰਾਨ ਕਿੱਥੇ-ਕਿੱਥੇ ਇਸ ਦੇ ਵੱਲੋਂ ਜਾਇਦਾਦ ਜਾਂ ਕੋਈ ਨਵੀਂ ਗੱਡੀਆਂ ਬਣਾਈਆਂ ਗਈਆਂ ਹਨ, ਉਸ ਦੀ ਜਾਂਚ ਪੜਤਾਲ ਕੀਤੀ ਜਾਵੇਗੀ। ਉਸ ਤੋਂ ਬਾਅਦ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਜਾਵੇਗੀ। ਪ੍ਰੰਤੂ ਸਾਡੇ ਵੱਲੋਂ ਇੱਕ ਵਿਅਕਤੀ ਨੂੰ ਹੋਰ ਨਾਮਜਦ ਕੀਤਾ ਗਿਆ ਹੈ, ਜੋ ਕਿ ਇਸ ਦੇ ਨਾਲ ਚਿੱਟੇ ਨਸ਼ੇ ਦਾ ਕਾਰੋਬਾਰ ਕਰਦਾ ਸੀ।

## ‘ਪੰਜਾਬ ਪੁਲਿਸ ਦੇ ਕਈ ਸੀਨੀਅਰ ਅਧਿਕਾਰੀ ਨਸ਼ਾ ਤਸਕਰੀ ’ਚ ਸ਼ਾਮਲ’, ਬਲਵਿੰਦਰ ਭੂੰਦੜ ਨੇ ਕੀਤੇ ਵੱਡੇ ਖੁਲਾਸੇ

**ਚੰਡੀਗੜ੍ਹ, 4 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਨੇ ਪੰਜਾਬ ਵਿੱਚ ਨਸ਼ਾ ਤਸਕਰੀ ਨੂੰ ਲੈ ਕੇ ਵੱਡਾ ਖੁਲਾਸਾ ਕੀਤਾ ਹੈ। ਮਾਨਸਾ ਦੇ ਗੁਰਦੁਆਰਾ ਸੂਲੀਸਰ ਸਾਹਿਬ ਵਿਖੇ ਹੋਈ ਮੀਟਿੰਗ ਦੌਰਾਨ ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਦੇ ਕਈ ਸੀਨੀਅਰ ਅਧਿਕਾਰੀ ਨਸ਼ਾ ਤਸਕਰੀ ਵਿੱਚ ਸ਼ਾਮਲ ਹਨ। ਬਲਵਿੰਦਰ ਸਿੰਘ ਭੂੰਦੜ ਨੇ ਕਿਹਾ ਕਿ ਜੇਕਰ ਸਰਕਾਰ ਡੂੰਘਾਈ ਨਾਲ ਜਾਂਚ ਕਰੇ ਤਾਂ ਕਈ ਸੀਨੀਅਰ ਅਧਿਕਾਰੀਆਂ ਦੇ ਨਾਮ ਸਾਹਮਣੇ ਆਉਣਗੇ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਵੱਡੇ ਤਸਕਰਾਂ ਨੂੰ ਫੜਨ ਵਿੱਚ ਅਸਫਲ ਰਹੀ ਹੈ। ਮੌਜੂਦਾ ਸਰਕਾਰ ’ਤੇ ਹਮਲਾ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਭੂੰਦੜ ਨੇ ਕਿਹਾ ਕਿ ਦਿੱਲੀ ਤੋਂ ਆਏ ਲੋਕ ਪੰਜਾਬ ’ਤੇ ਰਾਜ ਕਰ ਰਹੇ ਹਨ। ਇਹ ਬਹਾਦਰ ਯੋਧਾ ਹਰੀ ਸਿੰਘ ਨਲਵਾ ਦੀ ਧਰਤੀ ਹੈ। ਸਰਕਾਰ ਚੋਣਾਂ ਤੋਂ ਪਹਿਲਾਂ ਕੀਤੇ ਸਾਰੇ ਵਾਅਦੇ ਭੁੱਲ ਗਈ ਹੈ। ਉਨ੍ਹਾਂ ਸਿਹਤ ਸੇਵਾਵਾਂ ਦੀ ਮਾੜੀ ਹਾਲਤ ਦਾ ਵੀ ਜ਼ਿਕਰ ਕੀਤਾ। ਹਸਪਤਾਲਾਂ ਵਿੱਚ ਡਾਕਟਰਾਂ ਦੀ ਘਾਟ ਕਾਰਨ ਲੋਕ ਪ੍ਰੇਸ਼ਾਨ ਹਨ। ਭੂੰਦੜ ਨੇ ਇਹ ਵੀ ਕਿਹਾ ਕਿ ਦਿੱਲੀ ਤੋਂ ਆਉਣ ਵਾਲੇ ਲੋਕਾਂ ਨੂੰ ਪੁਲਿਸ ਸੁਰੱਖਿਆ ਦਿੱਤੀ ਜਾ ਰਹੀ ਹੈ, ਜਦੋਂ ਕਿ ਪੰਜਾਬ ਦੇ ਆਗੂਆਂ ਦੀ ਸੁਰੱਖਿਆ ਵਾਪਸ ਲਈ ਜਾ ਰਹੀ ਹੈ। ਇਸ ਮੀਟਿੰਗ ਦਾ ਮੁੱਖ ਉਦੇਸ਼ ਵਿਸਾਖੀ ’ਤੇ ਹੋਣ ਵਾਲੀ ਕਾਨਫਰੰਸ ਦੀ ਤਿਆਰੀ ਕਰਨਾ ਅਤੇ ਸ਼੍ਰੋਮਣੀ ਅਕਾਲੀ ਦਲ ਦੀ ਮੈਂਬਰਸ਼ਿਪ ਮੁਹਿੰਮ ਨੂੰ ਤੇਜ਼ ਕਰਨਾ ਸੀ। ਦੱਸ ਦਈਏ ਕਿ ਪਿਛਲੇ ਦਿਨੀਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਦੀ ਜ਼ੈਡ+ ਸੁਰੱਖਿਆ ਵਾਪਸ ਲੈ ਲਈ ਗਈ ਹੈ, ਜਿਸ ਤੋਂ ਬਾਅਦ ਸਿਆਸਤ ਭਖੀ ਪਈ ਹੈ, ਆਏ ਦਿਨ ਅਕਾਲੀ ਦਲ ਦੇ ਆਗੂ ਪੰਜਾਬ ਸਰਕਾਰ ’ਤੇ ਨਿਸ਼ਾਨੇ ਵਿੰਨ੍ਹ ਰਹੇ ਹਨ ਅਤੇ ਕਈ ਖੁਲਾਸੇ ਵੀ ਕਰ ਰਹੇ ਹਨ। ਅੱਜ ਵੀ ਬਲਵਿੰਦਰ ਸਿੰਘ ਭੂੰਦੜ ਨੇ ਪੰਜਾਬ ਪੁਲਿਸ ਦੇ ਅਧਿਕਾਰੀਆਂ ਨੂੰ ਲੈਕੇ ਵੱਡਾ ਬਿਆਨ ਦਿੱਤਾ ਹੈ, ਜਿਸ ਤੋਂ ਬਾਅਦ ਵੱਡਾ ਬਖੇੜਾ ਖੜ੍ਹੇ ਹੋਣ ਦੀ ਸੰਭਾਵਨਾ ਹੈ।



## ਸੁਖਬੀਰ ਸਿੰਘ ਬਾਦਲ ਦੇ ਬਿਆਨ ਦਰਜ ਕਰਨ ਲਈ ਤਿਆਰ ਹੋਈ ਪੰਜਾਬ ਸਰਕਾਰ, ਹਾਈਕੋਰਟ ਨੇ ਜਾਰੀ ਕੀਤਾ ਨੋਟਿਸ

**ਚੰਡੀਗੜ੍ਹ, 4 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ-ਹਰਿਆਣਾ ਹਾਈਕੋਰਟ ਵਿੱਚ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ’ਤੇ ਜਾਨਲੇਵਾ ਹਮਲੇ ਦੇ ਮਾਮਲੇ ਵਿੱਚ ਅੱਜ ਸੁਣਵਾਈ ਹੋਈ, ਜਿਸ ਦੌਰਾਨ ਅਦਾਲਤ ਨੇ ਪੰਜਾਬ ਸਰਕਾਰ ਨੂੰ ਨੋਟਿਸ ਜਾਰੀ ਕਰਕੇ ਜਵਾਬ ਦਾਖਲ ਕਰਨ ਲਈ ਹੁਕਮ ਦਿੱਤੇ ਹਨ। ਦੱਸ ਦਈਏ ਕਿ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਨੇ ਹਾਈਕੋਰਟ ਵਿੱਚ ਪਟੀਸ਼ਨ ਦਾਖਲ ਕਰਕੇ ਮਾਮਲੇ ਦੀ ਸੀਬੀਆਈ ਜਾਂ ਐਨਆਈਏ ਤੋਂ ਉਚ ਪੱਧਰੀ ਜਾਂਚ ਕਰਵਾਉਣ ਦੀ ਮੰਗ ਕੀਤੀ ਹੈ। ਪਟੀਸ਼ਨ ’ਤੇ ਅੱਜ ਸੁਖਬੀਰ ਸਿੰਘ ਬਾਦਲ ਦੇ ਵਕੀਲ ਸੀਨੀਅਰ ਐਡਵੋਕੇਟ ਆਰ.ਐਸ.ਚੀਮਾ ਨੇ ਅਦਾਲਤ ਨੂੰ ਕਿਹਾ ਕਿ ਇਸ ਮਾਮਲੇ ਦੀ ਜਾਂਚ ਐਨਆਈਏ ਨੂੰ ਸੌਂਪੀ ਜਾਣੀ ਚਾਹੀਦੀ ਹੈ। ਕਿਉਂਕਿ ਮੁੱਖ ਦੋਸ਼ੀ ਨਰਾਇਣ ਸਿੰਘ ਚੌੜਾ, ਖਾਲਿਸਤਾਨੀ ਤੇ ਅੱਤਵਾਦੀ ਗਤੀਵਿਧੀਆਂ ’ਚ ਸ਼ਾਮਲ ਰਿਹਾ ਹੈ। ਵਕੀਲ ਨੇ ਕਿਹਾ ਕਿ ਪੰਜਾਬ ਪੁਲਿਸ ਦੀ ਜਾਂਚ ਸਵਾਲਾਂ ਦੇ ਘੇਰੇ ਵਿੱਚ ਹੈ, ਕਿਉਂਕਿ ਅੱਜ ਤੱਕ ਪੰਜਾਬ ਪੁਲਿਸ ਨੇ ਸੁਖਬੀਰ ਸਿੰਘ ਬਾਦਲ ਦਾ ਬਿਆਨ ਵੀ ਦਰਜ ਨਹੀਂ ਕੀਤਾ, ਭਾਵੇਂ ਕਿ ਉਨ੍ਹਾਂ ’ਤੇ ਹਮਲਾ ਹੋਇਆ ਸੀ। ਇਸਤੋਂ ਇਲਾਵਾ ਹੇਠਲੀ ਅਦਾਲਤ ਨੇ ਵੀ ਪੁਲਿਸ ਦੀ ਜਾਂਚ ’ਤੇ ਸਵਾਲ ਖੜ੍ਹੇ ਕੀਤੇ ਹਨ। ਉਪਰੰਤ ਹਾਈਕੋਰਟ ਨੇ ਪੰਜਾਬ ਸਰਕਾਰ ਨੂੰ ਇਸ ਮਾਮਲੇ ਵਿੱਚ ਜਵਾਬ ਦਾਖਲ ਕਰਨ ਦੇ ਹੁਕਮ ਦਿੱਤੇ, ਜਿਸ ’ਤੇ ਸਰਕਾਰ ਨੇ ਕਿਹਾ, ਉਹ ਅੱਜ ਹੀ ਸੁਖਬੀਰ ਬਾਦਲ ਦਾ ਬਿਆਨ ਦਰਜ ਕਰਨ ਲਈ ਤਿਆਰ ਹੈ। ਹਾਈਕੋਰਟ ਨੇ ਪੰਜਾਬ ਸਰਕਾਰ ਨੂੰ ਨੋਟਿਸ ਜਾਰੀ ਕਰਕੇ 30 ਅਪ੍ਰੈਲ ਤੱਕ ਜਵਾਬ ਦਾਖ਼ਲ ਕਰਨ ਦੇ ਹੁਕਮ ਦਿੱਤੇ ਹਨ। ਦੱਸ ਦਈਏ ਕਿ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਇਹ ਘਟਨਾ 4 ਦਸੰਬਰ 2024 ਨੂੰ ਸਵੇਰੇ 9:30 ਵਜੇ ਵਾਪਰੀ ਸੀ। ਇਹ ਸਾਰੀ ਘਟਨਾ ਉੱਥੇ ਲੱਗੇ ਸੀਸੀਟੀਵੀ ਕੈਮਰਿਆਂ ਵਿੱਚ ਰਿਕਾਰਡ ਹੋ ਗਈ। ਪਰ ਇਸ ਮਾਮਲੇ ਵਿੱਚ ਐਫਆਈਆਰ ਦੁਪਹਿਰ 3:56 ਵਜੇ ਇੱਕ ਪੁਲਿਸ ਮੁਲਾਜ਼ਮ ਦੀ ਸ਼ਿਕਾਇਤ ’ਤੇ ਦਰਜ ਕੀਤੀ ਗਈ ਸੀ। ਉਪਰੰਤ, ਸੁਖਬੀਰ ਸਿੰਘ ਬਾਦਲ ਨੇ ਹਾਈ ਕੋਰਟ ’ਚ ਪਟੀਸ਼ਨ ਦਾਖਲ ਕਰਕੇ ਕਿਹਾ ਕਿ ਇਸ ਪੂਰੇ ਮਾਮਲੇ ਦੀ ਜਾਂਚ ਪੂਰੀ ਹੋ ਚੁੱਕੀ ਹੈ ਪਰ ਅੱਜ ਤੱਕ ਉਨ੍ਹਾਂ ਦੇ ਬਿਆਨ ਦਰਜ ਨਹੀਂ ਕੀਤੇ ਗਏ। ਇੰਨਾ ਹੀ ਨਹੀਂ, ਇਸ ਮਾਮਲੇ ਦੇ ਮੁੱਖ ਦੋਸ਼ੀ ਨਰਾਇਣ ਚੌੜਾ ਨੂੰ ਜ਼ਮਾਨਤ ਦਿੰਦੇ ਹੋਏ ਹੇਠਲੀ ਅਦਾਲਤ ਨੇ ਇਸ ਪੂਰੇ ਮਾਮਲੇ ਦੀ ਜਾਂਚ ’ਤੇ ਵੀ ਸਵਾਲ ਖੜ੍ਹੇ ਕੀਤੇ ਹਨ ਅਤੇ ਕਿਹਾ ਹੈ ਕਿ ਇਹ ਬਹੁਤ ਹੀ ਹੈਰਾਨੀ ਦੀ ਗੱਲ ਹੈ ਕਿ ਇਸ ਮਾਮਲੇ ਦੀ ਪੀੜਤਾ ਨੇ ਘਟਨਾ ਦੇ ਸਾਢੇ ਤਿੰਨ ਮਹੀਨੇ ਬੀਤ ਜਾਣ ’ਤੇ ਵੀ ਬਿਆਨ ਦਰਜ ਨਹੀਂ ਕਰਵਾਏ ਹਨ, ਜੋ ਜਾਂਚ ਅਤੇ ਮੁਕੱਦਮੇ ’ਤੇ ਸਵਾਲ ਖੜ੍ਹੇ ਕਰਦਾ ਹੈ। ਇਸ ਲਈ ਨਿਰਪੱਖ ਜਾਂਚ ਲਈ ਇਹ ਮਾਮਲਾ ਸੀਬੀਆਈ ਜਾਂ ਐਨਆਈਏ ਨੂੰ ਸੌਂਪਿਆ ਜਾਣਾ ਚਾਹੀਦਾ ਹੈ।



## ਮੁਸਲਿਮ ਭਾਈਚਾਰੇ ਦੇ ਵਫ਼ਦ ਵੱਲੋਂ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਮੁਲਾਕਾਤ

**ਚੰਡੀਗੜ੍ਹ, 4 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਮੁਸਲਿਮ ਭਾਈਚਾਰੇ ਦੀ ਜਮੀਅਤ ਉਲੇਮਾ-ਏ-ਹਿੰਦ ਸੰਸਥਾ ਦੇ ਇੱਕ ਵਫ਼ਦ ਨੇ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੁੱਜ ਕੇ ਮੁਲਾਕਾਤ ਕੀਤੀ। ਇਸ ਦੌਰਾਨ ਮੁਸਲਿਮ ਵਫ਼ਦ ਅਤੇ ਜਥੇਦਾਰ ਗੜਗੱਜ ਵਿਚਕਾਰ ਸਿੱਖ-ਮੁਸਲਿਮ ਆਪਸੀ ਸਾਂਝ, ਸਦਭਾਵਨਾ ਅਤੇ ਦੋਵੇਂ ਧਰਮਾਂ ਦੇ ਸਨਮੁਖ ਚੁਣੌਤੀਆਂ ਸਬੰਧੀ ਵਿਚਾਰਾਂ ਹੋਈਆਂ। ਮੁਸਲਿਮ ਵਫ਼ਦ ਵੱਲੋਂ ਕਿਹਾ ਗਿਆ ਕਿ ਉਨ੍ਹਾਂ ਦੀ ਸੰਸਥਾ ਨੇ ਸਿੱਖਾਂ ਦੇ ਸਰਬਉੱਚ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਨਾਲ ਲੰਮੇ ਸਮੇਂ ਤੋਂ ਸਾਂਝ ਬਣਾ ਕੇ ਰੱਖੀ ਹੋਈ ਹੈ ਤਾਂ ਜੋ ਦੋਵੇਂ ਭਾਈਚਾਰਿਆਂ ਵਿੱਚ ਆਪਸੀ ਸਾਂਝ ਕਾਇਮ ਰਹੇ ਅਤੇ ਕੋਈ ਮਤਭੇਦ ਜਾਂ ਮਸਲਾ ਸਾਹਮਣੇ ਆਉਣ ਉੱਤੇ ਮਿਲ ਬੈਠ ਕੇ ਸੁਖਾਵੇਂ ਮਾਹੌਲ ਵਿੱਚ ਹੱਲ ਕਰ ਲਿਆ ਜਾਵੇ। ਮੁਸਲਿਮ ਵਫ਼ਦ ਵੱਲੋਂ ਜਥੇਦਾਰ ਸ੍ਰੀ



ਅਕਾਲ ਤਖ਼ਤ ਸਾਹਿਬ ਨੂੰ ਭਰੋਸਾ ਦਿੱਤਾ ਗਿਆ ਕਿ ਜੇਕਰ ਸਿੱਖ ਸੰਸਥਾਵਾਂ ਵੱਲੋਂ ਉਨ੍ਹਾਂ ਦੇ ਧਿਆਨ ਵਿੱਚ ਕੋਈ ਮਸਲਾ ਲਿਆਂਦਾ ਜਾਵੇਗਾ ਤਾਂ ਉਨ੍ਹਾਂ ਦੇ ਆਗੂਆਂ ਵੱਲੋਂ ਇਸ ਨੂੰ ਹੱਲ ਕਰਨ ਲਈ ਸਿੱਖਾਂ ਨਾਲ ਤਾਲਮੇਲ ਕਰਕੇ ਤੁਰੰਤ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ ਤਾਂ ਜੋ ਆਪਸੀ ਸਾਂਝ ਕਾਇਮ ਰਹੇ। ਇਸ ਬਦਲੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੇ ਵੀ ਮੁਸਲਿਮ ਵਫ਼ਦ ਨੂੰ ਸਿੱਖਾਂ ਦੀ ਤਰਫ਼ੋਂ ਅਜਿਹਾ ਹੀ ਭਰੋਸਾ ਦਿੱਤਾ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਇਸ ਮੁਲਕ ਦੀ ਖ਼ੂਬਸੂਰਤੀ ਹੀ ਇਸ ਗੱਲ ਵਿੱਚ ਹੈ ਕਿ ਇੱਥੇ ਆਪਸੀ ਭਾਈਚਾਰਾ ਅਤੇ ਸਾਂਝ ਕਾਇਮ ਹੈ, ਜਿਸ ਕਰਕੇ ਫਿਰਕੂ ਸ਼ਕਤੀਆਂ ਸਫ਼ਲ ਨਹੀਂ ਹੁੰਦੀਆਂ। ਇਸ ਦੌਰਾਨ ਜਮੀਅਤ ਉਲੇਮਾ-ਏ-ਹਿੰਦ ਦੇ ਵਫ਼ਦ ਨੇ ਜਥੇਦਾਰ ਗੜਗੱਜ ਨਾਲ ਵਕਫ਼ ਬੋਰਡ ਤੇ ਹੋਰ ਧਾਰਮਿਕ ਮਾਮਲਿਆਂ ਸਬੰਧੀ ਵੀ ਵਿਚਾਰਾਂ ਕੀਤੀਆਂ। ਮੀਡੀਆ ਨਾਲ ਗੱਲ ਕਰਦਿਆਂ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਇਹ ਦੇਸ਼ ਸਾਰਿਆਂ ਦਾ ਸਾਂਝਾ ਹੈ ਅਤੇ ਸਾਰੇ ਭਾਈਚਾਰਿਆਂ ਨੂੰ ਇੱਥੇ ਖੁਸ਼ੀ ਦੇ ਨਾਲ ਰਹਿਣ ਦਾ ਹੱਕ ਹੈ। ਉਨ੍ਹਾਂ ਕਿਹਾ ਕਿ ਕੋਈ ਵੀ ਅਜਿਹਾ ਕੰਮ ਨਹੀਂ ਹੋਣਾ ਚਾਹੀਦਾ ਜਿਸ ਨਾਲ ਕਿਸੇ ਕੌਮ ਨੂੰ ਇਹ ਲੱਗੇ ਕਿ ਉਨ੍ਹਾਂ ਦੇ ਹੱਕ ਖੋਹੇ ਜਾ ਰਹੇ ਹਨ। ਸਾਨੂੰ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਤੋਂ ਸੇਧ ਲੈਣ ਦੀ ਲੋੜ ਹੈ ਕਿ ਜਦੋਂ ਉਨ੍ਹਾਂ ਦਾ ਰਾਜ ਸੀ ਤਾਂ ਉਨ੍ਹਾਂ ਦੀ ਕੈਬਨਿਟ ਵਿੱਚ ਵੱਖ-ਵੱਖ ਕੌਮਾਂ ਦੇ ਨੁਮਾਇੰਦੇ ਸ਼ਾਮਲ ਸਨ ਜਿਨ੍ਹਾਂ ਦਾ ਬਰਾਬਰ ਸਨਮਾਨ ਸੀ। ਉਨ੍ਹਾਂ ਕਿਹਾ ਕਿ ਸਾਰੀਆਂ ਕੌਮਾਂ ਦਾ ਮਾਨ ਸਨਮਾਨ ਕਾਇਮ ਰਹਿਣਾ ਚਾਹੀਦਾ ਹੈ ਅਤੇ ਕਿਸੇ ਦੇ ਵੀ ਅਧਿਕਾਰ ਖੋਹਣ ਦਾ ਹੱਕ ਕਿਸੇ ਨੂੰ ਨਹੀਂ ਹੋਣਾ ਚਾਹੀਦਾ। ਜਥੇਦਾਰ ਗੜਗੱਜ ਨੇ ਕਿਹਾ ਕਿ ਬੰਦੀ ਸਿੰਘ ਜੋ ਬੀਤੇ ਤਿੰਨ-ਤਿੰਨ ਦਹਾਕਿਆਂ ਤੋਂ ਜੇਲ੍ਹਾਂ ਅੰਦਰ ਨਜ਼ਰਬੰਦ ਹਨ ਉਨ੍ਹਾਂ ਦੀ ਕੋਈ ਸੁਣਵਾਈ ਨਹੀਂ ਕੀਤੀ ਜਾ ਰਹੀ ਅਤੇ ਨਾ ਹੀ ਉਨ੍ਹਾਂ ਨੂੰ ਰਿਹਾਅ ਕੀਤਾ ਜਾ ਰਿਹਾ ਹੈ। ਪਰ ਜਦੋਂ ਕਿਤੇ ਘੱਟ-ਗਿਣਤੀਆਂ ਦੇ ਹੱਕਾਂ ਨੂੰ ਦੱਬਣ ਦੀ ਗੱਲ ਆਉਂਦੀ ਹੈ ਉੱਥੇ ਝੱਟ ਹੀ ਬਿਲ ਪਾਸ ਹੋ ਜਾਂਦੇ ਹਨ। ਉਨ੍ਹਾਂ ਸਵਾਲ ਕੀਤਾ ਕਿ ਘੱਟ-ਗਿਣਤੀਆਂ ਦੇ ਹੱਕਾਂ ਲਈ ਬਿਲ ਕਿੱਥੇ ਪਾਸ ਹੋਣ? ਉਨ੍ਹਾਂ ਕਿਹਾ ਕਿ ਇਹ ਦੇਸ਼ ਸਾਰਿਆਂ ਦਾ ਸਾਂਝਾ ਹੈ ਜਿੱਥੇ ਵੱਖ-ਵੱਖ ਸਭਿਆਚਾਰ, ਧਰਮ ਅਤੇ ਬੋਲੀਆਂ ਹਨ ਅਤੇ ਸਾਰਿਆਂ ਨੂੰ ਬਰਾਬਰ ਮਾਣ ਸਨਮਾਨ ਮਿਲਣਾ ਚਾਹੀਦਾ ਹੈ। ਮੁਸਲਿਮ ਵਫ਼ਦ ਵਿੱਚ ਜਮੀਅਤ ਉਲੇਮਾ-ਏ-ਹਿੰਦ ਦੇ ਜਨਰਲ ਸਕੱਤਰ ਮੌਲਾਨਾ ਹਕੀਮੁਦੀਨ ਕਾਸਮੀ, ਓਵੈਸ ਸੁਲਤਾਨ ਖਾਨ, ਮੌਲਾਨਾ ਅਲੀ ਹਸਨ, ਮੌਲਾਨਾ ਆਰਿਫ਼, ਮੁਫਤੀ ਮਹਿਦੀ ਹਸਨ ਆਈਨੀ, ਮੌਲਾਨਾ ਜਾਵੇਦ ਸਿੱਦੀਕੀ ਆਦਿ ਸ਼ਾਮਲ ਸਨ।

## ਦਿੱਲੀ ਸਿੱਖ ਕਤਲੇਆਮ ਮਾਮਲੇ ਵਿਚ ਮਨਜੀਤ ਸਿੰਘ ਜੀਕੇ ਨੇ ਅਦਾਲਤ ਅੰਦਰ ਜਗਦੀਸ਼ ਟਾਈਟਲਰ ਵਿਰੁੱਧ ਆਪਣੀ ਗਵਾਹੀ ਦਰਜ਼ ਕਰਵਾਈ

**ਨਵੀਂ ਦਿੱਲੀ 4 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਦੀ ਇਕ ਅਦਾਲਤ ਅੰਦਰ ਸਿੱਖ ਕਤਲੇਆਮ ਮਾਮਲੇ ਦੇ ਇਕ ਕੇਸ ਅੰਦਰ ਨਾਮਜਦ ਕਾਂਗਰਸੀ ਨੇਤਾ ਜਗਦੀਸ਼ ਟਾਈਟਲਰ ਪੇਸ਼ ਹੋਏ। ਅਦਾਲਤ ਅੰਦਰ ਇਸ ਮਾਮਲੇ ਵਿਚ ਦਿੱਲੀ ਗੁਰਦੁਆਰਾ ਕਮੇਟੀ ਦੇ ਸਾਬਕਾ ਪ੍ਰਧਾਨ ਮਨਜੀਤ ਸਿੰਘ ਜੀਕੇ ਨੇ ਪੇਸ਼ ਹੋ ਕੇ ਉਨ੍ਹਾਂ ਵਲੋਂ ਜਾਰੀ ਕੀਤੀ ਗਈ ਸਟਿੰਗ ਵੀਡੀਓ ਬਾਰੇ ਆਪਣੀ ਗਵਾਹੀ ਦਰਜ਼ ਕਰਵਾਈ। ਮਈ 2023 ਵਿੱਚ, ਸੀਬੀਆਈ ਨੇ 1984 ਦੇ ਦਿੱਲੀ ਸਿੱਖ ਕਤਲੇਆਮ ਦੇ ਮਾਮਲੇ ਵਿੱਚ ਕਾਂਗਰਸੀ ਨੇਤਾ ਜਗਦੀਸ਼ ਟਾਈਟਲਰ ਵਿਰੁੱਧ ਚਾਰਜਸ਼ੀਟ ਦਾਇਰ ਕੀਤੀ ਸੀ। ਸੀਬੀਆਈ ਨੇ ਚਾਰਜਸ਼ੀਟ ਵਿੱਚ ਕਿਹਾ ਹੈ ਕਿ ਉਸਨੂੰ ਟਾਈਟਲਰ ਵਿਰੁੱਧ ਮੁਕੱਦਮਾ ਚਲਾਉਣ ਲਈ ਨਵੇਂ ਸਬੂਤ ਮਿਲੇ ਹਨ। ਇਸ ਵਿੱਚ ਆਵਾਜ਼ ਦਾ ਨਮੂਨਾ ਸਭ ਤੋਂ ਮਹੱਤਵਪੂਰਨ ਹੈ। ਸੀਬੀਆਈ ਨੇ ਘਟਨਾ ਸਮੇਂ ਦਿੱਤੇ ਗਏ ਭਾਸ਼ਣ ਦਾ ਇਕ ਵੀਡੀਓ ਬਰਾਮਦ ਕੀਤਾ ਹੈ ਜਿਸ ਵਿੱਚ ਭੀੜ ਨੂੰ ਸਿੱਖਾਂ ਵਿਰੁੱਧ ਭੜਕਾਇਆ ਗਿਆ ਸੀ ਅਤੇ ਦੰਗੇ ਭੜਕਾਏ ਗਏ ਸਨ। ਇਸਦੀ ਆਵਾਜ਼ ਨੂੰ ਮੁੱਖ ਕਿਰਦਾਰ ਦੀ ਆਵਾਜ਼ ਨਾਲ ਮਿਲਾਇਆ ਗਿਆ ਹੈ। ਜਿਕਰਯੋਗ ਹੈ ਕਿ ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਮਨਜੀਤ ਸਿੰਘ ਜੀਕੇ ਨੇ ਫਰਵਰੀ 2018 ਵਿੱਚ ਪੰਜ ਵੀਡੀਓ ਕਲਿੱਪ ਜਾਰੀ ਕੀਤੇ ਸਨ ਜਿਸ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਕਾਂਗਰਸੀ ਆਗੂ ਜਗਦੀਸ਼ ਟਾਈਟਲਰ 1984 ਦੇ ਸਿੱਖ ਕਤਲੇਆਮ ਵਿੱਚ 100 ਸਿੱਖਾਂ ਨੂੰ ਮਾਰਨ ਦੀ ਗੱਲ ਕਬੂਲ ਕਰ ਰਿਹਾ ਸੀ। ਬਾਅਦ ਵਿੱਚ ਉਨ੍ਹਾਂ ਨੇ ਸਬੂਤ ਵਜੋਂ ਵੀਡੀਓ ਕਲਿੱਪ ਸੀਬੀਆਈ ਨੂੰ ਸੌਂਪ ਦਿੱਤੇ। ਜੀਕੇ ਨੇ ਕਿਹਾ ਕਿ ਕਿਸੇ ਅਣਜਾਣ ਵਿਅਕਤੀ ਨੇ ਉਸਨੂੰ ਵੀਡੀਓ ਦਿੱਤੇ ਸਨ। ਉਨ੍ਹਾਂ ਅਨੁਸਾਰ, ਇਹ ਵੀਡੀਓ ਸਾਲ 2011 ਦਾ ਸੀ ਜਿਸ ਵਿੱਚ ਟਾਈਟਲਰ ਸਿੱਖਾਂ ਦੇ ਕਤਲੇਆਮ ਬਾਰੇ ਗੱਲ ਕਰ ਰਿਹਾ ਸੀ। ਸੀਬੀਆਈ ਨੇ ਇਸ ਮਾਮਲੇ ਵਿੱਚ ਜੀਕੇ ਤੋਂ ਵੀ ਪੁੱਛਗਿੱਛ ਕੀਤੀ ਸੀ। ਵੀਡੀਓ ਵਿੱਚ ਜਗਦੀਸ਼ ਟਾਈਟਲਰ ਭੀੜ ਨੂੰ ਭੜਕਾਉਂਦੇ ਹੋਏ ਦਿਖਾਈ ਦੇ ਰਹੇ ਹਨ। ਭਾਵੇਂ ਵੀਡੀਓ ਦੀ ਗੁਣਵੱਤਾ ਬਹੁਤੀ ਸਪੱਸ਼ਟ ਨਹੀਂ ਸੀ, ਪਰ ਆਵਾਜ਼ ਸੁਣਾਈ ਦੇ ਰਹੀ ਸੀ। ਇਹ ਸੀਬੀਆਈ ਲਈ ਇੱਕ ਮਹੱਤਵਪੂਰਨ ਸਬੂਤ ਬਣ ਗਿਆ। ਚਲ ਰਹੇ ਮਾਮਲੇ ਦੀ ਅਗਲੀ ਸੁਣਵਾਈ 21 ਅਪ੍ਰੈਲ ਨੂੰ ਹੋਵੇਗੀ।






# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।


**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net






ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7l
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

29ਵਾਂ ਸਲਾਨਾ ਜੋੜ ਮੇਲਾ
ਗੁਰਮਤਿ ਸਮਾਗਮ
1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

**Important Note:** The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

- ☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।
- ☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com


ਸੇਵਕਕੀਓੜਕਿਨਿਬਹੀਪ੍ਰੀਤਿ॥
ਜੀਵਤਸਾਹਿਬੁਸੇਵਿਓਅਪਨਾਚਲਤੇਰਾਖਿਓਚੀਤਿ॥
ਸ਼ਰਧਾਂਜਲੀ ਸਮਾਗਮ ਯੂ.ਕੇ.
ਐਤਵਾਰ, 6 ਅਪ੍ਰੈਲ 2025
01:00 PM
ਗੁਰੂ ਨਾਨਕ ਗੁਰਦੁਆਰਾ ਸਮੈਥਵਿਕ
130 High Street,
Smethwick B66 3AP
ਆਵਾਜ਼ਿ ਕੌਮ AWAZE QAUM International Newspaper & WEB TV
1978 ਤੋਂ ਹੀ ਅਜਾਦੀ ਦੇ ਸੰਘਰਸ਼ ਦੇ ਥੰਮ੍ਹ, ਗੁਰੂ ਪਿਆਰੇ ਜੁਝਾਰੂ ਕੌਮੀ ਜਰਨੈਲ
ਬੱਬਰ ਖਾਲਸਾ ਇੰਟਰਨੈਸ਼ਨਲ ਦੇ ਜਨਰਲ ਸਕੱਤਰ
ਜਥੇਦਾਰ ਭਾਈ ਮਹਿਲ ਸਿੰਘ ਬੱਬਰ
ਗੁਰੂ ਵੱਲੋਂ ਬਖਸ਼ੀ ਸਵਾਸਾਂ ਦੀ ਪੂੰਜੀ ਨੂੰ ਭੋਗ ਕੇ ਅਕਾਲ ਚਲਾਣਾ ਕਰ ਗਏ ਹਨ। ਉਨਾਂ ਦੀ ਮਿੱਠੀ ਯਾਦ ਵਿੱਚ ਫੈਡਰੇਸ਼ਨ ਆਫ ਸਿੱਖ ਆਰਗੇਨਾਈਜੇਸ਼ਨਜ਼ ਯੂ,ਕੇ ਅਤੇ ਸਮੂਹ ਸਿੱਖ ਜਥੇਬੰਦੀਆਂ ਵਲੋਂ ਸ਼ਰਧਾਂਜ਼ਲੀ ਸਮਾਗਮ ਗੁਰੂ ਨਾਨਕ ਗੁਰਦਵਾਰਾ ਸਮੈਦਿਕ ਵਿਖੇ 6 ਐਪਰੈਲ ਐਤਵਾਰ ਵਾਲੇ ਦਿਨ 1 ਵਜੇ ਕਰਵਾਇਆ ਜਾ ਰਿਹਾ ਹੈ। ਸੋ ਆਪ ਸਭ ਨੂੰ ਸ਼ਮੂਲੀਅਤ ਕਰਨ ਦੀ ਬੇਨਤੀ ਹੈ । ਆਉ ! ਜਿੰਦਗੀ ਦੇ ਚਾਰ ਦਹਾਕੇ ਕੌਮ ਦੇ ਲੇਖੇ ਲਗਾਉਣ ਵਾਲੇ ਅਤੇ ਭਾਰਤ ਸਰਕਾਰ ਮੂਹਰੇ ਗੋਡੇ ਨਾ ਟੇਕਣ ਵਾਲੇ ਕੌਮੀ ਪ੍ਰਵਾਨੇ ਦੀ ਦ੍ਰਿੜ੍ਹਤਾ ਨੂੰ ਸਿੱਜਦਾ ਕਰੀਏ ।


GURU NANAK GURDWARA
SMETHWICK
Guru Nanak Dev Ji Gurmat Academy Smethwick
Canal & River Trust
Making life better by water
CELEBRATE
VAISAKHI
by the
CANAL
Saturday 5th April
10:30am to 2:30pm
TOLL HOUSE
(CANAL ENTRANCE VIA BRIDGE ST NORTH, SMETHWICK)
FREE ENTRY
FREE ACTIVITIES
HAPPY
VAISAKHI
JOIN US FOR LOTS OF FUN!
bouncy castle
tug of war
kayaking
Vaisakhi talks
yummy food
and much more!
Register for Free Kayaking via Eventbrite at
https://www.eventbrite.co.uk/e/lets-paddle-kayaking-smethwick-tickets-1286162670169?aff=oddtdtcreator
Guru Nanak Gurdwara Smethwick
130 High Street, Smethwick West Midlands B66 3AP
Tel: 0121 558 2527 | E: info@gngsmethwick.com
ਆਵਾਜ਼ਿ ਕੌਮ
AWAZE QAUM
International Newspaper & WEB TV



ੴ ਸਤਿਗੁਰ ਪ੍ਰਸਾਦਿ ॥
ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ
ਪ੍ਰਗਟਿਓ ਖਾਲਸਾ ਅਤੇ ਵਿਸਾਖੀ ਦੇ ਦਿਹਾੜੇ ਨੂੰ ਸਮਰਪਿਤ
ਕਥਾ ਕੀਰਤਨ ਦਰਬਾਰ
ਮਿਤੀ 4, 5, 6, 7, 8 ਅਪ੍ਰੈਲ 2025 ਸਮਾਂ ਸ਼ਾਮ 6 ਵਜੇ ਤੋਂ ਰਾਤ 10 ਵਜੇ ਤੱਕ
ਪਿੰਡ ਮੜੌਲੀ ਕਲਾਂ (ਸ਼ਹਿਰ ਮੋਰਿੰਡਾ)
ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਜੀ ਤਖਤ ਸ੍ਰੀ ਕੇਸਗੜ੍ਹ ਸਾਹਿਬ
ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਸਾਬਕਾ ਜਥੇਦਾਰ
ਸੰਤ ਬਾਬਾ ਗੁਰਦਿਆਲ ਸਿੰਘ ਜੀ ਟਾਂਡੇ ਵਾਲੇ
ਜਥੇਦਾਰ ਬਾਬਾ ਬਲਜੀਤ ਸਿੰਘ ਜੀ ਦਾਦੂਵਾਲ ਸਾਹਿਬ
ਬਾਬਾ ਗੁਲਾਬ ਸਿੰਘ ਜੀ ਸ੍ਰੀ ਚਮਕੌਰ ਸਾਹਿਬ
ਭਾਈ ਸੁਰਿੰਦਰਪਾਲ ਸਿੰਘ ਸੋਢੀ ਮੋਰਿੰਡੇ ਵਾਲੇ
ਬੇਨਤੀ ਕਰਤਾ: ਦਾਸ ਸੁਰਿੰਦਰਪਾਲ ਸਿੰਘ ਸੋਢੀ (ਮੋਰਿੰਡੇ ਵਾਲੇ) ਅਤੇ ਸਮੂਹ ਨਗਰ ਨਿਵਾਸੀ ਸਾਧ ਸੰਗਤ ਪਿੰਡ ਮੜੌਲੀ ਕਲਾਂ 84373-90114




ਸਰਬ ਰੋਗ ਕਾ ਅਉਖਦ ਨਾਮੁ ॥
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ ॥
ਆਓ ਅੰਮ੍ਰਿਤ ਛਕੀਏ, ਸਿੰਘ ਸਜੀਏ
ਆਓ ਅੰਮ੍ਰਿਤ ਛਕੀਏ, ਸਿੰਘ ਸਜੀਏ
ਮਹਾਨ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ
ਕਥਾ ਕੀਰਤਨ ਦਰਬਾਰ 4 ਅਤੇ 5 ਅਪ੍ਰੈਲ, ਰਾਤ 6 ਤੋਂ 9 ਵਜੇ ਤੱਕ ਹੋਵੇਗਾ
ਅੰਮ੍ਰਿਤ ਸੰਚਾਰ ਮਿਤੀ 6 ਅਪ੍ਰੈਲ 2025 ਦਿਨ ਐਤਵਾਰ
ਸਵੇਰੇ 10.00 ਵਜੇ
ਸਥਾਨ: ਗੁਰਦੁਆਰਾ ਸਾਹਿਬ, ਪਿੰਡ ਰਾਜੀਆ (ਬਰਨਾਲਾ)
ਅੰਮ੍ਰਿਤ ਅਭਿਲਾਖੀ ਸੰਗਤਾਂ ਸਮੇਂ ਸਿਰ ਪਹੁੰਚ ਕੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕਰਨ ਜੀ।
ਅੰਮ੍ਰਿਤਪਾਨ ਕਰਨ ਵਾਲੇ ਪ੍ਰਾਣੀਆਂ ਨੂੰ ਕਕਾਰ ਭੇਟਾ ਰਹਿਤ (ਫਰੀ) ਦਿੱਤੇ ਜਾਣਗੇ।
ਭਾਈ ਅਮਨਦੀਪ ਸਿੰਘ ਬਡਬਰ 97000-41005
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਪ੍ਰਧਾਨ ਪਰਮਜੀਤ ਸਿੰਘ 93113-00013
WATCH ON facebook/youtube
Khals MEDIA ਖਾਲਸ ਮੀਡੀਆ
ਵੱਲੋਂ: ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ, ਸਮੂਹ ਨਗਰ ਨਿਵਾਸੀ ਅਤੇ ਇਲਾਕਾ ਨਿਵਾਸੀ ਸਿੱਖ ਸੰਗਤਾਂ ਪਿੰਡ ਰਾਜੀਆ (ਬਰਨਾਲਾ)
ਵਿਸ਼ੇਸ਼ ਸਹਿਯੋਗ: ਸਿੱਖ ਵਿਰਸਾ ਦਲ, ਪੰਜਾਬ
ਸੰਪਰਕ ਨੰਬਰ: 98141-09794, 95699-91433
ਪਹੁੰਚ ਰਹੇ: ਬਾਬਾ ਰਣਜਿੰਦਰ ਸਿੰਘ ਜੀ ਖਾਲਸਾ ਫਾਰਮ ਭੀਖੀ ਵਾਲੇ
98768-88083

# ਅਪੀਲ

**ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਯੋਗਤਾ, ਨਿਯੁਕਤੀ, ਕਾਰਜ-ਖੇਤਰ, ਜ਼ਿੰਮੇਵਾਰੀਆਂ ਤੇ ਸੇਵਾ-ਮੁਕਤੀ ਸੰਬੰਧੀ ਨਿਯਮਾਵਲੀ ਬਣਾਉਣ ਲਈ ਸਿੱਖ ਪੰਥ ਦੀਆਂ ਸਮੂਹ ਜਥੇਬੰਦੀਆਂ, ਦਮਦਮੀ ਟਕਸਾਲ, ਨਿਹੰਗ ਸਿੰਘ ਦਲਾਂ, ਆਲਮੀ ਸਿੱਖ ਸੰਸਥਾਵਾਂ, ਸਿੰਘ ਸਭਾਵਾਂ, ਦੀਵਾਨਾਂ, ਸਭਾ ਸੁਸਾਇਟੀਆਂ ਅਤੇ ਦੇਸ਼-ਵਿਦੇਸ਼ ਵਿਚ ਵੱਸਦੇ ਸਿੱਖ ਵਿਦਵਾਨਾਂ ਅਤੇ ਬੁੱਧੀਜੀਵੀਆਂ ਨੂੰ ਆਪਣੇ ਸੁਝਾਅ ਭੇਜਣ ਦੀ ਅਪੀਲ ਕੀਤੀ ਜਾਂਦੀ ਹੈ।**



ਇਹ ਸੁਝਾਅ
ਮਿਤੀ 20 ਅਪ੍ਰੈਲ 2025 ਤੱਕ
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਨੂੰ ਦਸਤੀ ਰੂਪ ਵਿੱਚ ਜਾਂ
ਅਧਿਕਾਰਤ ਈਮੇਲ
info@sgpc.net ਅਤੇ
ਵੱਟਸਐਪ ਨੰਬਰ 77101-36200
'ਤੇ ਭੇਜੇ ਜਾਣ।

ਆਵਾਜ਼ਿ ਕੌਮ AWAZE QAUM International Newspaper & WEB TV

**ਵੱਲੋਂ: ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ**
ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ


## Gurdwara Sahib Shaeed Baba Deep Singh ji Casalmorano Cremona (Italy)





# ਮਹਾਨ ਗੁਰਮਤਿ ਸਮਾਗਮ

ਜਨਮ ਦਿਹਾੜਾ ਬੇਬੇ ਨਾਨਕੀ ਜੀ ਗੁ: ਸੁਲਤਾਨਪੁਰ ਲੋਧੀ (ਕਪੂਰਥਲਾ)



☛ ਜੋਤੀ ਜੋਤ: ਬਾਬਾ ਗੁਰਦਿੱਤਾ ਸਾਹਿਬ ਜੀ। ☛ ਜੋਤੀ ਜੋਤ : ਧੰਨ ਸ਼੍ਰੀ ਗੁਰੂ ਅੰਗਦ ਦੇਵ ਸਾਹਿਬ ਜੀ। ☛ ਜੋਤੀ ਜੋਤ : ਧੰਨ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਜਾਣਗੇ।

**☛ 5 ਅਪ੍ਰੈਲ ਦਿਨ ਸ਼ਨਿੱਚਰਵਾਰ ਸ਼ਾਮ 5 ਵਜੇ ਤੋਂ 8 ਵਜੇ ਤੱਕ ਦੀਵਾਨ ਸਜਣਗੇ।**

☛ 6 ਅਪ੍ਰੈਲ 2025 ਦਿਨ ਐਤਵਾਰ ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ। ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਗਿਆਨੀ ਸੁਰਜੀਤ ਸਿੰਘ ਖੰਡੇਵਾਲੇ ਗੁਰਬਾਣੀ ਕਥਾ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

### ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਨੇ ਆਪਣੇ 28 ਵੇਂ ਸਾਲਾਨਾ ਸਥਾਪਨਾ ਦਿਵਸ ਨੂੰ ਸਮਰਪਿਤ

# ਸ਼ੁਕਰਾਨੇ ਵਜੋਂ ਗੁਰਮਤਿ ਸਮਾਗਮ ਕਰਵਾਇਆ






**ਜੰਡਿਆਲਾ ਗੁਰੂ, 4 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)**-ਅੱਜ ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਵਿੱਚ ਸਕੂਲ ਦਾ 28ਵਾਂ ਸਾਲ ਸਥਾਪਨਾ ਦਿਵਸ ਬੜੀ ਸ਼ਰਧਾ ਭਾਵਨਾ ਤੇ ਪਿਆਰ ਨਾਲ ਮਨਾਇਆ ਗਿਆ । ਇਸ ਸਥਾਪਨਾ ਦਿਵਸ ਨੂੰ ਸਮਰਪਿਤ ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸ਼ੁਕਰਾਨਾ ਕਰਦਿਆਂ ਹੋਇਆਂ ਮਿਤੀ 2 ਅਪ੍ਰੈਲ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਆਰੰਭ ਕੀਤੇ ਗਏ ਅਤੇ ਅੱਜ ਮਿਤੀ 4 ਅਪ੍ਰੈਲ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਭੋਗ ਤੋਂ ਉਪਰੰਤ ਸਕੂਲ ਦੇ ਸ਼ਾਨਦਾਰ ਆਡੀਟੋਰੀਅਮ ਵਿੱਚ ਧੁਰ ਕੀ ਬਾਣੀ ਇਲਾਹੀ ਬਾਣੀ ਜੀ ਦਾ ਬੱਚਿਆਂ ਨੇ ਰਸ ਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ । ਇਸ ਮੌਕੇ ਸੰਤ ਬਾਬਾ ਪਰਮਾਨੰਦ ਜੀ ਮੁੱਖ ਸੰਚਾਲਕ ਸ੍ਰੀ ਗੁਰੂ ਬਾਬਾ ਹੰਦਾਲ ਜੀ,ਅਤੇ ਗਿਆਨੀ ਗੁਰਬਚਨ ਸਿੰਘ ਜੀ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ,ਵਿਸ਼ੇਸ਼ ਤੌਰ ਤੇ ਪਹੁੰਚੇ ਅਤੇ ਉਹਨਾਂ ਨੇ ਸੰਗਤਾਂ ਨੂੰ ਆਪਣੇ ਅਨਮੋਲ ਬਚਨਾ ਰਾਹੀਂ ਆਸ਼ੀਰਵਾਦ ਦਿੱਤਾ। ਇਸ ਮੌਕੇ ਤੇ ਸਿਗਨੇਚਰ ਗਰੀਨ ਦੇ ਸੰਸਥਾਪਕ ਕਾਬਲ ਸਿੰਘ ,ਸਰਪੰਚ ਕਿਰਪਾਲ ਸਿੰਘ ਰਾਮ ਦੀਵਾਲੀ ਪ੍ਰਧਾਨ ਕੰਬੋਜ ਸਭਾ ਜੀ ,ਸ੍ਰੀ ਸੁਨੀਲ ਪਾਸੀ ਜੀ ਪ੍ਰਧਾਨ ਮਾਰਕੀਟ ਕਮੇਟੀ ਜੰਡਿਆਲਾ ਗੁਰੂ ,ਸਾਬਕਾ ਨਗਰ ਕੌਂਸਲ ਪ੍ਰਧਾਨ ਸ੍ਰੀ ਰਾਜ ਕੁਮਾਰ ਮਲਹੋਤਰਾ ਜੀ ,ਚੇਅਰਮੈਨ ਜਸਪਿੰਦਰ ਸਿੰਘ ਕਾਹਲੋਂ ਐਸ ਐਸ ਈਸੀ ਮਜੀਠਾ ,ਡਾਕਟਰ ਹਰਜਿੰਦਰ ਸਿੰਘ, ਡਾ:ਨਿਰਮਲ ਸਿੰਘ , ਐਡਵੋਕੇਟਅਮਰੀਕ ਸਿੰਘ ਮਲਹੋਤਰਾ , ਵਰੁਣ ਭੰਡਾਰੀ ਚਵਿੰਡਾ ਦੇਵੀ, ਸ:ਇਕਬਾਲ ਸਿੰਘ ਕੰਬੋਜ, ਸ:ਹਰਬੀਰ ਸਿੰਘ ਕੰਬੋਜ ,ਸ: ਕੁਲਵੰਤ ਸਿੰਘ ਬਾਘਾ ਪੁਰਾਣਾ, ਡਾਇਰੈਕਟਰ ਅਮਨਦੀਪ ਕੌਰ ਸੈਂਟ ਸੋਲਜਰ ਸਕੂਲ ਮਜੀਠਾ,ਸਰਪੰਚ ਕੰਵਲਜੀਤ ਸਿੰਘ ਧਾਰੜ ,ਪੰਡਿਤ ਕਿਸ਼ਨ ਦਵੇਸਰ ਜੀ, ਅਵਤਾਰ ਸਿੰਘ ਐਮ ਸੀ ,ਡਾ: ਰੁਪਿੰਦਰ ਪਾਲ ਸਿੰਘ ,ਸ੍ਰੀ ਰਜਨੀਸ਼ ਜੈਨ ਜੀ ,ਗੁਲਸ਼ਨ ਜੈਨ ਜੀ ਅਤੇ ਸਮੂਹ ਪੱਤਰਕਾਰ ਭਾਈਚਾਰਾ ਆਦਿ ਵਿਸ਼ੇਸ਼ ਤੌਰ ਤੇ ਹਾਜਰ ਹੋਏ।ਉਪਰੰਤ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ: ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਪ੍ਰਿੰਸੀਪਲ ਅਮਰਪ੍ਰੀਤ ਕੌਰ ਜੀ ਵੱਲੋਂ ਆਈਆਂ ਹੋਈਆਂ ਸੰਗਤਾਂ ਨੂੰ ਜੀ ਆਇਆ ਆਖਿਆ ਅਤੇ ਧੰਨਵਾਦ ਕੀਤਾ ।ਇਸ ਮੌਕੇ ਤੇ ਆਈਆਂ ਸਰਬੱਤ ਸੰਗਤਾਂ ਨੂੰ ਗੁਰੂ ਸਾਹਿਬ ਜੀ ਦਾ ਅਤੁੱਟ ਲੰਗਰ ਵਰਤਾਇਆ ਗਿਆ।।

**ਸਕੂਲ ਦੇ ਬੱਚਿਆਂ ਨੇ ਰਸਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ**

### ਸੇਫ ਸਕੂਲ ਵਾਹਨ ਪਾਲਿਸੀ ਤਹਿਤ ਸਕੂਲੀ ਵਾਹਨਾਂ ਦੀ ਕੀਤੀ ਚੈਕਿੰਗ

# ਉਲੰਘਣਾ ਕਰਨ ਵਾਲੇ 13 ਸਕੂਲੀ ਵਾਹਨਾਂ ਦੇ ਚਲਾਨ ਕੱਟੇ






**ਫ਼ਿਰੋਜ਼ਪੁਰ, 4 ਅਪ੍ਰੈਲ (ਸੁਖਮੰਦਰ ਸਿੰਘ ਸ਼ਾਤ)**-ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਹੁਕਮਾਂ ਤਹਿਤ ਅਤੇ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਦੀਪਸ਼ਿਖਾ ਸ਼ਰਮਾ (ਆਈ.ਏ.ਐਸ.) ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਫ਼ਿਰੋਜ਼ਪੁਰ ਵੱਲੋਂ ਟਾਸਕ ਫੋਰਸ ਟੀਮ ਦੇ ਮੈਬਰਾਂ ਦੇ ਸਹਿਯੋਗ ਨਾਲ ਸਾਂਝੇ ਤੌਰ 'ਤੇ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਫਿਰੋਜ਼ਪੁਰ ਛਾਉਣੀ ਵਿਖੇ ਵੱਖ-ਵੱਖ ਸਕੂਲ ਵਾਹਨਾਂ ਦੀ ਚੈਕਿੰਗ ਕੀਤੀ ਗਈ। ਇਸ ਮੌਕੇ ਸੇਫ ਸਕੂਲ ਵਾਹਨ ਪਾਲਿਸੀ ਦੀਆਂ ਸ਼ਰਤਾਂ ਪੂਰੀਆਂ ਨਾ ਕਰਨ ਵਾਲੇ 13 ਸਕੂਲੀ ਵਾਹਨਾਂ ਦੇ ਚਲਾਨ ਕੱਟੇ ਗਏ।

ਇਸ ਮੌਕੇ ਚੈਕਿੰਗ ਟੀਮ ਵੱਲੋਂ ਸਕੂਲੀ ਵਾਹਨਾਂ ਦੇ ਡਰਾਈਵਰਾਂ ਨੂੰ ਇਹ ਗੱਲ ਸਪੱਸ਼ਟ ਕੀਤੀ ਗਈ ਕਿ ਸੇਫ ਸਕੂਲ ਵਾਹਨ ਪਾਲਿਸੀ ਦੀਆਂ ਸ਼ਰਤਾਂ ਪੂਰੀਆ ਨਾ ਕਰਨ ਵਾਲੇ ਵਾਹਨਾਂ ਨੂੰ ਬਖਸ਼ਿਆ ਨਹੀਂ ਜਾਵੇਗਾ ਤੇ ਬਣਦੀ ਕਾਨੂੰਨੀ ਕਾਰਵਾਈ ਯਕੀਨੀ ਬਣਾਈ ਜਾਵੇਗੀ। ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਬਲਜਿੰਦਰ ਕੌਰ ਵੱਲੋਂ ਸਮੇਂ-ਸਮੇਂ 'ਤੇ ਸਕੂਲ ਦੇ ਪ੍ਰਿੰਸੀਪਲ ਅਤੇ ਸਕੂਲ ਵਾਹਨਾਂ ਦੇ ਡਰਾਇਵਰਾਂ ਨੂੰ ਸੇਫ ਸਕੂਲ ਵਾਹਨ ਪਾਲਿਸੀ ਦੀਆਂ ਹਦਾਇਤਾਂ ਜਿਵੇ ਕਿ ਸੀ.ਸੀ.ਟੀ.ਵੀ ਕੈਮਰਾ, ਖਿੜਕੀ ਤੇ ਲੋਹੇ ਦੀ ਗਰਿੱਲ, ਫਸਟ ਏਡ ਬਾਕਸ, ਲੇਡੀ ਕਡੰਕਟਰ ਆਦਿ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ। ਇਸ ਤੋਂ ਇਲਾਵਾ ਸਕੂਲ ਵਾਹਨ ਦੇ ਡਰਾਇਵਰਾਂ ਕੋਲ ਵਾਹਨ ਦੇ ਕਾਗਜ਼ਾਤ ਵੀ ਪੂਰੇ ਹੋਣੇ ਚਾਹੀਦੇ ਹਨ ਤਾਂ ਜੋ ਉਨ੍ਹਾਂ ਨੂੰ ਕਿਸੇ ਵੀ ਪ੍ਰਕਾਰ ਦੀ ਸਮੱਸਿਆਵਾਂ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਬੱਚਿਆਂ ਦੀ ਸੁਰੱਖਿਆ ਵਿੱਚ ਕਿਸੇ ਕਿਸਮ ਦੀ ਅਣਗਹਿਲੀ ਬਿਲਕੁਲ ਵੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਮੌਕੇ ਏ.ਟੀ.ਓ. ਰਾਕੇਸ਼ ਕੁਮਾਰ ਬਾਂਸਲ, ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਤੋਂ ਸ੍ਰੀ ਸਤਨਾਮ ਸਿੰਘ, ਸੁਖਪ੍ਰੀਤ ਸਿੰਘ ਅਤੇ ਕਮਲੇਸ਼ ਕੁਮਾਰ, ਸ਼ਿਵਾ ਆਦਿ ਮੌਜੂਦ ਸਨ।

# ਕੇਂਦਰ ਸਰਕਾਰ ਵਲੋਂ ਘੱਟ ਗਿਣਤੀਆਂ ਦੇ ਧਾਰਮਿਕ ਮਸਲਿਆਂ 'ਚ ਦਖਲਅੰਦਾਜੀ ਬੰਦ ਕਰੇ : ਕਰਨੈਲ ਸਿੰਘ ਪੀਰਮੁਹੰਮਦ



**ਨਵੀਂ ਦਿੱਲੀ, 4 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਕੇਂਦਰ ਸਰਕਾਰ ਵੱਲੋ ਘੱਟ ਗਿਣਤੀਆ ਦੇ ਧਾਰਮਿਕ ਮਾਮਲਿਆ ਵਿੱਚ ਦਖਲਅੰਦਾਜ਼ੀ ਕਰਨਾ ਬੇਹੱਦ ਦੁੱਖਦਾਈ ਪਹਿਲੂ ਹੈ ਇਹ ਪ੍ਰਤੀਕਿਰਿਆ ਪ੍ਰਗਟ ਕਰਦਿਆ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਰਪ੍ਰਸਤ ਅਤੇ ਸ੍ਰੋਮਣੀ ਅਕਾਲੀ ਦਲ ਦੇ ਜਰਨਲ ਸਕੱਤਰ ਸ੍ਰ ਕਰਨੈਲ ਸਿੰਘ ਪੀਰਮੁਹੰਮਦ ਨੇ ਪੱਤਰਕਾਰਾ ਨਾਲ ਗੱਲਬਾਤ ਕਰਦਿਆ ਕਿਹਾ ਕਿ ਪਹਿਲਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੇਤ ਸਾਡੀਆਂ ਬਾਕੀ ਸਿੱਖ ਸੰਸਥਾਵਾਂ 'ਚ ਦਖਲ ਦਿੱਤਾ ਤੇ ਹੁਣ ਮੁਸਲਿਮ ਭਾਈਚਾਰੇ ਦੇ ਮਸਲਿਆਂ 'ਚ ਦਖਲਅੰਦਾਜੀ ਕੀਤੀ ਜਾ ਰਹੀ ਹੈ । ਸ੍ਰ ਕਰਨੈਲ ਸਿੰਘ ਪੀਰਮੁਹੰਮਦ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਵਕਫ ਬੋਰਡ ਸੋਧ ਬਿੱਲ ਦਾ ਸਖਤ ਵਿਰੋਧ ਕਰਦਾ ਹੈ । ਉਹਨਾਂ ਅਕਾਲੀ ਦਲ ਦੇ ਮੈਂਬਰ ਪਾਰਲੀਮੈਂਟ ਬੀਬਾ ਹਰਸਿਮਰਤ ਕੌਰ ਬਾਦਲ ਦੀ ਸਲਾਘਾ ਕੀਤੀ ਜਿੰਨਾ ਨੇ ਇਸ ਬਿੱਲ ਦਾ ਪਾਰਲੀਮੈਂਟ ਵਿੱਚ ਸਖਤ ਵਿਰੋਧ ਕੀਤਾ ਉਹਨਾਂ ਕਿਹਾ ਕਿ ਜਿਸ ਤਰ੍ਹਾਂ ਭਾਜਪਾ ਸਰਕਾਰ ਨੇ ਸਿੱਖ ਕੌਮ ਦੇ ਤਖ਼ਤ ਸ੍ਰੀ ਹਜ਼ੂਰ ਸਾਹਿਬ ਤੇ ਤਖ਼ਤ ਸ੍ਰੀ ਪਟਨਾ ਸਾਹਿਬ ਦੇ ਪ੍ਰਬੰਧਕੀ ਬੋਰਡਾਂ ਵਿੱਚ ਸਰਕਾਰੀ ਬੰਦੇ ਨਿਯੁਕਤ ਕਰਕੇ ਤੇ ਸ਼੍ਰੋਮਣੀ ਕਮੇਟੀ ਨੂੰ ਤੋੜ ਕੇ ਹਰਿਆਣਾ ਕਮੇਟੀ ਬਣਾ ਕੇ ਉਸ 'ਤੇ ਕਬਜ਼ਾ ਕਰ ਲਿਆ । ਸਾਡੇ ਗੁਰਦੁਆਰਾ ਗਿਆਨ ਗੋਦੜੀ, ਮੰਗੂ ਮੱਠ ਤੇ ਡਾਂਗਮਾਰ ਸਾਹਿਬ ਨੂੰ ਢਾਹ ਦਿੱਤਾ ਗਿਆ ਤੇ ਐਨੇ ਸਾਲਾਂ ਤੋਂ ਚੱਲ ਰਹੇ ਕੇਸਾਂ ਵਿੱਚ ਕੋਈ ਸੁਣਵਾਈ ਨਹੀਂ ਕੀਤੀ ਜਾ ਰਹੀ । ਬਿਲਕੁਲ ਉਸ ਤਰ੍ਹਾਂ ਹੀ ਹੁਣ ਸਰਕਾਰ ਵਕਫ਼ ਬੋਰਡ ਦੇ ਕਾਨੂੰਨਾਂ ਨੂੰ ਬਦਲ ਕੇ ਮੁਸਲਿਮ ਕੌਮ ਨਾਲ ਧ੍ਰੋਹ ਕਮਾਉਣਾ ਚਾਹੁੰਦੀ ਹੈ।

# ਕਿਸਾਨ ਕਣਕ ਦੀ ਕਟਾਈ ਤੋਂ ਪਹਿਲਾਂ ਸਾਵਧਾਨੀ ਵਰਤਣ ਐਸ ਡੀ ਓ ਇੰਜ: ਪ੍ਰਿਤਪਾਲ ਸਿੰਘ



ਧੂਰੀ ( ਰਣਜੀਤ ਸਿੰਘ ਪੇਧਨੀ )-ਧੂਰੀ ਡਵੀਜ਼ਨ ਦੀ ਸਵ ਡਵੀਜ਼ਨ ਕਾਂਝਲਾ ਦੇ ਐੱਸ ਡੀ ਓ ਇੰਜ. ਪ੍ਰਿਤਪਾਲ ਸਿੰਘ ਨੇ ਕਿਹਾ ਕਿ ਕਿਸਾਨ ਕਣਕ ਦੀ ਕਟਾਈ ਤੋਂ ਪਹਿਲਾਂ ਸਾਵਧਾਨੀ ਵਜੋਂ ਖੇਤਾਂ ਵਿੱਚ ਲੱਗੇ ਟ੍ਰਾਂਸਫਾਰਮਰਾਂ ਦੇ ਹੇਠੋਂ ਕਣਕ ਦੀ ਕਟਾਈ ਕਰਕੇ ਰੱਖਣ। ਉਨ੍ਹਾਂ ਕਿਹਾ ਕਿ ਹੁਣ ਕਣਕ ਦੀ ਕਟਾਈ ਦਾ ਸੀਜਨ ਸ਼ੁਰੂ ਹੋਣ ਵਾਲਾ ਤੇ ਤਾਪਮਾਨ ਵਿਚ ਲਗਾਤਾਰ ਵਾਧਾ ਹੋ ਰਿਹਾ ਹੈ ਤੇ ਕਈ ਵਾਰ ਇਸ ਤਰ੍ਹਾਂ ਦੇ ਹਾਲਾਤ ਵਿੱਚ ਖੇਤਾਂ ਵਿੱਚ ਲੱਗੇ ਟ੍ਰਾਂਸਫਾਰਮਰ ਦੇ ਸਵਿੱਚ ਸਪਾਰਕਿੰਗ ਕਰ ਜਾਂਦੇ ਹਨ। ਇਸ ਲਈ ਸਵ ਡਵੀਜ਼ਨ ਕਾਂਝਲਾ ਵਿੱਚ ਪੈਂਦੇ ਕਿਸੇ ਵੀ ਅਣਸੁਖਾਵੀਂ ਘਟਨਾ ਤੋਂ ਬਚਾਓ ਲਈ ਟ੍ਰਾਂਸਫਾਰਮਰ ਦੇ ਹੇਠਾਂ ਤੋਂ ਕਣਕ ਕਟਾਈ ਕਰਨੀ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵੀ ਟਰਾਂਸਫਾਰਮਰ ਦੀ ਸਵਿੱਚ ਸਪਾਰਕਿੰਗ ਕਰਦੀ ਹੈ ਤਾਂ ਇਸਦੀ ਸੂਚਨਾ ਤੁਰੰਤ ਬਿਜਲੀ ਵਿਭਾਗ ਦੇ ਅਧਿਕਾਰੀਆਂ ਜਾਂ ਕਰਮਚਾਰੀ ਨੂੰ ਦਿੱਤੀ ਜਾਵੇ ਤਾਂ ਜੋ ਸਮੇਂ ਸਿਰ ਟ੍ਰਾਂਸਫਾਰਮਰ ਦੀ ਸਵਿੱਚ ਦੀ ਮੁਰੰਮਤ ਕੀਤੀ ਜਾ ਸਕੇ।

# ਵਕਫ ਸੋਧ, ਉਮੀਦ ਬਿੱਲ ਗਰੀਬ ਮੁਸਲਿਮ ਭਾਈਚਾਰੇ ਲਈ ਨਿਆ ਅਤੇ ਤਰੱਕੀ ਦੇ ਰਸਤੇ ਖੋਲੇਗਾ : ਕ੍ਰਿਸਨ ਗੋਪਾਲ ਨੀਲੂ ਮਿੱਤਲ



ਧੂਰੀ ( ਰਣਜੀਤ ਸਿੰਘ ਪੇਧਨੀ ) ਬੁੱਧਵਾਰ ਅੱਧੀ ਰਾਤ ਤੱਕ ਚੱਲੀ ਗਰਮਾ-ਗਰਮ ਬਹਿਸ ਤੋਂ ਬਾਅਦ ਲੋਕ ਸਭਾ ਵਿੱਚ ਵਕਫ਼ ਸੋਧ ਬਿੱਲ ਨੂੰ ਬਹੁਮਤ ਨਾਲ ਪਾਸ ਕਰ ਦਿੱਤਾ ਗਿਆ। ਸੱਤਾਧਾਰੀ ਪਾਰਟੀ ਨੇ ਵਿਰੋਧੀ ਧਿਰ ਦੀ ਹਰ ਦਲੀਲ ਦਾ ਤਰਕਪੂਰਨ ਜਵਾਬ ਦਿੱਤਾ। ਵਕਫ਼ ਬਿੱਲ ਦੀ ਅੰਤਿਮ ਪ੍ਰਵਾਨਗੀ ਤੋਂ ਬਾਅਦ, ਵਕਫ਼ ਬੋਰਡ ਦੀ ਮਨਮਾਨੀ 'ਤੇ ਪੂਰੀ ਤਰ੍ਹਾਂ ਰੋਕ ਲੱਗ ਜਾਵੇਗੀ। ਲਗਭਗ 12 ਘੰਟੇ ਚੱਲੀ ਬਹਿਸ ਤੋਂ ਬਾਅਦ, ਇਸ ਬਿੱਲ ਨੂੰ ਹੇਠਲੇ ਸਦਨ ਨੇ ਪਾਸ ਕਰ ਦਿੱਤਾ ਗਿਆ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਦੇ ਜਿਲ੍ਹਾ ਮੀਤ ਪ੍ਰਧਾਨ ਕ੍ਰਿਸਨ ਗੋਪਾਲ ਨੀਲੂ ਮਿੱਤਲ ਨੇ ਕੀਤਾ। ਉਨ੍ਹਾਂ ਕਿਹਾ ਕਿ ਇਸ ਨਾਲ ਗਰੀਬ ਮੁਸਲਿਮ ਪਰਿਵਾਰਾਂ ਨੂੰ ਫਾਇਦਾ ਹੋਵੇਗਾ, ਇਹ ਸਾਡੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸੋਚ ਹੈ। ਸਾਡੇ ਪ੍ਰਧਾਨ ਮੰਤਰੀ ਆਖਰੀ ਕੋਨੇ ਵਿਚ ਬੈਠੇ ਵਿਅਕਤੀ ਬਾਰੇ ਵੀ ਸੋਚਦੇ ਹਨ। ਉਨ੍ਹਾਂ ਦੱਸਿਆ ਕਿ ਵਕਫ਼ (ਸੋਧ) ਬਿੱਲ 2025 ਲੋਕ ਸਭਾ ਵਿੱਚ ਪਾਸ ਹੋ ਗਿਆ। ਬਿੱਲ ਦੇ ਹੱਕ ਵਿੱਚ 288 ਵੋਟਾਂ ਪਈਆਂ, ਜਦੋਂ ਕਿ ਬਿੱਲ ਦੇ ਵਿਰੋਧ ਵਿੱਚ 232 ਵੋਟਾਂ ਪਈਆਂ। ਇਸ ਬਿੱਲ ਵਿੱਚ ਮੁਸਲਿਮ ਸਮਾਜ ਦੇ ਸਾਰੇ ਵਰਗਾਂ ਅਤੇ ਮੁਸਲਿਮ ਔਰਤਾਂ ਨੂੰ ਸਥਾਨ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਵਿਰੋਧੀ ਧਿਰ ਵੱਲੋਂ ਵਕਫ਼ ਸੋਧ ਐਕਟ ਦੇ ਪਾਸ ਹੋਣ ਤੋਂ ਬਾਅਦ ਇਸਨੂੰ ਸਵੀਕਾਰ ਨਾ ਕਰਨ ਦੀ ਧਮਕੀ ਦਾ ਜਵਾਬ ਦਿੱਤਾ।

ਅਮਿਤ ਸ਼ਾਹ ਨੇ ਕਿਹਾ ਕਿ ਇਹ ਸੰਸਦ ਦੁਆਰਾ ਪਾਸ ਕੀਤਾ ਗਿਆ ਕਾਨੂੰਨ ਹੋਵੇਗਾ ਅਤੇ ਸਾਰਿਆਂ ਨੂੰ ਇਸਦਾ ਪਾਲਣ ਕਰਨਾ ਪਵੇਗਾ। ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਸਾਡੇ 'ਤੇ ਮੁਸਲਮਾਨਾਂ ਨੂੰ ਵੰਡਣ ਦਾ ਦੋਸ਼ ਲਗਾ ਰਹੀ ਹੈ, ਜਦੋਂ ਕਿ ਮੁਸਲਮਾਨਾਂ ਨੂੰ ਵੰਡਣ ਦਾ ਕੰਮ ਉਨ੍ਹਾਂ ਲੋਕਾਂ ਨੇ ਕੀਤਾ ਜੋ ਅੱਜ ਵਿਰੋਧੀ ਧਿਰ ਵਿੱਚ ਹਨ। ਤੁਸੀਂ ਸ਼ੀਆ ਲਈ ਇੱਕ ਵੱਖਰਾ ਬੋਰਡ ਬਣਾਇਆ ਅਤੇ ਸੁੰਨੀ ਲਈ ਇੱਕ ਵੱਖਰਾ ਬੋਰਡ। ਅਸੀਂ ਸਾਰਿਆਂ ਨੂੰ ਇਕਜੁੱਟ ਕਰ ਰਹੇ ਹਾਂ। ਉਨਾ ਕਿਹਾ ਕਿ ਇਸ ਬਿੱਲ ਨੂੰ ਉਪਰਲੇ ਸਦਨ ਯਾਨੀ ਰਾਜ ਸਭਾ ਵਿੱਚ ਅੱਜ ਭੇਜਿਆ ਜਾਵੇਗਾ। ਜੇਕਰ ਰਾਜ ਸਭਾ ਕੋਈ ਸੁਝਾਅ ਦਿੰਦੀ ਹੈ ਤਾਂ ਇਸਨੂੰ ਪ੍ਰਵਾਨਗੀ ਲਈ ਲੋਕ ਸਭਾ ਨੂੰ ਵਾਪਸ ਭੇਜਿਆ ਜਾਵੇਗਾ। ਜੇਕਰ ਰਾਜ ਸਭਾ ਇਸਨੂੰ ਬਿਨਾਂ ਕੋਈ ਸੁਝਾਅ ਦਿੱਤੇ ਬਹੁਮਤ ਨਾਲ ਪਾਸ ਕਰ ਦਿੰਦੀ ਹੈ, ਤਾਂ ਇਸਨੂੰ ਰਾਸ਼ਟਰਪਤੀ ਕੋਲ ਭੇਜਿਆ ਜਾਵੇਗਾ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243
ਆਵਾਜ਼ਿ ਕੌਮ AWAZE QAUM International Newspaper & WEB TV

### ਸਿਵਲ ਹਸਪਤਾਲ ਤਲਵੰਡੀ ਸਾਬੋ ਵੱਲੋਂ

# ਭੂਰੋ ਕੌਰ ਦਰਜਾ ਚਾਰ ਨੂੰ ਧੂਮਧਾਮ ਨਾਲ ਦਿੱਤੀ ਗਈ ਵਿਦਾਇਗੀ ਪਾਰਟੀ



ਤਲਵੰਡੀ ਸਾਬੋ, 4 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਸਥਾਨਕ ਸ਼ਹੀਦ ਬਾਬਾ ਦੀਪ ਸਿੰਘ ਸਰਕਾਰੀ ਹਸਪਤਾਲ ਦੀ ਕਰਮਚਾਰਨ ਸ਼੍ਰੀਮਤੀ ਭੂਰੋ ਕੌਰ ਦਰਜਾ ਚਾਰ ਦੀ ਰਿਟਾਇਰਮੈਂਟ ਪਾਰਟੀ ਦਾ ਆਯੋਜਨ ਕੀਤਾ ਗਿਆ। ਉਹਨਾਂ ਦੀ ਰਿਟਾਇਰਮੈਂਟ ਦਾ ਪ੍ਰੋਗਰਾਮ ਅੱਜ ਬਾਅਦ ਦੁਪਹਿਰ ਡਿਊਟੀ ਸਮੇਂ ਤੋਂ ਬਾਅਦ 3:15 ਵਜੇ ਸ਼ੁਰੂ ਹੋਇਆ, ਇਸ ਪ੍ਰੋਗਰਾਮ ਦੀ ਪ੍ਰਧਾਨਗੀ ਸਿਵਲ ਡਵੀਜ਼ਨਲ ਹਸਪਤਾਲ ਤਲਵੰਡੀ ਸਾਬੋ ਦੇ ਮਾਨਯੋਗ ਐੱਸ.ਐੱਮ.ਓ ਡਾ.ਰਵੀਕਾਂਤ ਗੁਪਤਾ ਦੁਆਰਾ ਕੀਤੀ ਗਈ। ਇਸ ਪ੍ਰੋਗਰਾਮ ਦੇ ਮੁੱਖ ਮਹਿਮਾਨ ਵਜੋਂ ਸ਼੍ਰੀਮਤੀ ਭੂਰੋ ਕੌਰ ਹਾਜ਼ਰ ਹੋਏ। ਇਸ ਪ੍ਰੋਗਰਾਮ ਵਿੱਚ ਉਹਨਾਂ ਦੇ ਬੇਟੇ, ਬੇਟੀਆਂ ਅਤੇ ਜਵਾਈ, ਜਿੰਨਾਂ ਵਿੱਚੋਂ ਇੱਕ ਬੈਂਕ ਮੈਨੇਜਰ ਅਤੇ ਦੂਜੇ ਪਟਵਾਰੀ ਦੇ ਵਜੋਂ ਤਾਇਨਾਤ ਹਨ ਅਤੇ ਸਮੂਹ ਪਰਿਵਾਰ ਸਮੇਤ ਪਾਰਟੀ ਪ੍ਰੋਗਰਾਮ ਵਿੱਚ ਸ਼ਮੂਲੀਅਤ ਕੀਤੀ ਗਈ। ਇਸ ਸਮੇਂ ਡਾਕਟਰ ਜਸਵੀਰ ਕੌਰ, ਡਾ. ਹਰਵਿੰਦਰ ਬਖਸ਼ੀ, ਡਾ. ਤਜਿੰਦਰ ਕੌਰ, ਡਾ. ਮਾਨਸੀ, ਡਾ. ਅੰਕੁਰ, ਮਿਸ ਮੰਜੂ, ਸਮੂਹ ਨਰਸਿੰਗ ਸਟਾਫ ਅਤੇ ਪੈਰਾਮੈਡੀਕਲ ਸਟਾਫ ਹਾਜਰ ਸਨ। ਇਸ ਮੌਕੇ ਬੁਲਾਰਿਆਂ ਦੇ ਵਿੱਚ ਡਾ. ਜਗਰੂਪ ਸਿੰਘ, ਸ਼੍ਰੀ ਵੀਰਭਾਨ, ਸ਼੍ਰੀ ਬਲਦੇਵ ਸਿੰਘ ਰੋਮਾਣਾ, ਸ਼੍ਰੀ ਰਾਜੇਸ਼ ਕੁਮਾਰ ਮੌੜ, ਸ਼੍ਰੀਮਤੀ ਰਮਨਦੀਪ ਕੌਰ, ਸ਼੍ਰੀਮਤੀ ਭੁਪਿੰਦਰਪਾਲ ਕੌਰ ਵੱਲੋਂ ਸਮੂਹ ਸਟਾਫ ਅਤੇ ਪਰਿਵਾਰਿਕ ਮੈਂਬਰਾਂ ਨੂੰ ਸੰਬੋਧਨ ਕੀਤਾ ਗਿਆ ਅਤੇ ਉਹਨਾਂ ਵੱਲੋਂ ਸ਼੍ਰੀਮਤੀ ਭੂਰੋ ਕੌਰ ਜੀ ਦੀ ਜੀਵਨੀ ਕਿੰਨੀ ਸੰਘਰਸ਼ਮਈ ਰਹੀ ਬਾਰੇ ਚਾਨਣਾ ਪਾਇਆ ਗਿਆ ਅਤੇ ਉਹਨਾਂ ਵੱਲੋਂ ਆਪਣੀ ਡਿਊਟੀ ਬੜੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਈ ਬਾਰੇ ਦੱਸਿਆ ਗਿਆ। ਇਸ ਸਮੇਂ ਉਹਨਾਂ ਵੱਡੇ ਜਵਾਈ ਸ਼੍ਰੀ ਅਮਰਦੀਪ ਸਿੰਘ ਬੈਂਕ ਮੈਨੇਜਰ ਵੱਲੋਂ ਸਮੂਹ ਸਟਾਫ ਨੂੰ ਸੰਬੋਧਨ ਕੀਤਾ ਗਿਆ ਅਤੇ ਸਮੂਹ ਸਟਾਫ ਵੱਲੋਂ ਸੋਹਣੇ ਢੰਗ ਨਾਲ ਉਲੀਕੀ ਗਈ ਵਿਦਾਇਗੀ ਪਾਰਟੀ ਵਜੋਂ ਧੰਨਵਾਦ ਵੀ ਕੀਤਾ। ਅੰਤ ਵਿੱਚ ਸਮਾਨਯੋਗ ਐੱਸ.ਐੱਮ.ਓ ਡਾ. ਰਵੀ ਕਾਂਤ ਗੁਪਤਾ ਵੱਲੋਂ ਪ੍ਰੋਗਰਾਮ ਦੇ ਸਮਾਪਤੀ ਸਬਦ ਬੋਲੇ ਗਏ ਅਤੇ ਸ਼੍ਰੀਮਤੀ ਭੂਰੋ ਕੌਰ ਇੱਕ ਮਾਂ ਦਾ ਦਰਜਾ ਦੇ ਕੇ ਸਨਮਾਨ ਦਿੱਤਾ ਗਿਆ। ਨਾਲ ਹੀ ਉਹਨਾਂ ਵੱਲੋਂ ਭੂਰੋ ਕੌਰ ਦੇ ਸੇਵਾ ਕਾਲ ਦੀ ਪ੍ਰਸ਼ੰਸ਼ਾ ਕੀਤੀ ਅਤੇ ਹਮੇਸ਼ਾ ਉਹਨਾਂ ਨੂੰ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਗਿਆ। ਇਸ ਸਮੇਂ ਐਸ.ਐਮ.ਓ ਰਵੀਕਾਂਤ ਵੱਲੋਂ ਆਪਣੇ ਥੋੜੇ ਸਮੇਂ ਦੇ ਕਾਰਜਕਾਲ ਦੀ ਉਪਲੱਬਧੀਆਂ ਦੀ ਜਾਣਕਾਰੀ ਦਿੱਤੀ ਗਈ ਅਤੇ ਸਿਵਲ ਹਸਪਤਾਲ ਨੂੰ ਨੰਬਰ 1 ਬਣਾਉਣ ਦਾ ਵਾਅਦਾ ਕੀਤਾ ਅਤੇ ਨਾਲ ਹੀ ਸਮੂਹ ਸਟਾਫ ਤੋਂ ਸੰਸਥਾ ਵਿੱਚ ਏਕੇ ਨਾਲ ਕੰਮ ਕਰਨ ਅਤੇ ਸਮੂਹ ਸੰਸਥਾ ਦੇ ਸਟਾਫ ਨੂੰ ਭਾਈਚਾਰਕ ਸਾਂਝ ਨਾਲ ਰਹਿਣ ਦਾ ਸੁਨੇਹਾ ਦਿੱਤਾ। ਉਹਨਾਂ ਵੱਲੋਂ ਸਿਹਤ ਸਹੂਲਤਾਂ ਦਾ ਮਿਆਰ ਉੱਚਾ ਚੁੱਕਣ ਲਈ ਵਧੀਆ ਲਗਨ ਨਾਲ ਕੰਮ ਕਰਨ ਦਾ ਭਰੋਸਾ ਵੀ ਲਿਆ। ਪ੍ਰੋਗਰਾਮ ਵਿੱਚ ਸਟੇਜ ਸਕੱਤਰ ਦੀ ਭੂਮਿਕਾ ਅਮਨਦੀਪ ਸਿੰਘ ਗਿਆਨਾ ਵੱਲੋਂ ਨਿਭਾਈ ਗਈ। ਇਸ ਸਮੇਂ ਲੰਗਰ ਅਤੇ ਰਿਟਾਇਰਮੈਂਟ ਕਮੇਟੀ ਦੇ ਮੈਂਬਰ ਜਗਨਦੀਪ ਸਿੰਘ, ਰਾਕੇਸ਼ ਕੁਮਾਰ, ਬਲਜੀਤ ਸਿੰਘ, ਅਮਰਜੀਤ ਕੌਰ, ਧਰਮਿੰਦਰ ਕੁਮਾਰ, ਰਾਧੇ ਕੁਮਾਰ, ਸ਼ਰਨਜੀਤ ਕੌਰ, ਬਲਵੀਰ ਕੌਰ, ਨਿਰਮਲਜੀਤ ਸਿੰਘ, ਗੁਰਸੇਵਕ ਸਿੰਘ, ਕੁਲਦੀਪ ਸੰਗਤ, ਬਲਦੇਵ ਸਿੰਘ ਰੋਮਾਣਾ, ਵੀਰਭਾਨ, ਵੀਰਪਾਲ ਕੌਰ ਸਟਾਫ, ਨਿਰਮਲ ਫਾਰਮਾਸਿਸਟ, ਵੀਰਪਾਲ ਕੌਰ, ਮਨਦੀਪ ਕੌਰ, ਪਾਲ ਸਿੰਘ, ਹਰਪ੍ਰੀਤ ਸਿੰਘ ਆਦਿ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਜੰਡਿਆਲਾ ਗੁਰੂ ਵਿਖੇ ਲੋਕ ਨਿਰਮਾਣ ਮੰਤਰੀ ਸ੍ਰ ਈ ਟੀ ਓ ਵੱਲੋਂ

# ਵੈਰੋਵਾਲ ਰੋਡ ਦੀ 10 ਕਰੋੜ ਨਾਲ ਸਪੈਸ਼ਲ ਰਿਪੇਅਰ ਦੇ ਕੰਮ ਦਾ ਕੀਤਾ ਉਦਘਾਟਨ




**ਜੰਡਿਆਲਾ ਗੁਰੂ, 4 ਅਪ੍ਰੈਲ (ਕੁਲਵੰਤ ਸਿੰਘ ਵਿਰਦੀ)**-ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਨੂੰ ਮੁਢਲੀਆਂ ਸਹੂਲਤਾਂ ਪ੍ਰਦਾਨ ਕਰਨ ਲਈ ਵੱਚਨਬੱਧ ਹੈ ਅਤੇ ਕਿਸੇ ਵੀ ਸੂਬੇ ਦੀ ਤਰੱਕੀ ਸੜਕਾਂ ਦੇ ਜਾਲ ਅਤੇ ਲੋਕਾਂ ਨੂੰ ਮਿਲ ਰਹੀਆਂ ਸਹੂਲਤਾਂ ਤੋ ਪਤਾ ਲਗਦੀ ਹੈ। ਇੰਨਾਂ ਸ਼ਬਦਾਂ ਦਾ ਪ੍ਰਗਟਾਵਾ ਲੋਕ ਨਿਰਮਾਣ ਮੰਤਰੀ ਸ: ਹਰਭਜਨ ਸਿੰਘ ਈ.ਟੀ.ਓ ਨੇ ਕਰੀਬ 10 ਕਰੋੜ ਰੁਪਏ ਦੀ ਲਾਗਤ ਨਾਲ ਜੰਡਿਆਲਾ ਵੈਰੋਵਾਲ ਰੋਡ ਦੀ ਸਪੈਸ਼ਲ ਰਿਪੇਅਰ ਦੇ ਕੰਮ ਦਾ ਉਦਘਾਟਨ ਕੀਤਾ ਅਤੇ ਦੱਸਿਆ ਕਿ ਇਸ ਸੜਕ ਦੀ ਕੁਲ ਲੰਬਾਈ 16.40 ਕਿਲੋਮੀਟਰ ਹੈ ਅਤੇ ਇਸ ਦੀ 5 ਸਾਲ ਦੀ ਮੈਨਟੀਨੈਂਸ ਵੀ ਸਬੰਧਤ ਠੇਕੇਦਾਰ ਵਲੋ ਕੀਤੀ ਜਾਵੇਗੀ।ਸ: ਈ.ਟੀ.ਓ ਨੇ ਦੱਸਿਆ ਕਿ ਉਕਤ ਸੜਕ ਅੰਮ੍ਰਿਤਸਰ ਅਤੇ ਤਰਨਤਾਰਨ ਦੇ ਖੇਤਰ ਨੂੰ ਆਪਸ ਵਿਚ ਜੋੜਦੀ ਹੈ। ਉਨਾਂ ਦੱਸਿਆ ਕਿ ਸੜਕ ਦੇ ਬਣਨ ਨਾਲ ਆਮ ਲੋਕਾਂ ਨੂੰ ਆਵਾਜਾਈ ਵਿਚ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਮਣਾ ਨਹੀ ਕਰਨਾ ਪਵੇਗਾ ਅਤੇ ਇਸ ਸੜਕ ਦੀ ਸਪੈਸ਼ਲ ਰਿਪੇਅਰ ਨਾਲ ਲੋਕਾਂ ਦੀ ਆਵਾਜਾਈ ਕਾਫੀ ਆਸਾਨ ਹੋ ਜਾਵੇਗੀ। ਸ: ਈ.ਟੀ.ਓ ਨੇ ਦੱਸਿਆ ਕਿ ਇਹ ਸੜਕ 9 ਮਹੀਨਿਆਂ ਵਿਚ ਬਣ ਕੇ ਤਿਆਰ ਹੋ ਜਾਵੇਗੀ । ਇਸ ਉਪਰੰਤ ਲੋਕ ਨਿਰਮਾਣ ਮੰਤਰੀ ਵਲੋ ਜੰਡਿਆਲਾ ਗੁਰੂ ਵਾਸੀਆਂ ਨੂੰ ਸਾਫ ਸੁਥਰਾ ਪਾਣੀ ਮੁਹੱਈਆਂ ਕਰਵਾਉਣ ਦੇ ਉਦੇਸ਼ ਨਾਲ ਅਮੁਰਤ ਸਕੀਮ ਤਹਿਤ ਪ੍ਰਜੈਕਟ ਦਾ ਨੀਹ ਪੱਥਰ ਵੀ ਰੱਖਿਆ। ਉਨਾਂ ਦੱਸਿਆ ਕਿ ਇਸ ਪ੍ਰੋਜੈਕਟ ਦੀ ਕੁਲ ਲਾਗਤ 609.63 ਲੱਖ ਰੁਪਏ ਹੈ ਅਤੇ ਇਸ ਦੇ ਪੂਰਾ ਹੋਣ ਨਾਲ 10 ਕਿਲੋਮੀਟਰ ਦੇ ਘੇਰੇ ਅੰਦਰ ਆਉਦੇ ਲੋਕਾਂ ਨੂੰ ਸਾਫ ਸੁਥਰਾ ਪਾਣੀ ਮੁਹੱਈਆ ਹੋਵੇਗਾ ਉਨਾਂ ਦੱਸਿਆ ਕਿ ਇਸ ਦੇ ਨਾਲ ਹੀ 0.5 ਲੱਖ ਗੈਲਨ ਪਾਣੀ ਦੀ ਟੈਂਕੀ ਦੀ ਉਸਾਰੀ ਵੀ ਕੀਤੀ ਜਾਵੇਗੀ, ਜਿਸ ਨਾਲ ਨਾਲ ਲੱਗਦੀਆਂ ਕਾਲੋਨੀਆਂ ਵਿੰਦਾਵਨ, ਜਾਨੀਆ ਰੋਡ, ਤਾਲ ਕਾਲੋਨੀ, ਜੁਬਲੀ ਰੋਡ ਆਦਿ ਦੇ ਲੋਕਾਂ ਨੂੰ ਸਾਫ ਪੀਣ ਵਾਲਾ ਪਾਣੀ ਮਿਲੇਗਾ। ਉਨ੍ਹਾਂ ਦੱਸਿਆ ਕਿ ਇਸ ਕੰਮ ਨੂੰ 9 ਮਹੀਨੇ ਦਾ ਸਮਾਂ ਲੱਗੇਗਾ। ਸ: ਈ.ਟੀ.ਓ ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਸਾਰੇ ਕੰਮ ਗੁਣਵਤਾ ਭਰਪੂਰ ਹੋਣੇ ਚਾਹੀਦੇ ਹਨ ਅਤੇ ਵਿਕਾਸ ਕਾਰਜਾਂ ਵਿਚ ਕਿਸੇ ਕਿਸਮ ਦੀ ਅਣਗਹਿਲੀ ਅਤੇ ਦੇਰੀ ਬਰਦਾਸ਼ਤ ਨਹੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਸਾਰਾ ਪੈਸਾ ਜਨਤਾ ਦਾ ਪੈਸਾ ਹੈ ਅਤੇ ਜਨਤਾ ਦੇ ਪੈਸੇ ਦਾ ਦੁਰਉਪਯੋਗ ਨਹੀ ਹੋਣ ਦਿੱਤਾ ਜਾਵੇਗਾ। ਉਨਾਂ ਲੋਕਾਂ ਨੂੰ ਵੀ ਅਪੀਲ ਕਰਦਿਆਂ ਕਿਹਾ ਕਿ ਉਹ ਚੱਲ ਰਹੇ ਵਿਕਾਸ ਕਾਰਜਾਂ ਦਾ ਖੁਦ ਵੀ ਧਿਆਨ ਰੱਖਣ ਅਤੇ ਜੇਕਰ ਕੋਈ ਉਣਤਾਈ ਪਾਈ ਜਾਂਦੀ ਹੈ ਤਾਂ ਮੇਰੇ ਧਿਆਨ ਵਿਚ ਲਿਆਂਦਾ ਜਾਵੇ। ਇਸ ਮੌਕੇ ਸ: ਜਰਨੈਲ ਸਿੰਘ, ਸ: ਸਤਿੰਦਰ ਸਿੰਘ, ਸ: ਸਰਬਜੀਤ ਸਿੰਘ ਡਿੰਪੀ, ਸ਼੍ਰੀ ਨਰੇਸ਼ ਪਾਠਕ, ਮਹਿਲਾ ਆਗੂ ਸ੍ਰੀਮਤੀ ਸਰਬਜੀਤ ਕੌਰ ਜੰਡਿਆਲਾ ਗੁਰੂ, ਰੂਬੀ ਥਿੰਦ, ਸ਼੍ਰੀਮਤੀ ਸੁਣੈਨਾ ਰੰਧਾਵਾ,ਸ: ਹਰਪਾਲ ਸਿੰਘ ਚੋਹਾਨ ਤੋ ਇਲਾਵਾ ਵੱਡੀ ਗਿਣਤੀ ਵਿਚ ਆਮ ਆਦਮੀ ਪਾਰਟੀ ਦੇ ਵਰਕਰ ਤੇ ਲੋਕ ਹਾ.ਜਰ ਸਨ।

**ਕਰੀਬ 6 ਕਰੋੜ ਰੁਪਏ ਦੀ ਲਾਗਤ ਨਾਲ ਜੰਡਿਆਲਾ ਗੁਰੂ ਵਾਸੀਆਂ ਨੂੰ ਮਿਲੇਗਾ ਸਾਫ ਪੀਣ ਵਾਲਾ ਪਾਣੀ**

ਆਵਾਜ਼ਿ ਕੌਮ AWAZE QAUM International Newspaper & WEB TV

# ਬੇਅੰਤ ਸਿੰਘ ਹਕੂਮਤ ਸਿੰਘ ਵਾਲਾ ਨੇ ਮਾਰਕੀਟ ਕਮੇਟੀ ਫਿਰੋਜ਼ਪੁਰ ਛਾਉਣੀ ਦੇ ਚੇਅਰਮੈਨ ਦਾ ਅਹੁਦਾ ਸੰਭਾਲਿਆ

### ਪਿੰਡ ਮਹਾਲਮ ਦੀ ਆਮ ਆਦਮੀ ਪਾਰਟੀ ਦੀ ਸਮੂਹ ਟੀਮ ਨੇ ਐਮਐਲਏ ਰਜਨੀਸ਼ ਦਹੀਆ ਅਤੇ ਬੇਅੰਤ ਸਿੰਘ ਹਕੂਮਤ ਵਾਲੇ ਨੂੰ ਅਹੁਦਾ ਸੰਭਾਲਣ ਲਈ ਦਿੱਤੀ ਵਧਾਈ



**ਫ਼ਿਰੋਜ਼ਪੁਰ, 4 ਅਪ੍ਰੈਲ : ਸੁਖਮੰਦਰ ਸਿੰਘ ਸ਼ਾਤ** -ਮਾਣਯੋਗ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ. ਬੇਅੰਤ ਸਿੰਘ ਹਕੂਮਤ ਸਿੰਘ ਵਾਲਾ ਨੂੰ ਮਾਰਕੀਟ ਕਮੇਟੀ ਫਿਰੋਜ਼ਪੁਰ ਛਾਉਣੀ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਵੱਲੋਂ ਅੱਜ ਫਿਰੋਜ਼ਪੁਰ ਦਿਹਾਤੀ ਹਲਕੇ ਦੇ ਵਿਧਾਇਕ ਸ਼੍ਰੀ ਰਜਨੀਸ਼ ਦਹੀਯਾ, ਫ਼ਿਰੋਜ਼ਪੁਰ ਸ਼ਹਿਰੀ ਹਲਕੇ ਦੇ ਵਿਧਾਇਕ ਸ. ਰਣਬੀਰ ਸਿੰਘ ਭੁੱਲਰ, ਗੁਰੂਹਰਸਹਾਏ ਦੇ ਵਿਧਾਇਕ ਸ. ਫੌਜਾ ਸਿੰਘ ਸਰਾਰੀ, ਜੀਰਾ ਦੇ ਵਿਧਾਇਕ ਸ਼੍ਰੀ ਨਰੇਸ਼ ਕਟਾਰੀਆ, ਫਰੀਦਕੋਟ ਦੇ ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ ਅਤੇ ਚੇਅਰਮੈਨ ਪਲਾਨਿੰਗ ਬੋਰਡ ਸ. ਚੰਦ ਸਿੰਘ ਗਿੱਲ ਦੀ ਹਾਜ਼ਰੀ ਵਿੱਚ ਆਪਣਾ ਅਹੁਦਾ ਸੰਭਾਲਿਆ ਗਿਆ। ਇਸ ਮੌਕੇ ਦਫ਼ਤਰ ਮਾਰਕੀਟ ਕਮੇਟੀ ਫਿਰੋਜ਼ਪੁਰ ਛਾਉਣੀ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਵੀ ਕਰਵਾਇਆ ਗਿਆ ਅਤੇ ਉਪਰੰਤ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ। ਆਪਣਾ ਅਹੁਦਾ ਸੰਭਾਲਣ ਮੌਕੇ ਉਨ੍ਹਾਂ ਮਾਣਯੋਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ, ਜ਼ਿਲ੍ਹੇ ਦੇ ਵਿਧਾਇਕਾਂ ਅਤੇ ਪਾਰਟੀ ਲੀਡਰਸ਼ਿਪ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਆਪਣੇ ਅਹੁਦੇ ਦੀ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ, ਤਨਦੇਹੀ ਅਤੇ ਸਮਰਪਣ ਨਾਲ ਨਿਭਾਉਣਗੇ। ਇਸ ਮੌਕੇ ਨੇਕ ਪ੍ਰਤਾਪ ਸਿੰਘ ਬਾਵਾ ਹਿਮਾਂਸ਼ੂ ਠੱਕਰ, ਬਲਰਾਜ ਸਿੰਘ ਕਟੋਰਾ ਚੇਅਰਮੈਨ, ਰਾਜਬਹਾਦਰ ਸਿੰਘ, ਹਰਮੀਤ ਸਿੰਘ ਖਾਈ, ਅਮਰਿੰਦਰ ਸਿੰਘ ਬਰਾੜ, ਮਨਪ੍ਰੀਤ ਸਿੰਘ ਅਟਾਰੀ, ਰੋਬੀ ਸੰਧੂ ਪੀ ਏ, ਪਰਮਜੀਤ ਜੰਮੂ, ਨਿਰਵੈਰ ਸਿੰਘ ਸਿੰਧੀ, ਬਲਵਿੰਦਰ ਸਿੰਘ ਰਾਉਕੇ, ਗੁਰਪ੍ਰੀਤ ਸਿੰਘ ਪਰੈਟੀ, ਮਨਪ੍ਰੀਤ ਸਿੰਘ, ਡਾਕਟਰ ਮਨਜੀਤ ਸਿੰਘ ਮਹਾਲਮ, ਸੁਖਮੰਦਰ ਸਿੰਘ ਸ਼ਾਤ, ਸੁਖਪਾਲ ਸਿੰਘ ਵਕੀਲ, ਗੁਰਨਾਮ ਸਿੰਘ ਮਹਾਲਮ, ਸਵਰਣ ਸਿੰਘ ਮਹਾਲਮ, ਬਲਵਿੰਦਰ ਸਿੰਘ ਨਾਮਧਾਰੀ, ਮੁਖਤਿਆਰ ਸਿੰਘ, ਬਲਜੀਤ ਸਿੰਘ ਬਜਾਜ, ਗੁਰਪ੍ਰੀਤ ਸਿੰਘ ਮਹਾਲਮ, ਕੁਲਦੀਪ ਸਿੰਘ, ਨਿਸ਼ਾਨ ਸਿੰਘ ਸਰਪੰਚ ਅੱਕੂ ਮਸਤੇ ਕੇ, ਆਮ ਆਦਮੀ ਪਾਰਟੀ ਦੇ ਹੋਰ ਅਹੁਦੇਦਾਰ ਅਤੇ ਵਰਕਰ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮਾਸਟਰ ਝਿਰਮਲ ਸਿੰਘ ਰੰਧਾਵਾ ਦੀ ਯਾਦ ਵਿੱਚ ਲੋੜਵੰਦ ਧੀਆ ਦੇ ਆਨੰਦ ਕਾਰਜ ਅੱਜ



**ਬਾਬਾ ਸੁਖਵੰਤ ਸਿੰਘ ਚੰਨਣਕੇ, ਚੌਕ ਮਹਿਤਾ , 4 ਅਪ੍ਰੈਲ**- ਐਨ ਆਰ ਆਈ ਵਾਰਸਬਲਹਾਰ ਸਿੰਘ ਰੰਧਾਵਾ ਨੇ ਆਪਣੇ ਅਪਣੇ ਦਾਦਾ ਹੌਲਦਾਰ ਅਰਜਨ ਸਿੰਘ ਰੰਧਾਵਾ, ਤਾਇਆ ਮਾਸਟਰ ਨਿਰਮਲ ਸਿੰਘ ਰੰਧਾਵਾ ਅਤੇ ਆਪਣੇ ਪਿਤਾ ਮਾਸਟਰ ਝਿਰਮਲ ਸਿੰਘ ਰੰਧਾਵਾ ਦੀ ਯਾਦ ਵਿੱਚ ਹਰ ਸਾਲ ਦੀ ਤਰ੍ਹਾਂ ਲੋੜਵੰਦ ਬੱਚੀਆ ਦੇ ਵਿਆਹ ਆਨੰਦ ਕਾਰਜ 5 ਅਪ੍ਰੈਲ 2025 ਦਿਨ ਸ਼ਨੀਵਾਰ ਨੂੰ ਆਪਣੇ ਜੱਦੀ ਪਿੰਡ ਚੰਨਣਕੇ ਵਿੱਚ ਗੁਰਦੁਆਰਾ ਹਵੇਲੀ ਸਾਹਿਬ ਵਿੱਖੇ ਹੋਣਗੇ। ਧੀਆ ਨੂੰ ਘਰ ਵਰਤਨ ਲਈ ਸਮਾਨ ਵੀ ਦਿੱਤਾ ਜਾ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ✵ ਫੋਟੋ ਗੈਲਰੀ ✵



ਅਨਮੋਲ ਸਿੱਖ ਸੈਂਟਰ ਦੇ ਐਮ ਡੀ ਸ, ਰਾਜਵਿੰਦਰ ਸਿੰਘ ਰੰਧਾਵਾ ਚੌਕ ਮਹਿਤਾ ਦੇ ਜਗਬਾਣੀ ਦੇ ਪੱਤਰਕਾਰ ਕੈਪਟਨ ਸਿੰਘ, ਅਜੀਤ ਦੇ ਪੱਤਰਕਾਰ ਧਰਮਿੰਦਰ ਸਿੰਘ ਭੰਵਰਾ ਅਤੇ ਸਮਾਜ ਸੇਵੀ ਬਾਬਾ ਸੁਖਵੰਤ ਸਿੰਘ ਚੰਨਣਕੇ ਨੂੰ ਸਨਮਾਨਿਤ ਕਰਦੇ ਹੋਏ। ( **ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ**)

ਆਵਾਜ਼ਿ ਕੌਮ AWAZE QAUM International Newspaper & WEB TV

ਮਹਿਲ ਸਿੰਘ ਬੱਬਰ ਦੇ ਭੋਗ ਮੌਕੇ ਜਥੇਦਾਰ ਸਾਹਿਬ ਵੱਲੋਂ ਪਰਿਵਾਰ ਨੂੰ ਸਿਰਪਾਓ ਦੇਣ ਤੋਂ ਰੋਕਣਾ

# ਭਾਈ ਜਰਨੈਲ ਸਿੰਘ ਸਖੀਰਾ ਦਾ ਲੋਕਾਂ ਦੀ ਮੰਗ ਵਾਲਾ ਸ਼ਲਾਘਾਯੋਗ ਉਪਰਾਲਾ : ਭਾਈ ਵਿਰਸਾ ਸਿੰਘ ਖਾਲਸਾ

**ਜੰਡਿਆਲਾ ਗੁਰੂ 4 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)**-ਖਾੜਕੂ ਲਹਿਰ ਦੇ ਮੋਹਰੀ ਜਰਨੈਲ ਆਗੂ ਭਾਈ ਮਹਿਲ ਸਿੰਘ ਬੱਬਰ ਦਾ ਭੋਗ ਹਰਮੰਦਰ ਸਾਹਿਬ ਅੰਮ੍ਰਿਤਸਰ ਗੁਰਦੁਆਰਾ ਸ਼ਹੀਦ ਬਾਬਾ ਗੁਰਬਖਸ਼ ਸਿੰਘ ਵਿਖੇ ਬਹੁਤ ਹੀ ਸ਼ਰਧਾ ਭਾਵਨਾਵਾਂ ਤੇ ਚੜਦੀ ਕਲਾ ਨਾਲ ਪਾਇਆ ਗਿਆ, ਇਸ ਮੌਕੇ ਤੇ ਦਲ ਖਾਲਸਾ, ਅਕਾਲੀ ਦਲਾਂ ਦੇ ਨੇਤਾਵਾਂ ਸਮੇਤ ਵੱਡੀ ਗਿਣਤੀ'ਚ ਖਾੜਕੂ ਲਹਿਰ ਨਾਲ ਸਬੰਧਤ ਮਜੌਦਾ ਤੇ ਸਾਬਕਾ ਫੈਡਰੇਸ਼ਨ ਆਗੂਆ ਤੋ ਇਲਾਵਾ ਸੈਂਕੜੇ ਹੋਰ ਪੰਥ ਹਿਤੈਸ਼ੀ ਹਾਜਰ ਸਨ, ਭੋਗ ਅਰਦਾਸ ਤੋਂ ਉਪਰੰਤ ਅਕਾਲ ਤਖਤ ਸਾਹਿਬ ਦੇ ਗੈਰ ਸਿਧਾਂਤਕ ਤੇ ਗੈਰ ਮਰਯਾਦਾ ਤਹਿਤ ਬਣੇ ਕਾਰਜਕਾਰੀ ਜਥੇਦਾਰ ਅਕਾਲ ਤਖ਼ਤ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਮਹਿਲ ਸਿੰਘ ਬੱਬਰ ਦੇ ਪ੍ਰਵਾਰ ਨੂੰ ਸੀਰੋਪੋ ਦੇਣ ਲੱਗੇ ਤਾਂ ਭਾਈ ਜਰਨੈਲ ਸਿੰਘ ਸਖੀਰਾ ਖਾੜਕੂ ਆਗੂ ਨੇ ਜਥੇਦਾਰ ਸਾਹਿਬ ਨੂੰ ਕਿਹਾ ਕਿਰਪਾ ਕਰਕੇ ਤੁਸੀਂ ਬੱਬਰ ਪ੍ਰਵਾਰ ਨੂੰ ਸੀਰੀਪਾਉ ਨਾ ਭੇਂਟ ਕਰੋਂ, ਕਿਉਂਕਿ ਕੌਮ ਤੁਹਾਨੂੰ ਜਥੇਦਾਰ ਮੰਨਦੀ ਹੀ ਨਹੀਂ ? ਗਿਆਨੀ ਕੁਲਦੀਪ ਸਿੰਘ ਗੜਗੱਜ ਹੱਥ ਜੋੜ ਕੇ ਪਿੱਛੇ ਹਟ ਗਏ। ਇਸ ਘਟਨਾ ਸਬੰਧੀ ਬਹੁਤੇ ਸਿੱਖ ਪੰਥ ਦੇ ਲੋਕਾਂ ਨੇ ਘਟਨਾ ਨੂੰ ਵਧੀਆ ਤੇ ਕਈਆਂ ਘਟੀਆਂ ਵਰਤਾਰਾ ਦੱਸਿਆ ਹੈ, ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਇਸ ਵਰਤਾਰੇ ਦੀ ਸ਼ਲਾਘਾ ਕਰਦੀ ਹੋਈ ਇਹ ਵੀ ਮਹਿਸੂਸ ਕਰਦੀ ਹੈ ਕਿ ਅਜਿਹਾ ਨਹੀਂ ਹੋਣਾ ਚਾਹੀਦਾ ਸੀ,ਪਰ ਇਸ ਸਭ ਕੁਝ ਲਈ ਜ਼ਿੰਮੇਵਾਰ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਤੋਂ ਬਾਗੀ ਸੁਖਬੀਰ ਬਾਦਲ ਤੇ ਉਹਦੇ ਚਮਚਿਆ ਦੇ ਨਾਲ ਨਾਲ ਫੌਕੀ ਸ਼ੌਹਰਤ ਲਈ ਬਣੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਵੀ ਹਨ,ਜਿਨ੍ਹਾਂ ਨੇ ਅਕਾਲ ਤਖ਼ਤ ਸਾਹਿਬ ਤੋਂ ਬਾਗੀ ਹੋਣ ਵਾਲਿਆਂ ਦੀ ਪਿੱਠ ਪੂਰ ਕੇ ਸਮੁੱਚੇ ਸਿੱਖ ਪੰਥ ਨੂੰ ਇੱਕ ਵੱਡੀ ਦੁਬਿਧਾ'ਚ ਪਾਈ ਰੱਖਿਆ ਹੈ,ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਸੀਰੀ ਪਾਓ ਦੇਣ ਤੋਂ ਰੋਕਣ ਵਾਲੀ ਪੰਥਕ ਕਾਰਵਾਈ ਦੀ ਜ਼ੋਰਦਾਰ ਸ਼ਬਦਾਂ'ਚ ਸ਼ਲਾਘਾ ਕਰਦੀ ਹੈ ਉਥੇ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਬੇਨਤੀ ਕਰਦੀ ਹੈ ਕਿ ਅਜੇ ਵੀ ਉਹ ਆਪਣੇ ਆਹੁਦੇ ਤੋਂ ਅਸਤੀਫਾ ਦੇ ਕੇ ਪਾਸੇ ਹੋ ਜਾਣ, ਕਿਉਂਕਿ ਅਗਲੇ ਦਿਨਾਂ ਵਿਚ ਉਹਨਾਂ ਦਾ ਇਸ ਤੋਂ ਜ਼ਿਆਦਾ ਵਿਰੋਧ ਵੀ ਹੋ ਸਕਦਾ ਹੈ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਦਰਬਾਰ ਸਾਹਿਬ ਅੰਮ੍ਰਿਤਸਰ ਵਿਖੇ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਮਹਿਲ ਸਿੰਘ ਬੱਬਰ ਦੇ ਪਰਿਵਾਰ ਨੂੰ ਸੀਰੀ ਪਾਓ ਦੇਣ ਤੋਂ ਰੋਕਣ ਵਾਲੇ ਖਾੜਕੂ ਆਗੂ ਭਾਈ ਜਰਨੈਲ ਸਿੰਘ ਸਖੀਰਾ ਦੀ ਜ਼ੋਰਦਾਰ ਸ਼ਬਦਾਂ'ਚ ਸ਼ਲਾਘਾ ਤੇ ਜਥੇਦਾਰ ਸਾਹਿਬ ਨੂੰ ਆਪਣੇ ਆਹੁਦੇ ਤੋਂ ਅਸਤੀਫਾ ਦੇਣ ਦੀ ਮੰਗ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਉਹਨਾਂ ਭਾਈ ਖਾਲਸਾ ਨੇ ਸਪੱਸ਼ਟ ਕੀਤਾ ਭਾਈ ਸਖੀਰਾ ਨੇ ਅਜਿਹਾ ਕਰਕੇ ਬਹੁਤ ਹੀ



ਸ਼ਲਾਘਾਯੋਗ ਤੇ ਪੰਥਕ ਹਿੱਤਾਂ ਦੇ ਨਾਲ ਨਾਲ ਚੜਦੀ ਕਲਾ ਵਾਲਾ ਸਮੇਂ ਤੇ ਲੋਕਾਂ ਦੀ ਮੰਗ ਵਾਲਾ ਕਾਰਜ਼ ਕੀਤਾ ਹੈ, ਭਾਈ ਖਾਲਸਾ ਨੇ ਕਿਹਾ ਇਹ ਤਾਂ ਸਭਨਾਂ ਨੂੰ ਪਤਾ ਹੀ ਹੈ ਕਿ ਬਾਦਲਾ ਵੱਲੋਂ ਕਾਹਲੀ ਨਾਲ ਆਪਣੇ ਹਿਤਾਂ ਲਈ ਵਰਤਣ ਬਣਾਇਆ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ "ਸਭ ਸਿੱਖ ਪ੍ਰਵਾਨਤ ਜਥੇਦਾਰ ਨਹੀਂ ਹਨ" ਭਾਈ ਖਾਲਸਾ ਨੇ ਕਿਹਾ ਭਾਵੇਕਿ ਜਥੇਦਾਰ ਨੂੰ ਸੀਰੀ ਪਾਓ ਦੇਣ ਤੋਂ ਰੋਕਣ ਵਰਗੀ ਅਜਿਹੀ ਘਟਨਾ ਦਰਬਾਰ ਸਾਹਿਬ ਨਹੀਂ ਸੀ ਹੋਣੀ ਚਾਹੀਦੀ,ਪਰ ਇਸ ਸਾਰੇ ਲਈ ਜੁਮੇਵਾਰ ਵੀ ਤਾਂ ਖੁਦ ਗੈ.ਰ ਸਿਧਾਂਤਕ ਤੇ ਗੈਰ ਮਰਯਾਦਾ ਤਹਿਤ ਬਣੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਹੀ ਹਨ , ਭਾਈ ਖਾਲਸਾ ਨੇ ਦੱਸਿਆ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਨੇ ਤਾਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਆਹੁੰਦਾ ਸੰਭਾਲਣ ਸਮੇਂ ਹੀ ਅਜਿਹਾ ਵਿਰੋਧ ਹੋਣ ਦੀ ਮਸੀਨਗੋਹੀ ਦਾ ਪ੍ਰਗਟਾਵਾ ਕਰ ਦਿੱਤੀ ਸੀ ਅਤੇ ਅਸੀਂ ਹੁਣ ਵੀ ਜਥੇਦਾਰ ਸਾਹਿਬ ਨੂੰ ਸਪਸ਼ਟ ਕਰ ਦੇਣਾ ਚਾਹੁੰਦੇ ਹਾਂ ਕਿ ਅਗਲੇ ਦਿਨਾਂ ਵਿਚ ਇਹ ਵਿਰੋਧ ਇਸ ਤੋਂ ਵੱਧ ਵੀ ਵੇਖਣ ਨੂੰ ਮਿਲ ਸਕਦਾ ਹੈ ਜਿਸ ਵਿੱਚ ਲੋਕ ਘੇਰ ਘੇਰ ਕੇ ਤੁਹਾਨੂੰ ਸਵਾਲ ਪੁੱਛਣਗੇ ਕਿ ਤੁਸੀਂ ਹਨੇਰੇ ਵਿੱਚ ਜਥੇਦਾਰ ਕਿਉਂ ਬਣੇ ਭਾਈ ਖਾਲਸਾ ਨੇ ਕਿਹਾ ਅਕਾਲ ਤਖ਼ਤ ਸਾਹਿਬ ਦੀ ਸਰਬਉਚਤਾ ਅਤੇ ਮਹਾਨਤਾ ਮਰਯਾਦਾ ਨਾਲ ਜੁੜੇ ਧਰਮੀ ਲੋਕਾਂ ਦੇ ਸਵਾਲਾਂ ਦੇ ਜੁਵਾਬ ਦੇਣੇ ਤੁਹਾਡੇ ਲਈ ਬਹੁਤ ਮੁਸ਼ਕਲ ਬਣ ਸਕਦੇ ਹਨ, ਭਾਈ ਖਾਲਸਾ ਨੇ ਕਿਹਾ ਸਾਡੀ ਤੁਹਾਡੇ ਨਾਲ ਕੋਈ ਨਿੱਜੀ ਦੁਸ਼ਮਣੀ ਨਹੀਂ ? ਸਗੋਂ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬਾਨਾਂ ਨੂੰ ਬਾਦਲਾਂ ਵੱਲੋਂ ਜ਼ਲੀਲ ਕਰਕੇ ਆਹੁਦੇ ਤੋਂ ਹਟਾਉਣ ਵਾਲੀ ਤਖ਼ਤ ਵਿਰੋਧੀ ਨੀਤੀ ਨੂੰ ਠੱਲ੍ਹ ਪਾ ਜਥੇਦਾਰ ਸਾਹਿਬਾਨਾਂ ਨੂੰ ਲਾਉਣ ਹਟਾਉਣ ਦਾ ਵਿਧੀ ਵਿਧਾਨ ਬਣਾਉਣ ਦੀ ਸੀ ਜੋ ਸਿੱਖ ਕੌਮ ਲਈ ਵੱਡਾ ਮੁੱਦਾ ਤੇ ਚਿੰਤਾ ਦਾ ਵਿਸ਼ਾ ਬਣ ਚੁੱਕਾ ਹੈ, ਭਾਈ ਖਾਲਸਾ ਨੇ ਕਿਹਾ ਇਹ ਤਾਂ ਕੌਮ ਦੇ ਬੱਚੇ ਬੱਚੇ ਨੂੰ ਪਤਾ ਹੈ ਤੁਹਾਨੂੰ ਕਾਰਜਕਾਰੀ ਜਥੇਦਾਰ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਤੋਂ ਬਾਗੀ ਹੋਏ ਬਾਦਲਕਿਆਂ ਨੇ ਆਪਣੇ ਹਿਤਾਂ ਦੀ ਵਰਤੋਂ ਲਈ ਬਲੀ ਦਾ ਬੱਕਰਾ ਬਣਾਇਆ ਹੈ, ਭਾਈ ਖਾਲਸਾ ਨੇ ਸਪੱਸ਼ਟ ਕੀਤਾ ਕਿ ਦੂਸਰੇ ਜਥੇਦਾਰਾਂ ਵਾਂਗ ਤੁਹਾਨੂੰ ਵੀ ਬਾਦਲਕਿਆਂ ਨੇ ਵਰਤ ਕੇ ਆਹੁਦੇ ਤੋਂ ਜਲੀਲ ਕਰਕੇ ਹਟਾ ਹੀ ਦੇਣਾ ਹੈ, ਭਾਈ ਖਾਲਸਾ ਨੇ ਕਿਹਾ ਅਗਰ ਤੁਸੀਂ ਹੁਣ ਵੀ ਦਰਬਾਰ ਵਿਖੇ ਹੋਏ ਆਪਣੇ ਵੱਡੇ ਵਿਰੋਧ ਨੂੰ ਮੁੱਖ ਰੱਖਦਿਆਂ ਆਪਣੇ ਆਹੁਦੇ ਤੋਂ ਅਸਤੀਫਾ ਦੇ ਕੇ ਪਿਛੇ ਹਟ ਜਾਉ, ਨਹੀਂ ਤਾਂ ਤਖ਼ਤਾ ਦੇ ਹੁਕਮਾਂ ਤੋਂ ਬਾਗੀ ਬਾਦਲਕਿਆਂ ਦੀ ਪਿੱਠ ਪੂਰ ਦਿਆਂ ਅਜਿਹੇ ਅਤੇ ਇਸ ਤੋਂ ਵੀ ਵੱਡੇ ਵਿਰੋਧਾਂ ਦਾ ਸਹਾਮਣਾ ਕਰਨਾ ਪੈ ਸਕਦਾ ਹੈ ਇਸ ਮੌਕੇ ਤੇ ਭਾਈ ਵਿਰਸਾ ਸਿੰਘ ਖਾਲਸਾ ਪ੍ਰਧਾਨ ਏ ਆਈ ਐਸ ਐਸ ਐਫ ਖਾਲਸਾ, ਭਾਈ ਅਵਤਾਰ ਸਿੰਘ ਅੰਮ੍ਰਿਤਸਰ,ਭਾਈ ਜੋਗਿੰਦਰ ਸਿੰਘ ਅਤੇ ਭਾਈ ਜਗਤਾਰ ਸਿੰਘ ਫਿਰੋਜ਼ਪੁਰ ਤੇ ਸੁਖਦੇਵ ਸਿੰਘ ਤੋਂ ਇਲਾਵਾ ਕਈ ਆਗੂ ਹਾਜਰ ਸਨ ।

ਸਿਹਤ ਵਿਭਾਗ ਵੱਲੋਂ ਹੋਮ ਵਿਜ਼ਿਟ ਦੌਰਾਨ

# ਮਲੇਰੀਆ, ਡੇਂਗੂ ਸਬੰਧੀ ਕੀਤਾ ਜਾ ਰਿਹੈ ਜਾਗਰੂਕ







ਤਲਵੰਡੀ ਸਾਬੋ, 04 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਸਿਵਲ ਸਰਜਨ ਡਾ. ਗੁਰਜੀਤ ਸਿੰਘ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਰਵੀ ਕਾਂਤ ਗੁਪਤਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਘਰ-ਘਰ ਜਾ ਕੇ ਲੋਕਾਂ ਨੂੰ ਮਲੇਰੀਆ, ਡੇਂਗੂ ਸਬੰਧੀ ਜਾਣਕਾਰੀ ਦਿੱਤੀ ਜਾ ਰਹੀ ਹੈ। ਬਲਾਕ ਐਜੂਕੇਟਰ ਗੁਰਸਿਮਰਤ ਕੌਰ, ਮਲਟੀਪਰਪਜ਼ ਹੈਲਥ ਸੁਪਰਵਾਈਜਰ ਕੁਲਦੀਪ ਸਿੰਘ ਅਤੇ ਮਲਟੀਪਰਪਜ਼ ਹੈਲਥ ਵਰਕਰ ਹਰਪਾਲ ਸਿੰਘ ਗਿਆਨਾ ਨੇ ਲੋਕਾਂ ਨੂੰ ਘਰ-ਘਰ ਜਾ ਕੇ ਵਿਜ਼ਿਟ ਦੌਰਾਨ ਮਲੇਰੀਆ, ਡੇਂਗੂ ਸਬੰਧੀ ਜਾਣਕਾਰੀ ਦਿੱਤੀ ਅਤੇ ਡੇਂਗੂ ਮਲੇਰੀਆ ਵਰਗੀਆਂ ਭਿਆਨਕ ਬਿਮਾਰੀਆਂ ਤੋਂ ਬਚਾਅ ਲਈ ਜ਼ਰੂਰੀ ਹਦਾਇਤਾਂ ਦਿੱਤੀਆਂ ਗਈਆਂ ਜਿਵੇਂ ਕੂਲਰਾਂ, ਫਰਿੱਜਾਂ ਦੀਆਂ ਟਰੇਆਂ, ਮਨੀ ਪਲਾਂਟ ਦੀਆਂ ਬੋਤਲਾਂ ਪੰਛੀਆਂ ਦੇ ਕਟੋਰੇ ਪਸ਼ੂਆਂ ਨੂੰ ਪਾਣੀ ਪਿਲਾਉਣ ਵਾਲੀਆਂ ਹੌਦੀਆਂ ਆਦਿ ਨੂੰ ਹਫਤੇ ਵਿੱਚ ਇੱਕ ਵਾਰ ਖਾਲੀ ਕਰਕੇ ਸੁਕਾਇਆ ਜਾਵੇ ਅਤੇ ਆਲ਼ੇ ਦੁਆਲ਼ੇ ਛੋਟੇ ਟੋਇਆਂ ਨੂੰ ਮਿੱਟੀ ਨਾਲ ਭਰ ਦਿੱਤਾ ਜਾਵੇ ਜਾਂ ਕਾਲੇ ਤੇਲ ਦਾ ਛਿੜਕਾਅ ਕੀਤਾ ਜਾਵੇ। ਫਾਲਤੂ ਪਿਆ ਘਰਾਂ ਵਿੱਚੋਂ ਕਵਾੜ ਚੁਕਾਇਆ ਜਾਵੇ ਅਤੇ ਜੇਕਰ ਕਿਸੇ ਨੂੰ ਬੁਖਾਰ ਹੋਵੇ ਤਾਂ ਨੇੜੇ ਦੇ ਸਬ ਸੈਂਟਰ ਜਾਂ ਹਸਪਤਾਲ ਵਿੱਚ ਟੈਸਟ ਕਰਵਾ ਕੇ ਦਵਾਈ ਲਈ ਜਾਵੇ। ਇਸ ਮੌਕੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਦੌਰਾਨ ਟੀਮ ਵਲੋਂ ਸ਼ੱਕੀ ਮਰੀਜ਼ਾਂ ਦੀਆਂ ਸਲਾਈਡਾਂ ਅਤੇ ਆਰ.ਡੀ.ਟੀ ਕਿੱਟਾਂ ਦੁਆਰਾ ਟੈਸਟ ਵੀ ਕੀਤੇ ਗਏ।

# ਪ੍ਰੀਤ ਕਲੀਨਿਕ ਐਂਡ ਲੈਬੋਰਟਰੀ ਚੌਕ ਮਹਿਤਾ ਵਿੱਖੇ ਮੁਫ਼ਤ ਮੈਡੀਕਲ ਕੈਂਪ 6 ਅਪ੍ਰੈਲ ਨੂੰ

**ਚੌਕ ਮਹਿਤਾ 6 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਡਾ. ਜਸਵੰਤ ਸਿੰਘ ਚੀਨਾ ਬੀ ਏ ਐਮ ਐਸ ਡਾ, ਹਰਮਨਪ੍ਰੀਤ ਸਿੰਘ ਚੌਕ ਮਹਿਤਾ ਵਾਲਿਆਂ ਦੀ ਅਗਵਾਈ ਹੇਠ ਮੈਡੀਕਲ ਕੈਂਪ ਮੁਫ਼ਤ ਪ੍ਰੀਤ ਕਲੀਨਿਕ ਐਂਡ ਲੈਬੋਰਟਰੀ ਮੰਦਰ ਵਾਲੀ ਗਲੀ ਚੌਕ ਮਹਿਤਾ ਵਿੱਖੇ 6 ਅਪ੍ਰੈਲ 2025 ਦਿਨ ਐਤਵਾਰ ਨੂੰ ਲਗਾਇਆ ਜਾ ਰਿਹਾ ਹੈ। ਜਿਸ ਵਿੱਚ ਹੱਡੀਆਂ ਅਤੇ ਜਨਾਨਾ ਰੋਗਾ ਦੀ ਡਾਕਟਰਾਂ ਦੀ ਮਾਹਰ ਟੀਮ ਚੈਕਅੱਪ ਕਰਕੇ ਮੁਫ਼ਤ ਦਿਵਾਈਆ ਅਤੇ ਮੁਫ਼ਤ ਟੈਸਟ ਕੀਤੇ ਜਾਣਗੇ।ਮਰੀਜ਼ਾਂ ਲਈ ਸੂਗਰ, ਯਿਊਰਿਕ, ਐਸਿਡ, ਕੈਲਸ਼ੀਅਮ, ਖੂਨ ਸੰਘਣੇ ਦੇ ਟੈਸਟ ਮੁਫ਼ਤ ਕੀਤੇ ਜਾਣਗੇ। ਗਠੀਏ ਸੰਬੰਧੀ ਸਮੱਸਿਆਵਾਂ ਦੇ ਹਰ ਤਰ੍ਹਾਂ ਦੇ ਜੋੜਾ ਦੇ ਅਪੈਰਸਨ ਤੇ ਟੁੱਟੀਆਂ ਹੱਡੀਆਂ ਦਾ ਇਲਾਜ਼ ਚੂਲਾ ਅਤੇ ਗੋਡੇ ਬਹੁਤ ਹੀ ਘੱਟ ਰੇਟ ਵਿੱਚ ਬਦਲਾਉ ਰੀਡ ਦੀ ਹੱਡੀ ਦੀਆਂ ਸੱਚਾ, ਡਿਸਕ ਦੀਆਂ ਸਮੱਸਿਆਵਾਂ ਅਤੇ ਕੈਂਪ ਵਿੱਚ ਆਉਣ ਵਾਲੇ ਮਰੀਜਾਂ ਲਈ ਬੱਚੇਦਾਨੀ ਦਾ ਅਪਰੇਸ਼ਨ ਪਿੱਤੇ ਦਾ ਅਪਰੇਸ਼ਨ ਹਰਨੀਆਂ ਦਾ ਅਪਰੇਸ਼ਨ ਅਤੇ ਗੁਰਦੇ ਦੀ ਪੱਥਰੀ ਦਾ ਅਪਰੇਸ਼ਨ ਬਹੁਤ ਹੀ ਘੱਟ ਰੇਟਾ ਤੇ ਕੀਤਾ ਜਾਵੇਗਾ। ਡਾ, ਜਸਵੰਤ ਸਿੰਘ ਚੀਨਾ ਅਤੇ ਡਾ, ਹਰਮਨਪ੍ਰੀਤ ਸਿੰਘ ਵੱਲੋਂ ਮਰੀਜਾਂ ਨੂੰ ਬੇਨਤੀ ਹੈ ਕਿ ਇਸ ਕੈਂਪ ਦਾ ਲਾਹਾ ਲੈਣ।



# ਨਿਸ਼ਕਾਮ ਸੇਵਾ ਸਭਾ (ਰਜਿ.) ਧੂਰੀ ਵੱਲੋਂ ਸਿਲਾਈ ਮਸ਼ੀਨਾਂ ਅਤੇ ਸਰਟੀਫਿਕੇਟ ਵੰਡੇ ਗਏ



**ਧੂਰੀ ( ਰਣਜੀਤ ਸਿੰਘ ਪੇਧਨੀ )**-ਮਹਾਸ਼ਾ ਪ੍ਰਤਿਗਿਆਪਾਲ ਜੀ ਦੀ ਸਰਪ੍ਰਸਤੀ ਹੇਠ ਨਿਸ਼ਕਾਮ ਸੇਵਾ ਸਭਾ (ਰਜਿ) ਧੂਰੀ ਵੱਲੋਂ ਚਲਾਏ ਜਾ ਰਹੇ ਸਿਲਾਈ ਸੈਂਟਰ ਦਾ 11ਵਾਂ ਬੈਚ (01-10-2024 ਤੋਂ 31-03-2025 ਤੱਕ) ਸਫਲਤਾਪੂਰਵਕ ਸੰਪੂਰਨ ਹੋ ਗਿਆ ਅਤੇ 1 ਅਪ੍ਰੈਲ 2025 ਤੋਂ 12ਵੇਂ ਬੈਂਚ ਦਾ ਦਾਖਲਾ ਸੁਰੂ ਹੈ। ਬੈਂਚ ਦੇ ਪੂਰਾ ਹੋਣ ਤੇ ਜਿਹਨਾਂ ਲੜਕੀਆਂ ਨੇ ਸਫਲਤਾ ਪੂਰਵਕ ਆਪਣਾ ਕੋਰਸ ਪੂਰਾ ਕਰ ਲਿਆ ਹੈ, ਉਹਨਾਂ ਨੂੰ ਅੱਜ 4 ਅਪ੍ਰੈਲ 2025 ਨੂੰ ਸਰਟੀਫਿਕੇਟ ਅਤੇ ਇੱਕ ਨਵੀਂ ਸਿਲਾਈ ਮਸ਼ੀਨ ਹਰ ਇੱਕ ਲੜਕੀ ਨੂੰ ਦਿੱਤੀ ਗਈ।ਲੜਕੀਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਸੰਸਥਾ ਦੇ ਇੰਚਾਰਜ ਹੰਸ ਰਾਜ ਗਰਗ ਵੱਲੋਂ ਲੜਕੀਆਂ ਨੂੰ ਅਸ਼ੀਰਵਾਦ ਦਿੱਤਾ ਗਿਆ। ਮੰਚ ਸੰਚਾਲਣ ਸ੍ਰੀ ਸਤੀਸ ਚੰਦਰ ਅਰੋੜਾ ਜੀ ਵੱਲੋਂ ਬਾਖੂਬੀ ਨਿਭਾਇਆ ਗਿਆ। ਇਸ ਸਮੇਂ ਨਿਸ਼ਕਾਮ ਸੇਵਾ ਸਭਾ ਦੇ ਪ੍ਰਧਾਨ ਭਾਰਤ ਭੂਸ਼ਨ (ਪ੍ਰਵੀਨ), ਜਤਿੰਦਰ ਕੁਮਾਰ ਸ਼ਰਮਾਂ ਸੈਕਰੇਟਰੀ, ਰਾਜਿੰਦਰ ਕੁਮਾਰ ਮੰਗੀ ਮੀਤ ਪ੍ਰਧਾਨ, ਅਸ਼ੋਕ ਕੁਮਾਰ ਰੈਣਾ ਕੈਸ਼ੀਅਰ, ਕਾਰਜਕਾਰੀ ਮੈਂਬਰ ਰਮੇਸ਼ਵਰ ਦਾਸ, ਸਤੀਸ਼ ਚੰਦਰ ਅਰੋੜਾ, ਮਨਜੀਤ ਸਿੰਘ, ਰਾਜ ਕੁਮਾਰ ਗਰਗ, ਰਾਜ ਕੁਮਾਰ ਰਾਜੂ, ਰਮੇਸ਼ ਸ਼ਰਮਾਂ, ਚਮਨ ਲਾਲ ਜੀਂਦਲ,ਤਰਸੇਮ ਕੁਮਾਰ ਮਿੱਤਲ, ਪਿਊਸ਼ ਗੁਪਤਾ, ਰਣਜੀਤ ਸਿੰਘ ਧੂਰੀ, ਸਿਲਾਈ ਅਧਿਆਪਿਕਾ ਵੰਧਨਾ ਰਾਣੀ, ਕੰਪਿਊਟਰ ਇੰਚਾਰਜ਼ ਸ. ਬਲਜੀਤ ਸਿੰਘ ਅਤੇ ਅਮਰਜੀਤ ਸਿੰਘ ਹਾਜ਼ਰ ਸਨ।

# ਹੁਸ਼ਿਆਰਪੁਰ 'ਚ ਪਾਬੰਦੀਸ਼ੁਦਾ ਕੀਟਨਾਸ਼ਕ ਜ਼ਬਤ, ਐਫ. ਆਈ.ਆਰ. ਦਰਜ: ਗੁਰਮੀਤ ਸਿੰਘ ਖੁੱਡੀਆਂ

**ਹੁਸ਼ਿਆਰਪੁਰ, 4 ਅਪ੍ਰੈਲ, (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਗੈਰ-ਮਿਆਰੀ ਅਤੇ ਗੈਰ-ਕਾਨੂੰਨੀ ਖੇਤੀਬਾੜੀ ਸਬੰਧੀ ਵਸਤਾਂ ਖ਼ਿਲਾਫ਼ ਵਿੱਢੀ ਮੁਹਿੰਮ ਤਹਿਤ ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਨੇ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ ਦੋ ਫਰਮਾਂ 'ਤੇ ਛਾਪੇ ਮਾਰੇ ਅਤੇ ਪਾਬੰਦੀਸ਼ੁਦਾ ਕੀਟਨਾਸ਼ਕਾਂ ਤੇ ਮਿਆਦ ਪੁੱਗ ਚੁੱਕੇ ਸਟਾਕ ਜ਼ਬਤ ਕੀਤੇ ਹਨ। ਇਸ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਜੁਆਇੰਟ ਡਾਇਰੈਕਟਰ (ਵਿਸਥਾਰ ਤੇ ਸਿਖਲਾਈ) ਦਿਲਬਾਗ ਸਿੰਘ ਦੀ ਨਿਗਰਾਨੀ ਹੇਠ ਇੱਕ ਵਿਸ਼ੇਸ਼ ਟੀਮ ਨੇ ਮੈਸਰਜ਼ ਜਨਕ ਰਾਜ ਨਰਿੰਦਰ ਕੁਮਾਰ, ਨਵੀਂ ਅਨਾਜ ਮੰਡੀ, ਹੁਸ਼ਿਆਰਪੁਰ ਵਿਖੇ ਅਚਨਚੇਤ ਛਾਪਾ ਮਾਰਿਆ ਅਤੇ ਜਾਂਚ ਦੌਰਾਨ ਟੀਮ ਨੂੰ ਆਈਪ੍ਰੋਕੈਮ ਐਗਰੀ ਕੇਅਰ, ਪੰਚਕੂਲਾ, ਹਰਿਆਣਾ ਵੱਲੋਂ ਬਣਾਏ ਅਤੇ ਮਾਰਕੀਟ ਕੀਤੇ ਗਏ ਪਾਬੰਦੀਸ਼ੁਦਾ ਅਮੋਨੀਅਮ ਸਾਲਟ- ਗਲਾਈਫੋਸੇਟ 71% ਐਸ.ਜੀ. ਦੇ 99 ਪੈਕੇਟ (ਹਰੇਕ 100 ਗ੍ਰਾਮ) ਬਰਾਮਦ ਕੀਤੇ ਗਏ ਹਨ। ਖੇਤੀਬਾੜੀ ਮੰਤਰੀ ਨੇ ਅੱਗੇ ਦੱਸਿਆ ਕਿ ਛਾਪੇਮਾਰੀ ਦੌਰਾਨ ਵੱਡੀ ਮਾਤਰਾ ਵਿੱਚ ਮਿਆਦ ਪੁੱਗ ਚੁੱਕੇ ਅਤੇ ਗੈਰ-ਮਿਆਰੀ ਕੀਟਨਾਸ਼ਕ ਵੀ ਬਰਾਮਦ ਕੀਤੇ ਗਏ ਜਿਨ੍ਹਾਂ ਵਿੱਚ 20 ਪੈਕੇਟ ਪੈਂਡੀਮੇਥਾਲਿਨ (1ਲੀਟਰ),10 ਪੈਕੇਟ ਪ੍ਰੋਫੇਨੋਫੋਸ + ਸਾਈਪਰਮੇਥਰਿਨ (1 ਲੀਟਰ), 40 ਪੈਕੇਟ ਥਿਆਮੇਥੋਕਸਮ (250 ਗ੍ਰਾਮ), ਪੰਜ ਪੈਕੇਟ ਕਾਰਬੈਂਡਾਜ਼ਿਮ (250 ਗ੍ਰਾਮ), 75 ਪੈਕੇਟ ਕਲੋਡੀਨਾਫੌਪ ਪ੍ਰੋਪਾਰਗਿਲ (160 ਗ੍ਰਾਮ), 23 ਪੈਕੇਟ ਐਟਰਾਜ਼ੀਨ (500 ਗ੍ਰਾਮ), ਪੰਜ ਪੈਕੇਟ ਮੈਟਾਲੈਕਸਿਲ +ਮੈਨਕੋਜ਼ੇਬ (250 ਗ੍ਰਾਮ) ਅਤੇ 10 ਪੈਕੇਟ ਮੈਨਕੋਜ਼ੇਬ (1ਲੀਟਰ) ਸ਼ਾਮਲ ਹਨ।

# ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੀ ਹੋਈ ਮੀਟਿੰਗ



ਫ਼ਿਰੋਜ਼ਪੁਰ, 4 ਅਪ੍ਰੈਲ (ਮਨੋਹਰ ਲਾਲ) :— ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜ਼ਿਲ੍ਹਾ ਫਿਰੋਜ਼ਪੁਰ ਬਲਾਕ ਮਮਦੋਟ ਵੱਲੋਂ ਅਮਰੀਕਾ ਦੇ ਰਾਸ਼ਟਰਪਤੀ ਡੋਨਲਡ ਟਰੰਪ ਅਤੇ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੁਤਲਾ ਫੂਕਿਆ। ਕਿਸਾਨ ਆਗੂਆਂ ਨੇ ਕਿਹਾ ਕਿ ਅਮਰੀਕਾ ਦੇ ਸਹਾਇਕ ਵਪਾਰ ਪ੍ਰਤੀਨਿਧ ਬ੍ਰੈਂਡਨ ਲਿੰਚ ਦੀ ਪ੍ਰਧਾਨਗੀ ਵਾਲਾ ਵਫਦ ਪਿਛਲੇ ਦਿਨੀ ਭਾਰਤ ਦਾ ਚਾਰ ਰੋਜ਼ਾ ਦੌਰਾ ਕਰਕੇ 29 ਮਾਰਚ ਨੂੰ ਵਾਪਸ ਗਿਆ ਹੈ, ਇਸ ਤੋਂ ਪਹਿਲਾਂ ਵੀ ਅਮਰੀਕੀ ਵਿਦੇਸ਼ ਮੰਤਰੀ ਕ੍ਰਿਸਟੋਫਰ ਲੈਂਡੋ ਨੇ ਭਾਰਤੀ ਵਿਦੇਸ਼ ਸਚਿਵ ਵਿਕਰਮ ਮਿਸ਼ਰੀ ਨਾਲ ਗੱਲਬਾਤ ਕੀਤੀ ਸੀ ਅਤੇ ਪਿਛਲੇ ਮਹੀਨੇ ਪ੍ਰਧਾਨ ਮੰਤਰੀ ਨੇ ਵੀ ਅਮਰੀਕਾ ਦਾ ਦੌਰਾ ਕਰਕੇ ਇਸ ਸਮਝੌਤੇ ਬਾਰੇ ਗੱਲਬਾਤ ਕੀਤੀ ਹੈ। ਭਾਰਤ ਦਾ ਵਪਾਰ ਮੰਤਰੀ ਪਿਊਸ਼ ਗੋਇਲ ਵੀ ਵਾਸ਼ਿੰਗਟਨ ਵਿੱਚ ਅਮਰੀਕੀ ਵਪਾਰ ਪ੍ਰਤੀਨਿਧ ਜੈਮੀਸਨ ਗਰੀਨ ਅਤੇ ਵਣਜ ਸਚਿਵ ਹਾਵਰਡ ਲੁੱਟਨਿਕ ਨਾਲ ਮੀਟਿੰਗਾਂ ਕਰ ਚੁੱਕਿਆ ਹੈ। ਭਾਰਤ ਦੇ ਵਣਜ ਮੰਤਰਾਲੇ ਨੇ 29 ਮਾਰਚ ਨੂੰ ਪ੍ਰੈਸ ਬਿਆਨ ਜਾਰੀ ਕਰਕੇ ਦੱਸਿਆ ਹੈ ਕਿ ਆਉਣ ਵਾਲੇ ਹਫਤਿਆਂ ਵਿੱਚ ਹੋਰ ਵੀ ਗੱਲਬਾਤ ਹੋਵੇਗੀ ਅਤੇ ਸਤੰਬਰ ਅਕਤੂਬਰ 2025 ਤੱਕ ਸਮਝੌਤੇ ਦੀ ਪਹਿਲੀ ਕਿਸ਼ਤ ਤੇ ਦਸਤਖਤ ਕਰ ਦਿੱਤੇ ਜਾਣਗੇ, 20 ਤੱਕ ਆਪਸੀ ਵਪਾਰ ਨੂੰ ਮੌਜੂਦਾ 190 ਬਿਲੀਅਨ ਡਾਲਰ ਤੋਂ ਵਧਾ ਕੇ 5 ਬਿਲੀਅਨ ਡਾਲਰ ਕਰਨ ਦਾ ਨਿਸ਼ਾਨਾ ਹੈ। ਗੱਲਬਾਤ ਵਿੱਚ ਅਮਰੀਕਾ ਦੀ ਮੁੱਖ ਧੁਸ ਖੇਤੀ ਅਤੇ ਡੇਰੀ ਵਸਤਾਂ ਤੇ ਟੈਕਸ ਘੱਟ ਕਰਨਾ ਅਤੇ ਭਾਰਤੀ ਬਾਜ਼ਾਰ ਵਿੱਚ ਇਨ੍ਹਾਂ ਦੇ ਦਾਖਲੇ ਲਈ ਰਾਹ ਮੋਕਲਾ ਕਰਨਾ ਹੈ। ਆਗੂਆਂ ਨੇ ਕਿਹਾ ਕਿ ਅਮਰੀਕਾ ਆਪਣੇ ਇੱਕ ਕਿਸਾਨ ਪਰਿਵਾਰ ਨੂੰ ਔਸਤ 26 ਲੱਖ 80 ਹਜਾਰ ਰੁਪਏ ਸਲਾਨਾ ਸਬਸਿਡੀ ਦਿੰਦਾ ਹੈ ਜਦੋਂ ਕਿ ਭਾਰਤ ਵਿੱਚ ਪ੍ਰਤੀ ਕਿਸਾਨ ਪਰਿਵਾਰ ਸਿਰਫ 53,700 ਰੁਪਏ ਸਲਾਨਾ ਸਬਸਿਡੀ ਬਣਦੀ ਹੈ ਇੰਨੀ ਜਿਆਦਾ ਸਬਸਿਡੀ ਮਿਲਣ ਕਾਰਨ ਅਮਰੀਕਾ ਦੀਆਂ ਖੇਤੀ ਅਤੇ ਡੇਰੀ ਵਸਤਾਂ ਸਸਤੀਆਂ ਪਿੰਡੀਆਂ ਹਨ ਇਨ੍ਹਾਂ ਦੇ ਭਾਰਤੀ ਬਾਜ਼ਾਰ ਵਿੱਚ ਖੁੱਲੇ ਦਾਖਲੇ ਨੇ ਭਾਰਤ ਦੇ ਖੇਤੀ ਸੈਕਟਰ ਨੂੰ ਤਬਾਹ ਕਰ ਦੇਣਾ ਹੈ। ਅਮਰੀਕਾ ਵੱਲੋਂ ਕਣਕ ਮੱਕੀ ਸੋਇਆਬੀਨ ਜੋ ਓਟਸ ਚੌਲ ਮਟਰ ਨਰਮਾ ਅਤੇ ਤੇਲ ਬੀਜ ਠੋਕ ਵਿੱਚ ਭਾਰਤੀ ਮੰਡੀ ਵਿੱਚ ਭੇਜੇ ਜਾਣਗੇ ਇੱਕ ਵਾਰ ਖੇਤੀ ਸੈਕਟਰ ਨੂੰ ਤਬਾਹ ਕਰਨ ਤੋਂ ਬਾਅਦ ਸਾਮਰਾਜੀ ਇਨ੍ਹਾਂ ਖੇਤੀ ਉਪਜਾਂ ਦਾ ਮੂੰਹ ਮੰਗਿਆ ਭਾ ਮੰਗਣਗੇ ਇਸ ਤਰ੍ਹਾਂ ਜਨਤਕ ਵੰਡ ਪ੍ਰਣਾਲੀ ਦਾ ਵੀ ਭੋਗ ਪੈ ਜਾਵੇਗਾ। ਇਸ ਤੋਂ ਇਲਾਵਾ ਪਰਚੂਨ ਵਪਾਰ ਤੇ ਵੀ ਬਹੁਤ ਮਾਰੂ ਪ੍ਰਭਾਵ ਪਵੇਗਾ, ਸਾਮਰਾਜੀ ਕੰਪਨੀਆਂ ਦੇ ਹੱਲੇ ਤੋਂ ਦੇਸ਼ ਦੇ ਲੋਕਾਂ ਨੂੰ ਬਚਾਉਣ ਲਈ ਉਹਨਾਂ ਕੋਲ ਆਪਣੇ ਜਥੇਬੰਦਕ ਸੰਘਰਸ਼ਾਂ ਤੋਂ ਬਿਨਾਂ ਕੋਈ ਚਾਰਾ ਨਹੀਂ ਹੈ ਭਾਰਤ ਦੀ ਹਾਕਮ ਜਮਾਤ ਅਮਰੀਕੀ ਕੰਪਨੀਆਂ ਨਾਲ ਸਾਂਝ ਪਿਆਲੀ ਪਾ ਕੇ ਲੋਕਾਂ ਨੂੰ ਉਨ੍ਹਾਂ ਦੇ ਰਹਿਮੋ ਕਰਮ ਤੇ ਸੁੱਟ ਦੇਵੇਗੀ। ਇਸ ਦੇ ਮੱਦੇ ਨਜ਼ਰ ਅੱਜ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਬਲਾਕ ਮਮਦੋਟ ਜ਼ਿਲਾ ਫਿਰੋਜ਼ਪੁਰ ਵੱਲੋਂ ਡੋਨਾਲਡ ਟਰੰਪ ਅਤੇ ਮੋਦੀ ਦੇ ਪੁਤਲੇ ਫੂਕੇ ਗਏ। ਇਸ ਮੌਕੇ ਜ਼ਿਲ੍ਹਾ ਪ੍ਰੈਸ ਸਕੱਤਰ ਲਖਵੀਰ ਸਿੰਘ ਡੋਡ ਮਮਦੋਟ ਬਲਾਕ ਪ੍ਰਧਾਨ ਬਲਕਾਰ ਸਿੰਘ ਜੋਧਪੁਰ ਮਮਦੋਟ ਬਲਾਕ ਜਨਰਲ ਸਕੱਤਰ ਹਰਬੰਸ ਸਿੰਘ ਜੋਧਪੁਰ ਜਿਲਾ ਖਜਾਨਚੀ ਜਤਿੰਦਰ ਸਿੰਘ ਰਿੰਕੂ ਸੋਨੂ ਉੱਪਲ, ਜਗਤਾਰ ਸਿੰਘ, ਬੂਟਾ ਸਿੰਘ, ਡਾਕਟਰ ਗੁਰਦੀਪ ਸਿੰਘ ਇਕਾਈ ਪ੍ਰਧਾਨ ਲੱਖਾ ਸਿੰਘ ਵਾਲਾ ਰੂਡ ਸਿੰਘ ਇਕਾਈ ਖਜਾਨਚੀ ਪਿੰਡ ਲੱਖਾ ਸਿੰਘ ਵਾਲਾ ਗੁਰਨਾਮ ਸਿੰਘ ਬਲਾਕ ਮਮਦੋਟ ਪ੍ਰੈਸ ਸਕੱਤਰ ਜਗਤਾਰ ਸਿੰਘ ਭੱਟੀਆਂ ਗੁਰਬਚਨ ਸਿੰਘ ਰਾਜਕੁਮਾਰ ਨਰੂਲਾ ਮਹਿਲ ਸਿੰਘ ਜੋਧਪੁਰ ਮੇਜਰ ਸਿੰਘ ਚੰਦੀ ਬਲਾਕ ਮਮਦੋਟ ਸੀਨੀਅਰ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਗੱਟੀ ਪ੍ਰਭਜੋਤ ਸਿੰਘ ਬਰਾੜ ਸਰਦੂਲ ਸਿੰਘ ਇਕਾਈ ਪ੍ਰਧਾਨ ਪਿੰਡ ਡੋਡ ਮੇਜਰ ਸਿੰਘ ਜਸਮੀਤ ਸਿੰਘ ਜੋਧਪੁਰ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਫਿਰੋਜ਼ਪੁਰ ਵੱਲੋਂ

# ਉਪੇਡ ਸਬਸਟੀਚਿਊਟ ਟਰੀਟਮੈਂਟ ਵਿਖੇ ਨਸ਼ਾ ਛਡਾਓ ਜਾਗਰੂਕਤਾ ਕੈਂਪ ਲਾਇਆ

ਫ਼ਿਰੋਜ਼ਪੁਰ, 4 ਅਪ੍ਰੈਲ (ਮਨੋਹਰ ਲਾਲ) :— ਸਟਰੀਮ ਲਾਈਨ ਵੈਲਫੇਅਰ ਸੋਸਾਇਟੀ ਫਿਰੋਜਪੁਰ ਵੱਲੋਂ ਸਿਵਲ ਹਸਪਤਾਲ ਫਿਰੋਜ਼ਪੁਰ ਵਿੱਚ ਉਪੇਡ ਸਬਸਟੀਚਿਊਟ ਟਰੀਟਮੈਂਟ ਵਿਖੇ ਡਾਕਟਰ ਅਮੀਤੋਜ ਸਿੰਘ ਤੇ ਡਾਕਟਰ ਆਕਾਸ਼ ਅਗਰਵਾਲ ਦੀ ਅਗਵਾਈ ਹੇਠ ਨਸ਼ਾ ਛੁਡਾਊ ਜਾਗਰੂਕਤਾ ਕੈਂਪ ਲਾਇਆ ਗਿਆ। ਇਸ ਸਮੇਂ ਸੁਸਾਇਟੀ ਦੇ ਚੇਅਰਮੈਨ ਦੀਵਾਨ ਚੰਦ ਸਖੀਜਾ, ਪ੍ਰਧਾਨ ਕਿਸ਼ਨ ਚੰਦ ਜਾਗੋਵਾਲੀਆ, ਜਨਰਲ ਸਕੱਤਤਰ ਪ੍ਰਵੀਨ ਕੁਮਾਰ ਧਵਨ ਨੇ ਨਸ਼ਾ ਛੁਡਾਊ ਕੇਂਦਰ ਵਿਖੇ ਦਵਾਈ ਲੈਣ ਆਏ ਮਰੀਜ਼ਾਂ ਨੂੰ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਆਪਣੇ ਪਰਿਵਾਰ ਦਾ ਕਲਿਆਣ ਅਤੇ ਬੱਚਿਆਂ ਦੇ ਪਾਲਣ ਪੋਸ਼ਣ ਦਾ ਧਿਆਨ ਰੱਖਦੇ ਹੋਏ ਨਸ਼ਾ ਬਿਲਕੁਲ ਨਾ ਕੀਤਾ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਜਾਨ ਹੈ ਤਾਂ ਜਹਾਨ ਹੈ ਆਪਣੀ ਸਿਹਤ ਦਾ ਖਿਆਲ ਰੱਖਿਆ ਜਾਵੇ। ਇਸ ਮੌਕੇ ਬੁਲਾਰਿਆਂ ਵੱਲੋਂ ਮਰੀਜ਼ਾਂ ਦੇ ਬੜੇ ਧਿਆਨ ਨਾਲ ਵਿਚਾਰ ਸੁਣੇ ਅਤੇ ਵਿਸ਼ਵਾਸ ਦਵਾਇਆ ਕਿ ਅੱਗੇ ਤੋਂ ਅਸੀਂ ਨਸ਼ਾ ਨਹੀਂ ਕਰਾਂਗੇ। ਸੋਸਾਇਟੀ ਵੱਲੋਂ ਮਰੀਜ਼ਾਂ ਨੂੰ ਬਿਸਕੁਟ ਦੇ ਪੈਕਟ ਵੰਡੇ ਗਏ। ਇਸ ਸਮੇਂ ਸਰਵਹਤੈਸੀ ਭਾਟੀਆ, ਰਾਜਦੀਪ ਸਿੰਘ, ਸੀਮਾ ਰਾਣੀ, ਰਜਨੀ, ਪਰਮਜੀਤ ਕੌਰ, ਅਮਰਜੀਤ ਰਿੰਕੂ, ਰਾਣੀ ਆਦਿ ਵਿਸੇਸ ਤੌਰ ਤੇ ਹਾਜਰ ਸਨ।




ਆਵਾਜ਼ਿ ਕੌਮ AWAZE QAUM International Newspaper & WEB TV

# ਵਿਸ਼ਵ ਭਾਈ ਮਰਦਾਨਾ ਸੁਸਾਇਟੀ ਨੇ ਐਸਜੀਪੀਸੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਜੀ ਨਾਲ ਮੁਲਾਕਾਤ ਕੀਤੀ

ਫ਼ਿਰੋਜ਼ਪੁਰ, 4 ਅਪ੍ਰੈਲ (ਮਨੋਹਰ ਲਾਲ) :— ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਦੇ ਪ੍ਰਧਾਨ ਜਗਜੀਤ ਸਿੰਘ ਭੁੱਲਰ ਨੇ ਐਸ.ਜੀ.ਪੀ.ਸੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨਾਲ ਮੁਲਾਕਾਤ ਕੀਤੀ। ਇਸ ਗੱਲ ਦੀ ਜਾਣਕਾਰੀ ਦਿੰਦੇ ਹੋਏ ਜਗਜੀਤ ਸਿੰਘ ਭੁੱਲਰ ਨੇ ਆਖਿਆ ਕਿ ਹਰਜਿੰਦਰ ਸਿੰਘ ਧਾਮੀ ਨਾਲ ਛੋਟੀ ਜਿਹੀ ਪਰ ਵਧੀਆ ਮਾਹੌਲ ਵਿੱਚ ਗੱਲਬਾਤ ਹੋਈ ਜਿਸ ਵਿੱਚ ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਦੇ ਕੰਮਾਂ ਦਾ ਜ਼ਿਕਰ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਸੋਸਾਇਟੀ ਵੱਲੋਂ 1993 ਤੋਂ ਕੀਰਤਨ ਦਰਬਾਰ ਲੋੜਵੰਦ ਗਰੀਬ ਲੜਕੀਆਂ ਦੇ ਵਿਆਹ ਮੈਡੀਕਲ ਕੈਂਪ ਅਤੇ ਹੋਰ ਸਮਾਜਿਕ ਅਤੇ ਧਾਰਮਿਕ ਕੰਮ ਕਰਨ ਲਈ ਧਾਮੀ ਜੀ ਵੱਲੋਂ ਸੁਸਾਇਟੀ ਦੀ ਤਾਰੀਫ ਕੀਤੀ ਗਈ। ਸ: ਹਰਜਿੰਦਰ ਸਿੰਘ ਧਾਮੀ ਨੇ ਆਖਿਆ ਕਿ ਸੁਸਾਇਟੀ ਜਲਦੀ ਹੀ ਇੱਕ ਧਾਰਮਿਕ ਪ੍ਰੋਗਰਾਮ ਉਲੀਕੇ ਜਿਸ ਵਿੱਚ ਟਾਈਮ ਦੇ ਹਿਸਾਬ ਨਾਲ ਉਹ ਹਾਜਰੀ ਭਰਨਗੇ। ਗੱਲਬਾਤ ਕਰਦਿਆਂ ਜਗਜੀਤ ਸਿੰਘ ਭੁੱਲਰ ਨੇ ਆਖਿਆ ਕੀ ਐਸ.ਜੀ.ਪੀ.ਸੀ ਹਮੇਸ਼ਾ ਹੀ ਭਾਈ ਮਰਦਾਨਾ ਸੁਸਾਇਟੀ ਨੂੰ ਸਹਿਯੋਗ ਕਰਦੀ ਆ ਰਹੀ ਹੈ ਅਸੀਂ ਵੀ ਸ: ਹਰਪਾਲ ਸਿੰਘ ਭੁੱਲਰ ਦੀ ਤਰ੍ਹਾਂ ਲੋੜਵੰਦ ਗਰੀਬ ਲੜਕੀਆਂ ਦੇ ਵਿਆਹ ਹਰ ਸਾਲ ਵੱਧ ਤੋਂ ਵੱਧ ਕੀਤੇ ਜਾਣਗੇ ਅਤੇ ਸਾਰਿਆਂ ਦੇ ਸਹਿਯੋਗ ਦੇ ਨਾਲ ਹੀ ਅਗਲੇ ਪ੍ਰੋਗਰਾਮ ਉਲੀਕੇ ਜਾਣਗੇ। ਇਸ ਮੌਕੇ ਜਗਜੀਤ ਸਿੰਘ ਭੁੱਲਰ ਵੱਲੋਂ ਧਾਮੀ ਸਾਹਿਬ ਨੂੰ ਭਾਈ ਮਰਦਾਨਾ ਜੀ ਦਾ ਸਲਾਨਾ ਫੋਲਡਰ ਵੀ ਭੇਟ ਕੀਤਾ ਗਿਆ।



ਆਵਾਜ਼ਿ ਕੌਮ AWAZE QAUM International Newspaper & WEB TV

# ਪੰਥਕ ਕਵੀ ਮੱਖਣ ਸਿੰਘ ਧਾਲੀਵਾਲ ਹੋਣਗੇ ਪੰਜਵੇਂ ਯਾਦਗਾਰੀ ਪੰਥਕ ਕਵੀ ਤਰਲੋਕ ਸਿੰਘ ਦੀਵਾਨਾ ਅਵਾਰਡ ਨਾਲ ਸਨਮਾਨਿਤ

## ਸਲਾਨਾ ਗੁਰਮਤਿ ਸਮਾਗਮ ਤੇ ਕਵੀ ਦਰਬਾਰ 7 ਅਪ੍ਰੈਲ ਨੂੰ



**ਜੰਡਿਆਲਾ ਗੁਰੂ, 4 ਅਪ੍ਰੈਲ (ਕੁਲਵੰਤ ਸਿੰਘ ਵਿਰਦੀ)**-ਸਿੱਖ ਕੌਮ ਦੇ ਨੌਜਵਾਨ ਪ੍ਰਚਾਰਕ ਭਾਈ ਮਲਕੀਤ ਸਿੰਘ ਨਿਮਾਣਾ ਨੇ ਧਰਮ ਪ੍ਰਚਾਰ ਦੀ ਫੇਰੀ ਦੌਰਾਨ ਸਥਾਨਕ ਕਸਬੇ ਜੰਡਿਆਲਾ ਗੁਰੂ ਦੇ ਮੁਹੱਲਾ ਜੋਤੀਸਰ ਵਿਖੇ ਜਾਣਕਾਰੀ ਸਾਂਝੀ ਕੀਤੀ ਕਿ ਸਥਾਨਕ ਕਸਬੇ ਦੇ ਨੇੜਲੇ ਪਿੰਡ ਮੱਤੇਵਾਲ ਦੇ ਗੁਰਦੁਆਰਾ ਪੂਰਨਮਾਸ਼ੀ ਵਿਖੇ ਹਰ ਸਾਲ ਦੀ ਤਰ੍ਹਾਂ ਮੁੱਖ ਸੇਵਾਦਾਰ ਬਾਬਾ ਨਿਰਮਲ ਸਿੰਘ ਜੀ ਦੀ ਦੇਖ-ਰੇਖ ਹੇਠ ਸਲਾਨਾ ਗੁਰਮਤਿ ਸਮਾਗਮ ਤੇ ਵਿਸ਼ੇਸ਼ ਕਵੀ ਦਰਬਾਰ ਮਿਤੀ 7 ਅਪ੍ਰੈਲ ਨੂੰ ਸ਼ਾਮ 7 ਤੋਂ 10 ਵਜੇ ਕਰਵਾਇਆ ਜਾਵੇਗਾ, ਜਿਸ ਤਹਿਤ ਕਥਾਵਾਚਕ ਗਿਆਨੀ ਜਸਵਿੰਦਰ ਸਿੰਘ ਜੀ ਦਰਦੀ (ਸ਼੍ਰੀ ਮੰਜੀ ਸਾਹਿਬ,ਅੰਮ੍ਰਿਤਸਰ) ਵਿਸ਼ੇਸ਼ ਤੌਰ ’ਤੇ ਕਥਾ ਵਿਚਾਰਾਂ ਨਾਲ ਸੰਗਤ ਨੂੰ ਨਿਹਾਲ ਕਰਨਗੇ। ਉਪਰੰਤ ਵਿਸ਼ੇਸ਼ ਕਵੀ ਦਰਬਾਰ ’ਚ ਪੰਥਕ ਕਵੀ ਭਾਈ ਮੱਖਣ ਸਿੰਘ ਧਾਲੀਵਾਲ, ਭਾਈ ਦੀਪ ਸਿੰਘ ਲੁਧਿਆਣਾ, ਬੀਬੀ ਮਨਜੀਤ ਕੌਰ ਪਹੁਵਿੰਡ ਵਿਸ਼ੇਸ਼ ਤੌਰ ’ਤੇ ਕਵਿਤਾਵਾਂ ਰਾਹੀਂ ਗੁਰੂ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਗੇ। ਇਸ ਸਮਾਗਮ ਦੌਰਾਨ ਵਿਸ਼ੇਸ਼ ਤੌਰ ’ਤੇ ਸੰਤ ਬਾਬਾ ਸੱਜਣ ਸਿੰਘ ਜੀ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਵਾਲੇ, ਦਮਦਮੀ ਟਕਸਾਲ ਤੋਂ ਗਿਆਨੀ ਪ੍ਰਗਟ ਸਿੰਘ ਜੀ ਭੀਲੋਵਾਲ, ਗਿਆਨੀ ਨਿਸ਼ਾਨ ਸਿੰਘ ਜੀ ਖ਼ਾਲਸਾ ਸਿਆਲਕਾ ਵੀ ਪਹੁੰਚਣਗੇ। ਸਮਾਗਮ ਦੌਰਾਨ ਸਿੰਘ ਸਾਹਿਬ ਬਾਬਾ ਬਲਵਿੰਦਰ ਸਿੰਘ ਜੀ ਮੱਤੇਵਾਲ ਗੁਰਬਾਣੀ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ। ਸਮਾਗਮ ਦੌਰਾਨ ਪੰਥਕ ਕਵੀ ਤਰਲੋਕ ਸਿੰਘ ਦੀਵਾਨਾ ਪੰਜਵੇਂ ਯਾਦਗਾਰੀ ਅਵਾਰਡ ਨਾਲ ਭਾਈ ਮੱਖਣ ਸਿੰਘ ਧਾਲੀਵਾਲ ਜੀ ਨੂੰ ਸਨਮਾਨਿਤ ਕੀਤਾ ਜਾਵੇਗਾ। ਇਸ ਜਾਣਕਾਰੀ ਮੌਕੇ ਸਮਾਗਮ ਦਾ ਇਸ਼ਤਿਹਾਰ ਜਾਰੀ ਕਰਦੇ ਹੋਏ ਬਾਬਾ ਨਿਰਮਲ ਸਿੰਘ ਜੀ, ਮਲਕੀਤ ਸਿੰਘ ਨਿਮਾਣਾ ਮੱਤੇਵਾਲ, ਮੈਨੇਜਰ ਕੁਲਬੀਰ ਸਿੰਘ ਬੱਬੂ,ਭਾਈ ਪ੍ਰਗਟ ਸਿੰਘ,ਦਵਿੰਦਰ ਸਿੰਘ,ਗੁਰਮੀਤ ਸਿੰਘ,ਅੰਮ੍ਰਿਤਪਾਲ ਸਿੰਘ,ਗੁਰਮੇਲ ਸਿੰਘ ਅਤੇ ਚੰਨ ਮਸਤਾਨ ਹਾਜ਼ਰ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV

# ਫ਼ਿਰੋਜ਼ਪੁਰ ਵਿੱਚ ਕਾਨੂੰਨ ਵਿਵਸਥਾ ਬੇਹਾਲ, ਲੋਕ ਆਪਣੇ ਪੈਸਿਆਂ ਨਾਲ ਲਾ ਰਹੇ ਗੇਟ-ਸਰਕਾਰ ਖ਼ਾਮੋਸ਼



ਫ਼ਿਰੋਜ਼ਪੁਰ, 4 ਅਪ੍ਰੈਲ (ਮਨੋਹਰ ਲਾਲ) :— ਫ਼ਿਰੋਜ਼ਪੁਰ ਸ਼ਹਿਰ ਵਿੱਚ ਕਾਨੂੰਨ ਵਿਵਸਥਾ ਦੀ ਗੰਭੀਰ ਨਾਕਾਮੀ ਦੇ ਕਾਰਨ ਲੋਕ ਆਪਣੀ ਸੁਰੱਖਿਆ ਲਈ ਹੁਣ ਖ਼ੁਦ ਪੈਸਾ ਖਰਚ ਕਰਕੇ ਇੰਤਜ਼ਾਮ ਕਰਨ ਲੱਗ ਪਏ ਹਨ। ਸ਼੍ਰੀ ਸਨਾਤਨ ਧਰਮ ਪ੍ਰਚਾਰ ਐਂਡ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਪੰਡਿਤ ਮਨੀਸ਼ ਸ਼ਰਮਾ ਨੇ ਕਿਹਾ ਕਿ ਸਰਕਾਰ ਲੋਕਾਂ ਤੋਂ ਟੈਕਸ ਤਾਂ ਵਸੂਲ ਰਹੀ ਹੈ, ਪਰ ਸੁਰੱਖਿਆ ਦੇਣ ਵਿੱਚ ਨਿਕੰਮੀ ਸਾਬਤ ਹੋ ਰਹੀ ਹੈ। ਮਾਡਲ ਟਾਊਨ ’ਚ ਲੋਕਾਂ ਨੇ ਆਪਣੇ ਇਲਾਕੇ ਦੀ ਸੁਰੱਖਿਆ ਲਈ ਗੇਟ ਲਗਾਉਣ ਦੀ ਸ਼ੁਰੂਆਤ ਕੀਤੀ ਹੈ, ਇਥੇ ਪੰਜ ਰਸਤੇ ਸਨ ਜਿਨ੍ਹਾਂ ’ਚੋਂ ਚਾਰ ਰਸਤੇ ਬੰਦ ਕਰ ਦਿੱਤੇ ਗਏ ਹਨ ਤੇ ਇਕ ਰਸਤੇ ਉੱਤੇ ਰਾਤ ਨੂੰ ਚੌਕੀਦਾਰ ਬੈਠਾਇਆ ਜਾਂਦਾ ਹੈ। ਇਨ੍ਹਾਂ ਗੇਟਾਂ ਦੀ ਲਗਾਤਾਰ ਦੇਖਭਾਲ ਵੀ ਲੋਕ ਆਪ ਕਰ ਰਹੇ ਹਨ। ਇਸੇ ਤਰ੍ਹਾਂ ਰੋਜ਼ ਐਵਿਨਿਊ ’ਚ ਵੀ ਚਾਰ ਗੇਟ ਲਗਾਏ ਗਏ ਹਨ, ਜਿਥੇ ਇਕ ਰਸਤਾ ਖੁੱਲਾ ਰੱਖਿਆ ਜਾਂਦਾ ਹੈ ਅਤੇ ਉੱਥੇ ਵੀ ਚੌਕੀਦਾਰ ਰਾਤ ਨੂੰ ਡਿਊਟੀ ਕਰਦਾ ਹੈ ਅਤੇ ਮੁਲਤਾਨੀ ਗੇਟ ਸਥਿਤ ਦੇਵੀਲਾਲ ਸਾਹਿਬ ਮੰਦਰ ’ਚ ਹੋਈ ਮੀਟਿੰਗ ਅੱਜ ਮੁਲਤਾਨੀ ਗੇਟ ਸਥਿਤ ਦੇਵੀਲਾਲ ਸਾਹਿਬ ਮੰਦਰ ਵਿਖੇ ਇਕ ਮਹੱਤਵਪੂਰਨ ਮੀਟਿੰਗ ਹੋਈ ਜਿਸ ਵਿੱਚ ਕਈ ਇਲਾਕਿਆਂ ਤੋਂ ਆਏ ਸਮਾਜ ਸੇਵਕਾਂ ਨੇ ਭਾਗ ਲਿਆ। ਮੀਟਿੰਗ ਦੌਰਾਨ ਫ਼ਿਰੋਜ਼ਪੁਰ ਦੀ ਸੁਰੱਖਿਆ ਸਥਿਤੀ ’ਤੇ ਗੰਭੀਰ ਚਰਚਾ ਹੋਈ। ਇਸ ਦੌਰਾਨ ਸਰਕਾਰ ਦੇ ਝੂਠੇ ਦਾਅਵੇ ਹੋਏ ਨੰਗੇ, ਜਿਸ ਵਿਚ ਚੋਰੀ, ਲੁੱਟ, ਨਸ਼ਾ ਅਤੇ ਅਸਮਾਜਿਕ ਤੱਤਾਂ ਦੀਆਂ ਗਤੀਵਿਧੀਆਂ ਹਰ ਰੋਜ਼ ਵਧਦੀਆਂ ਜਾ ਰਹੀਆਂ ਹਨ, ਲੋਕ ਆਪਣੇ ਘਰਾਂ ਅਤੇ ਇਲਾਕਿਆਂ ਦੀ ਰਾਖੀ ਲਈ ਰਾਤ ਰਾਤ ਜਾਗਣ ਲਈ ਮਜਬੂਰ ਹੋ ਰਹੇ ਹਨ। ਮੀਟਿੰਗ ਵਿੱਚ ਪੰਡਿਤ ਮਨੀਸ਼ ਸ਼ਰਮਾ ਦੇ ਨਾਲ ਨਵੀਨ ਸ਼ਰਮਾ, ਰਮੇਸ਼ ਸ਼ਰਮਾ, ਰਾਮ ਅਵਤਾਰ, ਸ਼ਾਸਤਰੀ, ਪੰਡਿਤ ਹਰਿਰਾਮ, ਸ਼ੰਮੀ, ਰਾਜੇਸ਼ ਸਚਦੇਵਾ, ਦਿਨੇਸ਼ ਅਗਰਵਾਲ, ਸੋਨੂ, ਸਨੀ ਅਗਰਵਾਲ, ਸੰਜੀਵ ਨਰੂਲਾ ਵਰਗੇ ਕਈ ਗਣਮਾਨ ਲੋਕ ਮੌਜੂਦ ਸਨ। ਇਸ ਮੌਕੇ ਪ੍ਰਸ਼ਾਸਨ ਤੋਂ ਸਖ਼ਤ ਕਦਮਾਂ ਦੀ ਮੰਗ ਕਰਦਿਆਂ ਅਪੀਲ ਕੀਤੀ ਕਿ ਸਰਕਾਰ ਨਸ਼ੇ, ਗੁੰਡਾਗਰਦੀ ਅਤੇ ਕਾਨੂੰਨ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ਼ ਸਖ਼ਤ ਕਦਮ ਚੁੱਕੇ।

ਆਵਾਜ਼ਿ ਕੌਮ AWAZE QAUM International Newspaper & WEB TV

# ਇਨਸਾਨੀਅਤ ਸੇਵਾ ਦਲ ਰਜਿ: ਫ਼ਿਰੋਜ਼ਪੁਰ ਵੱਲੋਂ ਸੇਵਾਦਾਰ ਦੀ 30ਵੀਂ ਵਰ੍ਹੇਗੰਢ ਮੰਦਿਰ ਨੀਲ ਕੰਠ ਵਿਚ 12 ਤੇ 13 ਅਪ੍ਰੈਲ ਨੂੰ ਮਨਾਈ ਜਾਵੇਗੀ

**ਫ਼ਿਰੋਜ਼ਪੁਰ, 4 ਅਪ੍ਰੈਲ (ਮਨੋਹਰ ਲਾਲ)** :— ਇਨਸਾਨੀਅਤ ਸੇਵਾ ਦਲ ਰਜਿ: ਫ਼ਿਰੋਜ਼ਪੁਰ ਵੱਲੋਂ ਸੇਵਾ ਦਲ ਦੀ 30ਵੀਂ ਵਰ੍ਹੇਗੰਢ ਮੰਦਿਰ ਨੀਲ ਕੰਠ ਵਿਚ 12 ਅਤੇ 13 ਅਪ੍ਰੈਲ ਨੂੰ ਬੜੀ ਸ਼ਰਧਾ ਭਾਵਨਾ ਨਾਲ ਮਨਾਈ ਜਾਵੇਗੀ। ਇਹ ਜਾਣਕਾਰੀ ਸ੍ਰੀ ਰਜਿੰਦਰ ਸ਼ਰਮਾ ਸਾਮਾ ਵਾਈਸ ਪ੍ਰਧਾਨ, ਰਜਿੰਦਰ ਸ਼ਰਮਾ ਕਾਂਤ, ਰਮਨ ਵਧਵਾ, ਸੰਜੀਵ ਸ਼ਰਮਾ, ਦਰਸ਼ਨ ਸਿੰਘ, ਅਸ਼ਵਨੀ ਅਤੇ ਰਮੇਸ਼ ਸ਼ਰਮਾ ਕੈਸ਼ੀਅਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ 12 ਅਪ੍ਰੈਲ ਨੂੰ ਸ੍ਰੀ ਰਮਾਇਣ ਜੀ ਦਾ ਪਾਠ ਰੱਖਿਆ ਜਾਵੇਗਾ ਅਤੇ 13 ਅਪ੍ਰੈਲ ਨੂੰ ਭੋਗ ਪਾਇਆ ਜਾਵੇਗਾ। ਉਪਰੰਤ ਕੀਰਤਨ ਭਜਨ ਦਾ ਗੁਣਗਾਣ ਕਰਕੇ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਤੇ ਲੰਗਰ ਛਕਾਇਆ ਜਾਵੇਗਾ। ਇਸ ਮੌਕੇ ਤੇ ਰਜਿੰਦਰ ਸ਼ਰਮਾ ਪ੍ਰਧਾਨ, ਸੀਨੀਅਰ ਵਾਈਸ ਪ੍ਰਧਾਨ ਰਜਿੰਦਰ ਸ਼ਰਮਾ ਕਾਂਤ, ਚੰਨਾ ਜੀ, ਸੈਕਟਰੀ ਰਮੇਸ਼ਾ ਸ਼ਰਮਾ ਕੈਸ਼ੀਅਰ, ਰਮਨ ਵਧਵਾ, ਮੈਂਬਰ ਸੰਜੀਵ ਸ਼ਰਮਾ, ਦਰਸ਼ਨ ਸਿੰਘ, ਅਸ਼ਵਨੀ ਆਦਿ ਆਗੂ ਹਾਜ਼ਰ ਸਨ।



## ਮਹਿਲਾ ਕੰਨਸਟੇਬਲ ਅਮਨਦੀਪ ਕੌਰ ਦੇ ਕਾਲੇ ਕਾਰਨਾਮਿਆਂ ਨੇ ਲੋਕਾਂ ਨੂੰ

# ਆਪਣੀਆਂ ਧੀਆਂ ਭੈਣਾਂ ਪੁਲਿਸ 'ਚ ਭਰਤੀ ਨਾ ਕਰਵਾਉਣ ਦੀ ਪ੍ਰੇਰਨਾ ਦਿੱਤੀ ਹੈ : ਭਾਈ ਵਿਰਸਾ ਸਿੰਘ ਖਾਲਸਾ

**ਜੰਡਿਆਲਾ ਗੁਰੂ 4 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)**-ਮਾਨਸਾ ਦੀ ਭਰਤੀ ਅਤੇ ਕਾਲੇ ਕਾਰਨਾਮਿਆਂ ਕਰਕੇ ਡੈਪੂਟੇਸ਼ਨ ਤੇ ਪੁਲਿਸ ਲਾਈਨ ਬਠਿੰਡਾ ਵਿਖੇ ਤਾਇਨਾਤ ਮਹਿਲਾ ਕੰਨਸਟੇਬਲ ਬੀਬੀ ਅਮਨਦੀਪ ਕੌਰ ਦੇ ਕਾਲੇ ਕਾਰਨਾਮਿਆਂ ਕਰਕੇ ਲੋਕਾਂ ਦੀ ਰਾਖੀ ਕਰਨ ਵਾਲੀ ਖਾਕੀ ਵਰਦੀ ਦੀਆਂ ਇਜ਼ਤਾਂ ਕੀਮਤਾਂ ਤੇ ਕਦਰਾਂ ਨੂੰ ਮਿੱਟੀ ਵਿੱਚ ਰੋਲ ਕੇ ਜਿਥੇ ਰੱਖ ਦਿੱਤਾ ਹੈ ਉਥੇ ਮਾ ਪਿਉ ਭੈਣ ਭਰਾ ਤੇ ਰਿਸ਼ਤੇਦਾਰਾਂ ਨੂੰ ਚੰਗਾ ਬਦਨਾਮ ਕੀਤਾ ਹੈ, ਬੀਬੀ ਅਮਨਦੀਪ ਕੌਰ ਦੇ ਪੁਲਿਸ ਵਰਦੀ'ਚ ਚਿੱਟਾ ਵੇਚ ਕੇ ਕਰੋੜਾ ਦੀ ਕੋਠੀ,ਕਈ ਪਲਾਟ,ਤੇ ਲਗਜ਼ਰੀ ਕਾਰਾਂ ਦੇ ਨਾਲ ਨਾਲ ਕਈ ਉੱਚ ਅਫ਼ਸਰਾਂ ਨਾਲ ਨਜਾਇਜ਼ ਸਬੰਧ ਹੋਣ ਵਾਲੇ ਕਾਲੇ ਕਾਰਨਾਮਿਆਂ ਦਾ ਚਿੱਠਾ ਜੋਂ ਸੋਸ਼ਲ ਮੀਡੀਆ ਤੇ ਚਿੱਟਾ ਵੇਚਣ ਵਾਲੀ ਪੁਲਿਸ ਕੰਨਸਟੇਬਲ ਬੀਬੀ ਅਮਨਦੀਪ ਕੌਰ ਤੋਂ ਪੀੜਤ ਮਹਿਲਾ ਜਿਸ ਦਾ ਘਰ ਵਾਲਾ ਇਹਨੇ ਚਿਟੇ ਵੇਚਣ ਲਈ ਪਾਰਟਨਰ ਬਣਾਇਆ ਤੇ ਉਹਦਾ ਘਰ ਬਰਬਾਦ ਕੀਤਾ ਵੱਲੋਂ ਜੋ ਕੁਝ ਦੱਸਿਆ ਜਾ ਰਿਹਾ ਹੈ ਉਸ ਨੂੰ ਲਿਖਣ ਲੱਗਿਆਂ ਵੀ ਸ਼ਰਮ ਆਉਂਦੀ ਹੈ, ਕਿ ਅਜਿਹੀ ਧੀ ਤਾ ਜੰਮਦਿਆਂ ਹੀ ਮਰ ਜਾਂਦੀ ਤਾਂ ਚੰਗਾ ਸੀ ਜਿਸ ਨੇ ਸਾਰੀ ਦੁਨੀਆਂ'ਚ ਮਾ ਪਿਉ ਭੈਣਾਂ ਭਰਾਵਾਂ ਦੀ ਇੱਜਤ ਨੂੰ ਮਿੱਟੀ ਵਿੱਚ ਰੋਲ ਕੇ ਰੱਖ ਦਿੱਤਾ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਬਠਿੰਡਾ ਵਿਖੇ ਤਾਇਨਾਤ ਪੁਲਿਸ ਕੰਨਸਟੇਬਲ ਬੀਬੀ ਅਮਨਦੀਪ ਕੌਰ ਦੀ ਕਾਲੇ ਰੰਗ ਦੀ ਥਾਰ ਕਾਰ'ਚ 17.5 ਗ੍ਰਾਮ ਹੈਰੋਇਨ ਸਮੇਤ ਕਾਬੂ ਕਰਨ ਤੇ ਇੱਕ ਪੀੜਤ ਮਹਿਲਾ ਵੱਲੋਂ ਇਸ ਦੇ ਖਾਕੀ ਵਰਦੀ ਵਿੱਚ ਕੀਤੇ ਜਾ ਰਹੇ ਕਾਲੇ ਕਾਰਨਾਮਿਆਂ ਨੂੰ ਮੁੱਖ ਰੱਖਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਭਾਈ ਖਾਲਸਾ ਦੱਸਿਆ ਕਿ ਇਸ ਤੋਂ ਪੀੜਤ ਮਹਿਲਾ ਨੇ ਸ਼ਰੇਆਮ ਮੀਡੀਆ ਸਹਾਮਣੇ ਬੀਬੀ ਅਮਨਦੀਪ ਕੌਰ ਪੁਲਿਸ ਕੰਨਸਟੇਬਲ ਦੇ ਚਿੱਟਾ ਵੇਚ ਕੇ ਕਰੋੜਾ ਦੀ ਕੋਠੀ ਕਈ ਪਲਾਟ ਲਗਜ਼ਰੀ ਕਾਰਾਂ,ਸੋਨੇ ਦੇ ਨਾਲ ਨਾਲ ਪੁਲਿਸ ਦੇ ਉੱਚ ਅਫ਼ਸਰਾਂ ਨਾਲ ਨਜਾਇਜ਼ ਸਬੰਧ ਤੇ ਸਾਹੀ ਜ਼ਿੰਦਗੀ ਬਿਤਾਉਣ ਦਾ ਸਾਰਾ ਖੁਲਾਸਾ ਕੀਤਾ, ਭਾਈ ਖਾਲਸਾ ਨੇ ਦੱਸਿਆ ਉਸ ਨੇ ਇਹ ਵੀ ਦੱਸਿਆ ਮੈਂ ਇਸ ਦੇ ਉੱਚ ਅਫ਼ਸਰਾਂ ਨਾਲ ਨਜਾਇਜ਼ ਸਬੰਧਾਂ ਸਬੰਧੀ ਸਬੂਤ ਵੀ ਪੇਸ਼ ਕਰ ਸਕਦੀ ਹਾਂ, ਭਾਈ ਖਾਲਸਾ ਨੇ ਕਿਹਾ ਲੋਕ ਤਾਂ ਇਥੋਂ ਤਕ ਕਹਿ ਰਹੇ ਹਨ ਕਿ ਇਸ ਦੀ ਸਾਰੀ ਜਾਂਚ ਸੀ ਬੀ ਆਈ ਤੋਂ ਕਰਵਾਉਣੀ ਚਾਹੀਦੀ ਹੈ ਕਿਉਂਕਿ ਇਸ ਮਹਿਲਾ ਪੁਲਿਸ ਕਾਂਸਟੇਬਲ ਦਾ ਖਾਸਮਖਾਸ ਮੁੱਖ ਮੰਤਰੀ ਦਾ ਖ਼ਾਸ ਬੰਦਾ ਹੈ ਅਤੇ ਲੁਧਿਆਣਾ ਦੀ ਜ਼ਿਮਨੀ ਚੋਣ ਜਿੱਤਣ ਲਈ ਉਸ ਦੀ ਡਿਊਟੀ ਲਗਾਈ ਗਈ ਹੈ, ਭਾਈ ਖਾਲਸਾ ਨੇ ਕਿਹਾ ਅਜਿਹੇ ਹਲਾਤਾਂ ਵਿੱਚ ਇਹ ਚਿੱਟਾ ਵੇਚ ਕੇ ਪੰਜਾਬ ਦੀ ਜਵਾਨੀ ਨੂੰ ਤਬਾਹ ਕਰਨ ਵਾਲੀ ਮਹਲਾ ਕੰਨਸਟੇਬਲ ਤੇ ਮੁੱਖ ਮੰਤਰੀ ਕੋਈ ਸਖ਼ਤ ਕਾਰਵਾਈ ਕਰਨਗੇ ਜਾ ਫਿਰ ਕਰਨਲ ਕੁੱਟਮਾਰ ਮਾਮਲੇ'ਚ ਵਾਂਗ ਆਪਣੀ ਪੁਲਿਸ ਨੂੰ ਬਚਾਇਆ ਜਾਵੇ ਗਾਂ, ਭਾਈ ਖਾਲਸਾ ਨੇ ਕਿਹਾ ਲੋਕ ਤਾਂ ਇਹ ਵੀ ਕਹਿ ਰਹੇ ਹਨ ਕਿ ਮੁੱਖ ਮੰਤਰੀ ਸਾਹਿਬ ਯੁੱਧ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਜਿਵੇਂ ਹੋਰਨਾਂ ਤਸਕਰਾਂ ਦੇ ਘਰਾਂ ਤੇ ਬੁਲਡੋਜ਼ਰ ਚਲਾਇਆ ਗਿਆ ਉਸ ਤਰ੍ਹਾਂ ਇਸ ਮਹਿਲਾ ਪੁਲਿਸ ਕਾਂਸਟੇਬਲ ਜੋਂ ਸਰੀਰਕ ਸਬੰਧਾਂ ਰਾਹੀਂ ਵੱਡੇ ਵੱਡੇ ਪੁਲਿਸ ਅਫਸਰਾਂ ਨਾਲ ਸਬੰਧਤ ਹੈ ਦੀ ਕੋਠੀ ਬੁਲਡੋਜ਼ਰ ਨਾਲ ਢਾਈ ਜਾਵੇਂਗੀ ਲੋਕਾਂ ਦਾ ਕੇਜਰੀਵਾਲ ਤੇ ਭਗਵਾਨ ਮਾਨ ਤੋਂ ਜੁਵਾਬ ਮੰਗਿਆ ਗਿਆ ਹੈ ਭਾਈ ਖਾਲਸਾ ਨੇ ਕਿਹਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਮਹਿਲਾ ਕੰਨਸਟੇਬਲ ਬੀਬੀ ਅਮਨਦੀਪ ਕੌਰ ਦੀ ਖਾਕੀ'ਚ ਕੀਤੇ ਕਾਲੇ ਕਾਰਨਾਮਿਆਂ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੀ ਹੋਈ ਸਰਕਾਰ ਤੋਂ ਪੀੜਤ ਮਹਿਲਾ ਦੀ ਮੰਗ ਅਨੁਸਾਰ ਬੇਨਤੀ ਕਰਦੀ ਹੈ ਚਿੱਟੇ ਦੇ ਕਾਰੋਬਾਰ ਵਿੱਚ ਲਿਪਤ ਉੱਚ ਪੁਲਿਸ ਅਧਿਕਾਰੀਆਂ ਦੀਆਂ ਜਾਇਦਾਦਾਂ ਦੀ ਵੀ ਜਾਂਚ ਕੀਤੀ ਜਾਵੇ ਅਤੇ ਜਿਹੜੇ ਜਿਹੜੇ ਅਫਸਰਾ ਨੇ ਨਜਾਇਜ਼ ਸਬੰਧਾਂ ਰਾਹੀਂ ਇਸ ਮਹਿਲਾ ਪੁਲਿਸ ਕਾਂਸਟੇਬਲ ਨੂੰ ਗ.ਲਤ ਕੰਮ ਕਰਨ ਲਈ ਸਹਾਇਤਾ ਕੀਤੀ ਉਸ ਦੀ ਸਾਰੀ ਸਚਾਈ ਲੋਕਾਂ ਸਹਾਮਣੇ ਲਿਆਂਦਾ ਜਾਵੇ ਤਾਂ ਹੀ ਯੁੱਧ ਨਸ਼ਿਆਂ ਵਿਰੁੱਧ ਵਾਲੀ ਵਿੱਢੀ ਮੁਹਿੰਮ ਤੇ ਲੋਕਾਂ ਨੂੰ ਭਰੋਸਾ ਹੋਵੇਗਾ।



## ਨਾ ਸਿੱਖਾਂ ਨੂੰ ਖ਼ਤਰਾ ਨਾ ਸ਼੍ਰੋਮਣੀ ਕਮੇਟੀ ਨੂੰ

# ਬਾਦਲਕਿਆਂ ਦੀ ਰਾਜਨੀਤੀ ਜ਼ਰੂਰ ਖ਼ਤਰੇ 'ਚ ਹੈ : ਪ੍ਰੋ. ਸਰਚਾਂਦ ਸਿੰਘ ਖਿਆਲਾ

**ਅੰਮ੍ਰਿਤਸਰ, 4 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ ਦੇ ਸੂਬਾਈ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਗਤੀਸ਼ੀਲ ਅਗਵਾਈ 'ਚ ਵਕ.ਫ ਸੋਧ ਬਿੱਲ 2025 ਨੂੰ ਸੰਸਦ ਦੇ ਦੋਵੇਂ ਸਦਨਾਂ ਵਿਚ ਪਾਸ ਕਰਦਿਆਂ ਭਾਰਤ ਨੇ ਸਮਾਜਿਕ ਨਿਆਂ ਪ੍ਰਤੀ ਇਕ ਇਤਿਹਾਸਕ ਕਦਮ ਪੁੱਟਿਆ ਹੈ, ਹੁਣ 'ਸਟੇਟ ਅੰਦਰ ਸਟੇਟ' ਬਣ ਚੁੱਕੇ ਵਕ.ਫ ਦੇ ਨਾਮ 'ਤੇ ਆਮ ਲੋਕਾਂ ਨਾਲ ਕੀਤੇ ਜਾਂਦੇ ਧੱਕੇ ਅਤੇ ਭ੍ਰਿਸ਼ਟਾਚਾਰ ਨੂੰ ਜੜ੍ਹੋਂ ਪੁੱਟਿਆ ਜਾ ਸਕੇਗਾ ਅਤੇ ਵਕ.ਫ ਪ੍ਰਸ਼ਾਸਨ ਨੂੰ ਆਧੁਨਿਕ ਬਣਾਉਂਦਿਆਂ ਵਕ.ਫ ਦੇ ਕੰਮਾਂ 'ਚ ਵਧੇਰੇ ਪਾਰਦਰਸ਼ਤਾ, ਜਵਾਬਦੇਹੀ ਅਤੇ ਸੁਧਾਰ ਕੀਤਾ ਜਾਵੇਗਾ।



ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਵਕ.ਫ ਸੋਧ ਬਿਲ ਰਾਸ਼ਟਰੀ ਹਿਤ ਦਾ ਮਾਮਲਾ ਹੈ, ਇਸਲਾਮ ਦੇ ਧਾਰਮਿਕ ਮਾਮਲਿਆਂ ਜਾਂ ਮਸਜਿਦ ਆਦਿ 'ਚ ਨਾ ਤਾਂ ਕੋਈ ਦਖ਼ਲ ਹੈ, ਇਸ ਲਈ ਕਿਸੇ ਦੀ ਵੀ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਦਾ ਤਾਂ ਸਵਾਲ ਹੀ ਪੈਦਾ ਨਹੀਂ ਹੁੰਦਾ। ਉਨ੍ਹਾਂ ਕਾਂਗਰਸ ਨੂੰ ਸਵਾਲ ਕੀਤਾ ਕਿ ਜੇ ਇਹ ਬਿਲ ਸੰਵਿਧਾਨ ਦੇ ਬੁਨਿਆਦੀ ਢਾਂਚੇ 'ਤੇ ਹਮਲਾ ਹੈ ਤਾਂ ਫਿਰ ਉਨ੍ਹਾਂ ਨੇ 1995 'ਚ ਇਸ ਬਾਰੇ ਐਕਟ ਅਤੇ 2013 ਦੇ 'ਚ ਹੋਰ ਸੋਧਾਂ ਕਿਸ ਬੁਨਿਆਦ 'ਤੇ ਕੀਤੀਆਂ ਹਨ? ਉਨ੍ਹਾਂ ਕਿਹਾ ਕਿ ਹੁਣ ਤਤਕਾਲੀ ਕਾਂਗਰਸ ਸਰਕਾਰ ਦੀਆਂ ਜਾਣਬੁੱਝ ਕੇ ਕੀਤੀਆਂ ਕੁਤਾਹੀਆਂ ਨੂੰ ਦੂਰ ਕੀਤਾ ਗਿਆ ਹੈ, ਜਿੱਥੇ ਕਾਂਗਰਸ ਨੇ ਵਕ.ਫ ਨੂੰ ਕਿਸੇ ਦੀ ਵੀ ਸੰਪਤੀ ਨੂੰ ਹੜੱਪਣ ਦੀ ਪੂਰੀ ਛੂਟ ਦਿੱਤੀ ਸੀ। ਪਹਿਲੀ ਸਥਿਤੀ 'ਚ ਵਕ.ਫ ਨਾਲ ਸੰਬੰਧਿਤ ਮਾਮਲਿਆਂ ਬਾਰੇ ਟ੍ਰਿਬਿਊਨਲ ਦੇ ਫ਼ੈਸਲੇ ਅੰਤਿਮ ਹੁੰਦੇ ਸਨ, ਜਿਸਨੂੰ ਕਿਸੇ ਵੀ ਸਿਵਲ ਅਦਾਲਤ ਵਿਚ ਚੁਨੌਤੀ ਨਹੀਂ ਸੀ ਦਿੱਤੀ ਜਾ ਸਕਦੀ, ਪਰ ਹੁਣ ਫ਼ੈਸਲਿਆਂ ਖਿਲਾਫ ਅਦਾਲਤਾਂ 'ਚ ਅਪੀਲ ਕੀਤੀ ਜਾ ਸਕੇਗੀ।

> **ਵਕ.ਫ ਸੋਧ ਬਿੱਲ ਨਾਲ 'ਸਟੇਟ ਅੰਦਰ ਸਟੇਟ' ਬਣ ਚੁੱਕੇ ਵਕ.ਫ ਦੇ ਨਾਮ 'ਤੇ ਧੱਕੇਸ਼ਾਹੀ ਖ਼ਤਮ ਹੋਵੇਗੀ**

ਪ੍ਰੋ. ਸਰਚਾਂਦ ਸਿੰਘ ਨੇ ਲੋਕ ਸਭਾ 'ਚ ਅਕਾਲੀ ਦਲ ਬਾਦਲ ਦੀ ਮੈਂਬਰ ਪਾਰਲੀਮੈਂਟ ਬੀਬਾ ਹਰਸਿਮਰਤ ਕੌਰ ਬਾਦਲ ਦੇ ਮੁਸਲਮਾਨਾਂ ਪ੍ਰਤੀ ਹੇਜ 'ਤੇ ਕਿਹਾ ਕਿ ਬੀਬਾ ਬਾਦਲ ਦੀਆਂ ਟਿੱਪਣੀਆਂ ਰਾਜਨੀਤੀ ਤੋਂ ਪ੍ਰੇਰਿਤ ਹੈ, ਉਨ੍ਹਾਂ ਕਿਹਾ ਕਿ ਸਿੱਖਾਂ ਨੂੰ ਨਾ ਕੇਂਦਰ ਸਰਕਾਰ ਤੋਂ ਖ਼ਤਰਾ ਹੈ, ਨਾ ਹੀ ਸ਼੍ਰੋਮਣੀ ਕਮੇਟੀ ਖ਼ਤਰੇ ਵਿੱਚ ਹੈ। ਅਸਲ ਵਿੱਚ ਖ਼ਤਰਾ ਬਾਦਲਕਿਆਂ ਦੇ ਰਾਜਨੀਤਿਕ ਕੈਰੀਅਰ ਨੂੰ ਹੈ । ਬੀਬਾ ਬਾਦਲ ਭਾਜਪਾ 'ਤੇ ਬੇਬੁਨਿਆਦ ਦੋਸ਼ ਲਾ ਕੇ ਕਾਂਗਰਸ ਅਤੇ ਇੰਡੀਆ ਬਲਾਕ ਦੀ ਬੋਲੀ ਬੋਲ ਰਹੀ ਹੈ। ਨਾ ਤਾਂ ਕੇਂਦਰ ਸਰਕਾਰ ਵਕ.ਫ ਦੀਆਂ ਜਾਇਦਾਦਾਂ ਹੜੱਪਣਾ ਚਾਹੁੰਦੀ ਹੈ ਤੇ ਨਾ ਹੀ ਇਹਨਾਂ ਨੂੰ ਆਪਣੀ ਮਰਜ਼ੀ ਮੁਤਾਬਕ ਵੰਡਣਾ ਚਾਹੁੰਦੀ ਹੈ। ਇਹ ਸਭ ਨਿਆਂ ਅਤੇ ਮੁਸਲਿਮ ਭਾਈਚਾਰੇ ਦੀ ਭਲਾਈ ਵਾਸਤੇ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਿੱਖ ਭਾਈਚਾਰੇ ਨੂੰ ਅਤੇ ਧਰਮ ਜਾਂ ਪਛਾਣ ਨੂੰ ਕੋਈ ਖ਼ਤਰਾ ਨਹੀਂ ਹੈ। ਅਕਾਲੀ ਆਗੂ ਹਿੰਦੂਆਂ ਅਤੇ ਸਿੱਖਾਂ ਵਿਚ ਪਾੜ ਪਾਉਣ ਤੋਂ ਗੁਰੇਜ਼ ਕਰੇ। ਉਨ੍ਹਾਂ ਕਿਹਾ ਕਿ ਬੀਬਾ ਬਾਦਲ ਨੂੰ ਇਹ ਪਤਾ ਹੋਣਾ ਚਾਹੀਦਾ ਹੈ ਕਿ ਸਿੱਖਾਂ ਦੀ ਧਾਰਮਿਕ ਸੰਸਥਾ ਸ਼੍ਰੋਮਣੀ ਕਮੇਟੀ 'ਚ ਕੋਈ ਵੀ ਗੈਰ ਸਿੱਖ ਮੈਂਬਰ ਨਹੀਂ ਹੈ ਫਿਰ ਅਯੁੱਧਿਆ ਦੇ ਰਾਮ ਮੰਦਿਰ ਦੀ ਪ੍ਰਬੰਧਕ ਕਮੇਟੀ ਵਿਚ ਮੁਸਲਿਮ ਨਾਮਜ਼ਦ ਕਰ ਬਾਰੇ ਬਿਆਨ ਦੇਣ ਦੀ ਕੋਈ ਤੁਕ ਨਹੀਂ ਬਣਦੀ ਸੀ। ਵੱਖ ਵੱਖ ਭਾਈਚਾਰਿਆਂ 'ਚ ਕੁੜੱਤਣ ਪੈਦਾ ਕਰਨ ਦੀ ਕੋਸ਼ਿਸ਼ ਨਹੀਂ ਕੀਤੀ ਜਾਣੀ ਚਾਹੀਦੀ ਸੀ।

ਪ੍ਰੋ. ਸਰਚਾਂਦ ਸਿੰਘ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਵੱਲੋਂ ਵਕ.ਫ ਸੋਧ ਬਿੱਲ ਨੂੰ ਘੱਟ ਗਿਣਤੀਆਂ ਪ੍ਰਭਾਵਿਤ ਕਰਨ ਅਤੇ ਧਾਰਮਿਕ ਮਾਮਲਿਆਂ 'ਚ ਸਿੱਧੀ ਦਖਲਅੰਦਾਜ਼ੀ ਕਹਿਣ 'ਤੇ ਉਨ੍ਹਾਂ ਨੂੰ ਆੜੇ ਹੱਥੀਂ ਲਿਆ। ਉਨ੍ਹਾਂ ਯੂਨੀਫ਼ਾਰਮ ਸਿਵਲ ਕੋਡ ਨੂੰ ਘੱਟ ਗਿਣਤੀਆਂ ਨੂੰ ਦਬਾਉਣ ਦੀ ਕੋਸ਼ਿਸ਼ ਕਹਿਣ 'ਤੇ ਸਵਾਲ ਕੀਤਾ ਕਿ ਕੀ ਗੁਰਬਾਣੀ ਹਰੇਕ ਨੂੰ ਬਰਾਬਰ ਦਾ ਦਰਜਾ ਅਤੇ ਸੰਦੇਸ਼ ਨਹੀਂ ਦਿੰਦੀ? ਯੂਸੀਸੀ ਇਕ ਵਿਹਾਰਕ ਜਾਂ ਸਿਵਲ ਨਾਗਰਿਕ ਕੋਡ ਹੈ ਕੋਈ ਧਾਰਮਿਕ ਕੋਡ ਨਹੀਂ, ਜਿਸ ਕਾਰਨ ਵੱਖ-ਵੱਖ ਭਾਈਚਾਰਿਆਂ ਦੇ ਧਾਰਮਿਕ ਵਿਸ਼ਵਾਸਾਂ, ਹੋਂਦ ਅਤੇ ਪਛਾਣ ਨੂੰ ਕੋਈ ਖ਼ਤਰਾ ਨਹੀਂ ਹੋ ਸਕਦਾ ਹੋਵੇ, ਨਾ ਹੀ ਧਾਰਮਿਕ ਰੀਤੀ ਰਿਵਾਜ਼ਾਂ,ਕਦਰਾਂ ਕੀਮਤਾਂ, ਪਰੰਪਰਾ ਅਤੇ ਸਭਿਆਚਾਰ ਨੂੰ ਕੋਈ ਆਂਚ ਆ ਸਕਦੀ ਹੈ। ਇਕਸਾਰ ਨਾਗਰਿਕਤਾ ਰਾਸ਼ਟਰੀ ਏਕਤਾ ਨੂੰ ਮਜ਼ਬੂਤ ਕਰਨ ਵਲ ਕਦਮ ਜ਼ਰੂਰ ਹੈ।

ਪ੍ਰੋ. ਸਰਚਾਂਦ ਸਿੰਘ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਵੱਲੋਂ ਸਿੱਖ ਫ਼ੌਜੀਆਂ ਨੂੰ ਸਰਕਾਰ ਵੱਲੋਂ 'ਹੈਲਮੈਟ' ਪਾਉਣ ਲਈ ਨਿਯਮ ਬਣਾਉਣ ਬਾਰੇ ਸਵਾਲ ਉਠਾਉਣ 'ਤੇ ਉਨ੍ਹਾਂ ਕਰਾਰਾ ਜਵਾਬ ਦਿੰਦਿਆਂ ਕਿਹਾ ਤਜਵੀਜ਼ ਸ਼ੁਦਾ "ਲੜਾਕੂ ਹੈੱਡਗੇਅਰ" ਮਾਮਲੇ 'ਚ ਸਿੱਖ ਸੰਗਤਾਂ ਨੂੰ ਗੁਮਰਾਹ ਕਰਨ ਤੋਂ ਉਨ੍ਹਾਂ ਨੂੰ ਗੁਰੇਜ਼ ਕਰਨ ਦੀ ਲੋੜ ਹੈ। ਸਿੱਖ ਪਰੰਪਰਾ ਵਿਚ ਲੜਾਈ ਸਮੇਂ ਜਾਂ ਜੰਗ ਦੇ ਮੈਦਾਨ 'ਚ 'ਲੋਹ ਟੋਪ' ਪਹਿਨਣ ਦੀ ਰਵਾਇਤ ਰਹੀ ਹੈ, ਜਿਸ ਬਾਰੇ ਪ੍ਰਮਾਣਿਤ ਹਵਾਲੇ ਮਿਲਦੇ ਹਨ। ਪੰਥ ਪ੍ਰਵਾਨਿਤ ਭਾਈ ਰਤਨ ਸਿੰਘ ਭੰਗੂ ਦੀ ਲਿਖਤ "ਪ੍ਰਾਚੀਨ ਪੰਥ ਪ੍ਰਕਾਸ਼" 'ਚ ਫ਼ੌਲਾਦੀ ਟੋਪ ਦੇ ਇਤਿਹਾਸਕ ਪ੍ਰਚਲਣ ਬਾਰੇ ਸਬੂਤ ਹਨ। ਜਿੱਥੇ ਇਕ ਦਵੰਦ ਯੁੱਧ ਨੂੰ ਬਿਆਨ ਕਰਦਿਆਂ "ਸੁੱਖਾ ਸਿੰਘ ਭੀ ਸੰਜੋਇ ਮੰਗਾਯੋ।। ਦਸਤ ਦਸਤਾਨੇ ਸਿਰ ਟੋਪ ਟਿਕਾਯੋ।।" ਸਾਫ਼ ਲਿਖਿਆ ਮਿਲਦਾ ਹੈ।

ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਹੁਣ ਵਕਫ ਬੋਰਡ 'ਚ ਸ਼ੀਆ ਤੇ ਸੁੰਨੀ ਹੀ ਨਹੀਂ ਪਛੜੇ ਵਰਗ ਅਤੇ ਔਰਤਾਂ ਦੀ ਹਿੱਸੇਦਾਰੀ ਵੀ ਯਕੀਨੀ ਬਣਾਈ ਗਈ ਹੈ। ਕਾਂਗਰਸ ਦੁਆਰਾ ਬਣਾਏ ਗਏ ਵਕ.ਫ ਕਾਨੂੰਨ ਬਾਰੇ ਗਲ ਕਰਦਿਆਂ ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਵਕ.ਫ ਕਿਸੇ ਦੀ ਵੀ ਜ਼ਮੀਨ ਨੂੰ ਆਪਣੀ ਜਾਇਦਾਦ ਘੋਸ਼ਿਤ ਕਰ ਲੈਂਦਾ ਹੈ ਤਾਂ ਇਸ ਨੂੰ ਸਾਬਤ ਕਰਨ ਦੀ ਜ਼ਿੰਮੇਵਾਰੀ ਵਕ.ਫ ਦੀ ਨਾ ਹੋ ਕੇ ਸਗੋਂ ਜ਼ਮੀਨ ਦੇ ਅਸਲ ਮਾਲਕ ਦੀ ਸੀ ਕਿ ਉਹ ਇਹ ਦੱਸੇ ਕਿ ਉਸ ਦੀ ਜ਼ਮੀਨ ਵਕ.ਫ ਦੀ ਕਿਵੇਂ ਨਹੀਂ ਹੈ? ਸਾਰੇ ਕਾਗ.ਜ਼ਾਤ ਅਤੇ ਸਬੂਤ ਦਾਅਵੇਦਾਰ ਵਿਅਕਤੀ ਨੂੰ ਦੇਣੇ ਪੈ ਦੇ ਸਨ। ਉਨ੍ਹਾਂ ਕਿਹਾ ਕਿ ਸਾਰਿਆਂ ਨੂੰ ਬਰਾਬਰ ਦਾ ਅਧਿਕਾਰ ਮਿਲਣਾ ਚਾਹੀਦਾ ਹੈ। ਪਰ ਬਹੁਗਿਣਤੀ ਹਿੰਦੂਆਂ ਲਈ ਸੈਕੂਲਰ ਕਾਨੂੰਨ ਹੈ ਪਰ ਮੁਸਲਮਾਨਾਂ ਲਈ ਮਜ਼ਬੀ ਕਾਨੂੰਨ ' ਮੁਸਲਿਮ ਪਰਸਨਲ ਲਾਅ, ਜਿਸ 'ਚ ਬਹੁ ਵਿਆਹ ਦੀ ਛੋਟ ਅਤੇ ਤਿੰਨ ਤਲਾਕ ਵਰਗੇ ਇਸਤਰੀਆਂ ਦੇ ਹੱਕਾਂ ਦਾ ਹਨਨ ਤਕ ਮੌਜੂਦ ਹੈ। ਉਨ੍ਹਾਂ ਕਿਹਾ ਕਿ ਵੋਟ ਧਰੁਵੀਕਰਨ ਕਾਂਗਰਸ ਦੀ ਸੋਚ ਰਹੀ, ਜਿਸ ਨੇ ਚੋਣ ਮੈਨੀਫੈਸਟੋ ਤੋਂ ਲੈ ਕੇ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਤਕ ਨੇ ਦੇਸ਼ ਦੇ ਸੰਸਾਧਨਾਂ 'ਤੇ ਪਹਿਲਾ ਹੱਕ ਘਟ ਗਿਣਤੀਆਂ ਅਤੇ ਖ਼ਾਸਕਰ ਮੁਸਲਮਾਨਾਂ ਦਾ ਹੋਣਾ ਦੱਸਿਆ ਅਤੇ ਹਿੰਦੂਆਂ ਦੀ ਸੰਪਤੀ ਮੁਸਲਮਾਨਾਂ 'ਚ ਤਕਸੀਮ ਕਰਨ ਦੀ ਸੋਚ ਅਪਣਾਈ।

# ਆਪ ਕੇ ਸੰਤ ਤੋ ਹਮਾਰੇ ਲੀਏ ਖ਼ੁਦਾ ਹੈਂ

ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲ਼ੇ, ਖ਼ਾਲਸਾ ਪੰਥ ਦੀ ਐਸੀ ਮਹਾਨ ਸ਼ਖ਼ਸੀਅਤ ਹਨ ਜਿਨ੍ਹਾਂ ਦੀਆਂ ਸਿਫ਼ਤਾਂ ਦੂਜੀਆਂ ਕੌਮਾਂ ਦੇ ਲੋਕ ਵੀ ਕਰਦੇ ਹਨ। ਜਦੋਂ ਸੰਨ 2023 'ਚ ਅਸੀਂ ਕਸ਼ਮੀਰ ਗਏ ਤਾਂ ਪਹਿਲਗਾਮ 'ਚ ਅਚਾਨਕ ਹੀ ਸਾਡੀ ਮੁਲਾਕਾਤ ਇੱਕ ਮੁਸਲਿਮ ਵੀਰ 'ਮਹਿਰਾਜ ਦੀਨ ਭੱਟ' ਨਾਲ਼ ਹੋਈ। ਜਦ ਉਸ ਨੇ ਮੇਰੀ ਗੱਡੀ 'ਤੇ ਸੰਤ ਜਰਨੈਲ ਸਿੰਘ ਜੀ ਦੀ ਤਸਵੀਰ ਲੱਗੀ ਵੇਖੀ ਤਾਂ ਉਹ ਬਾਗ਼ੋ-ਬਾਗ਼ ਹੋ ਗਿਆ, ਉਸ ਨੇ ਸੰਤਾਂ ਦੀ ਤਸਵੀਰ ਨੂੰ ਸੈਲਿਊਟ ਕੀਤਾ। ਮੇਰੇ ਦੋਸਤ ਸ. ਅੰਗਦ ਸਿੰਘ ਨੇ ਸਾਨੂੰ ਉਸ ਨਾਲ਼ ਮਿਲ਼ਾਇਆ ਤੇ ਅਸੀਂ ਕਾਫ਼ੀ ਗੱਲਾਂ ਸਾਂਝੀਆਂ ਕੀਤੀਆਂ।



ਉਸ ਮੁਸਲਿਮ ਵੀਰ ਦੀ ਕਹੀ ਇੱਕ ਗੱਲ ਮੈਨੂੰ ਕਦੇ ਨਹੀਂ ਭੁੱਲਦੀ, ਤੇ ਵਾਰ-ਵਾਰ ਕੰਨਾਂ 'ਚ ਗੂੰਜਦੀ ਰਹਿੰਦੀ ਹੈ। ਉਸ ਦੇ ਬੋਲ ਸਨ ਕਿ "ਅਰੇ ਸਰਦਾਰ! ਆਪ ਕੇ ਸੰਤ ਤੋ ਹਮਾਰੇ ਲੀਏ ਖ਼ੁਦਾ ਹੈਂ, ਵੋਹ ਬਹੁਤ ਮਹਾਨ ਥੇ। ਵੋਹ ਹਮਾਰੇ ਲੀਡਰੋਂ ਜੈਸੇ ਨਹੀਂ ਥੇ, ਉਨਹੋਂ ਨੇ ਅਪਨਾ ਲਹੂ ਵਹਾ ਕਰ ਆਪ ਕੀ ਕੌਮ ਕੋ ਜ਼ਿੰਦਾ ਕਰ ਦੀਆ। ਆਜ ਭੀ ਸਰਕਾਰ ਉਸ ਕੀ ਫੋਟੋ ਸੇ ਡਰਤੀ ਹੈ, ਆਪ ਨੇ ਗਾੜੀ ਪਰ ਉਸ ਕੀ ਫੋਟੋ ਲਗਾ ਕਰ ਹਮੇਂ ਖ਼ੁਸ਼ ਕਰ ਦੀਆ। ਸੰਘਰਸ਼ ਔਰ ਜੰਗ ਕੀ ਸਫ਼ਲਤਾ ਕੇ ਲੀਏ ਐਸੇ ਲੀਡਰ ਕਾ ਹੋਨਾ ਬਹੁਤ ਜ਼ਰੂਰੀ ਹੈ, ਨਹੀਂ ਤੋ ਸਭ ਖ਼ਾਕ ਮੇਂ ਮਿਲ਼ ਜਾਤਾ ਹੈ।"

ਇਸੇ ਤਰ੍ਹਾਂ ਸੰਨ 2019 'ਚ ਸ੍ਰੀ ਨਗਰ ਦੇ ਬਜ਼ਾਰ 'ਚ ਸਾਨੂੰ ਇੱਕ ਬਜ਼ੁਰਗ ਮੁਸਲਮਾਨ ਮਿਲ਼ਿਆ। ਉਸ ਦੇ ਹੱਥ 'ਚ ਦੋ ਕੁਲਫ਼ੀਆਂ ਸਨ, ਉਹ ਮੈਨੂੰ ਅਤੇ ਮੇਰੀ ਸਿੰਘਣੀ (ਕਮਲਜੀਤ ਕੌਰ ਨਿਹੰਗ) ਨੂੰ ਕਹਿਣ ਲੱਗਾ ਕਿ "ਆਪ ਯੇਹ ਲੀਜੀਏ ਔਰ ਖਾਈਏ।" ਉਸ ਬਜ਼ੁਰਗ ਦੇ ਚਿਹਰੇ ਉੱਤੇ ਬੜੀ ਖ਼ੁਸ਼ੀ ਝਲਕ ਰਹੀ ਸੀ। ਉਸ ਨੇ ਸਾਨੂੰ ਦੱਸਿਆ ਕਿ ਮੈਂ ਤੁਹਾਨੂੰ ਵੇਖ ਕੇ ਇਹ ਕੁਲਫ਼ੀਆਂ ਸਪੈਸ਼ਲ ਲੈ ਕੇ ਆਇਆ ਹਾਂ। ਉਸ ਮੁਸਲਮਾਨ ਦੇ ਬੋਲ ਸਨ ਕਿ "ਜਬ ਯਹਾਂ ਪਾਣੀ/ਹੜ੍ਹ ਆ ਗਿਆ ਥਾ ਤੋ 'ਖ਼ਾਲਸਾ ਏਡ' ਨੇ ਹਮਾਰੀ ਬਹੁਤ ਮਦਦ ਕੀ ਥੀ। ਆਪ ਅੱਲਾਹ ਕੇ ਬੰਦੇ ਹੋ, ਸਭ ਕਾ ਭਲਾ ਕਰਤੇ ਹੋ। ਹਮ ਸਿੱਖੋਂ ਕੇ ਦੇਣਦਾਰ ਹੈਂ, ਜਬ ਇੰਡੀਆ ਹਮ ਪਰ ਜ਼ੁਲਮ ਕਰਤਾ ਹੈ ਤੋ ਆਪ ਸਿੱਖ ਲੋਗ ਪੰਜਾਬ ਸੇ ਹਮਾਰੇ ਹੱਕ ਕੇ ਲੀਏ ਬੋਲਤੇ ਹੈਂ। ਆਪ ਕੇ ਬਾਬਾ ਭਿੰਡਰਾਂਵਾਲੇ ਕੋ ਭੀ ਹਮ ਅਪਨਾ ਲੀਡਰ ਮਾਨਤੇ ਹੈਂ, ਸੰਤ ਭਿੰਡਰਾਂਵਾਲ਼ੇ ਜੈਸਾ ਕੋਈ ਨਹੀਂ ਹੈ, ਉਸ ਕੋ ਹਮ ਸਿਜਦਾ ਕਰਤੇਂ ਹੈਂ।"

ਅਜਿਹਾ ਹੀ ਇੱਕ ਹੋਰ ਵਾਕਿਆ ਮੈਨੂੰ ਯਾਦ ਹੈ ਕਿ ਅਸੀਂ ਸ੍ਰੀ ਨਗਰ ਦੀ ਇੱਕ ਦਰਗਾਹ ਹਜ਼ਰਤਬਲ ਦੇ ਨੇੜਿਓਂ ਕੁਝ ਖ਼੍ਰੀਦ ਰਹੇ ਸੀ ਤਾਂ ਇੱਕ ਨੌਜਵਾਨ ਮੁਸਲਮਾਨ ਵੀਰ 'ਆਸ਼ੀਆਂ ਖ਼ਾਂ' ਜੋ ਮੇਰੀ ਗੱਡੀ ਉੱਤੇ ਸੰਤਾਂ ਦੀ ਤਸਵੀਰ ਵੇਖ ਕੇ ਕਹਿਣ ਲੱਗਾ:- "ਅਰੇ ਸਰਦਾਰ ਸਾਬ੍ਹ! ਯੇ ਭਿੰਡਰਾਂਵਾਲੇ ਕੀ ਹੀ ਤਸਵੀਰ ਹੈ ? ਜੋ ਆਪ ਕੇ ਮੰਦਰ ਮੇਂ ਅੰਮ੍ਰਿਤਸਰ ਸ਼ਹੀਦ ਹੂਏ ਥੇ!"



ਮੈਂ ਕਿਹਾ, "ਹਾਂਜੀ! ਇਹ ਸੰਤ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲ਼ਿਆਂ ਦੀ ਤਸਵੀਰ ਹੈ।" ਫਿਰ ਉਸ ਮੁਸਲਮਾਨ ਵੀਰ ਨੇ ਕਿਹਾ ਕਿ "ਜਬ 1984 ਮੇਂ ਅਪ੍ਰੇਸ਼ਨ ਬਲਿਊ ਸਟਾਰ ਹੂਆ ਥਾ, ਤੋ ਮੇਰੇ ਚਾਚਾ ਨੇ ਯਹਾਂ ਸਰਦਾਰੋਂ ਕੇ ਸਾਥ ਮਿਲ਼ ਕਰ ਸਰਕਾਰ ਕੇ ਖ਼ਿਲਾ.ਫ ਪ੍ਰੋਟੈਸਟ ਕੀਆ ਥਾ। ਉਸ ਪ੍ਰੋਟੈਸਟ ਮੇਂ ਮੇਰੇ ਚਾਚਾ ਔਰ ਤੀਨ-ਚਾਰ ਸਰਦਾਰੋਂ ਕੋ ਫ਼ੌਜ ਨੇ ਗੋਲ਼ੀ ਮਾਰ ਦੀ ਥੀ।"

ਮੇਰੀ ਰੀਝ ਹੈ ਕਿ ਕਦੇ ਇਹਨਾਂ ਸ਼ਹੀਦ ਹੋਏ ਸਿੰਘਾਂ ਅਤੇ ਮੁਸਲਮਾਨ ਵੀਰਾਂ ਬਾਰੇ ਵੀ ਖੋਜ ਕਰਕੇ ਜ਼ਰੂਰ ਲਿਖਣਾ ਹੈ। ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲ਼ਿਆਂ ਬਾਰੇ ਕਿਸੇ ਅਦੀਬ ਦੇ ਬੋਲ ਹਨ ਕਿ "ਖ਼ੁਦਾ ਤੁਮ ਕੋ ਨਹੀਂ ਕਹਿ ਤੇ, ਮਗਰ ਸ਼ਾਨ-ਏ-ਖ਼ੁਦਾ ਤੁਮ ਹੋ।"

**- ਰਣਜੀਤ ਸਿੰਘ ਦਮਦਮੀ ਟਕਸਾਲ**
**(ਪ੍ਰਧਾਨ ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ), ਮੋ : 88722-93883**

# ਵਿਧਾਇਕ ਸੁਖਪਾਲ ਖਹਿਰਾ ਅਤੇ ਸਾਬਕਾ ਵਿਰੋਧੀ ਧਿਰ ਦੇ ਨੇਤਾ ਨੇ ਕਾਂਸਟੇਬਲ ਅਮਨਦੀਪ ਕੌਰ ਦੀ ਗ੍ਰਿਫਤਾਰੀ ਤੋਂ ਬਾਅਦ ਡਰੱਗ ਮਾਫੀਆ-ਪੁਲਿਸ ਗਠਜੋੜ ਦੀ ਡੂੰਘੀ ਜਾਂਚ ਦੀ ਮੰਗ ਕੀਤੀ

**ਚੰਡੀਗੜ੍ਹ, 4 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਵਿਧਾਇਕ ਸੁਖਪਾਲ ਸਿੰਘ ਖਹਿਰਾ ਨੇ ਪੰਜਾਬ ਵਿੱਚ ਡਰੱਗ ਮਾਫੀਆ ਅਤੇ ਪੁਲਿਸ ਦੇ ਉੱਚ ਅਧਿਕਾਰੀਆਂ ਵਿਚਕਾਰ ਕਥਿਤ ਡੂੰਘੇ ਗਠਜੋੜ ਦੀ ਵਿਆਪਕ ਅਤੇ ਨਿਰਪੱਖ ਜਾਂਚ ਦੀ ਮੰਗ ਕੀਤੀ ਹੈ। ਕਾਂਸਟੇਬਲ ਅਮਨਦੀਪ ਕੌਰ ਦੀ ਪੁਲਿਸ ਚੈਕਪੋਸਟ 'ਤੇ ਗ੍ਰਿਫਤਾਰੀ ਨੇ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਦੀ ਨਾਜਾਇਜ਼ ਡਰੱਗ ਵਪਾਰ ਵਿੱਚ ਸ਼ਮੂਲੀਅਤ ਬਾਰੇ ਹੈਰਾਨੀਜਨਕ ਖੁਲਾਸੇ ਸਾਹਮਣੇ ਲਿਆਂਦੇ ਹਨ, ਜਿਸ ਨਾਲ ਪੁਲਿਸ ਬਲ ਦੀ ਇਮਾਨਦਾਰੀ 'ਤੇ ਗੰਭੀਰ ਸਵਾਲ ਖੜ੍ਹੇ ਹੋ ਗਏ ਹਨ। ਗਿਰਫਤਾਰੀ ਦੌਰਾਨ ਕਾਂਸਟੇਬਲ ਅਮਨਦੀਪ ਕੌਰ ਨੇ ਕਥਿਤ ਤੌਰ 'ਤੇ ਇੱਕ ਸੀਨੀਅਰ ਆਈਪੀਐਸ ਅਧਿਕਾਰੀ ਨਾਲ ਆਪਣੇ ਸਬੰਧਾਂ ਦਾ ਹਵਾਲਾ ਦਿੱਤਾ, ਜੋ ਡਰੱਗ ਮਾਫੀਆ ਦੇ ਕੰਮਕਾਜ ਨੂੰ ਸਹੂਲਤ ਦੇਣ ਵਾਲੇ ਇੱਕ ਮਜ਼ਬੂਤ ਨੈਟਵਰਕ ਵੱਲ ਇਸ਼ਾਰਾ ਕਰਦਾ ਹੈ। ਖਹਿਰਾ ਨੇ ਦਾਅਵਾ ਕੀਤਾ ਕਿ ਇਹ ਘਟਨਾ ਇੱਕ ਪੰਡੋਰਾ ਦਾ ਡੱਬਾ ਖੋਲ੍ਹਦੀ ਹੈ, ਜੋ ਪੁਲਿਸ ਪ੍ਰਣਾਲੀ ਅੰਦਰਲੀ ਸੜਨ ਨੂੰ ਬੇਨਕਾਬ ਕਰਦੀ ਹੈ। "ਜੇਕਰ ਇਸ ਡਰੱਗ ਜ਼ਬਤੀ ਮਾਮਲੇ ਦੀ ਡੂੰਘੀ ਜਾਂਚ ਕੀਤੀ ਜਾਵੇ, ਤਾਂ ਇਹ ਪ੍ਰਭਾਵਸ਼ਾਲੀ ਅਧਿਕਾਰੀਆਂ ਵਿੱਚ ਭ੍ਰਿਸ਼ਟਾਚਾਰ ਅਤੇ ਮਿਲੀਭੁਗਤ ਦੀ ਹੱਦ ਨੂੰ ਉਜਾਗਰ ਕਰੇਗੀ," ਖਹਿਰਾ ਨੇ ਕਿਹਾ। ਇੱਕ ਹੋਰ ਸੰਬੰਧਿਤ ਘਟਨਾ ਵਿੱਚ ਇੱਕ ਲੀਕ ਹੋਈ ਆਡੀਓ ਗੱਲਬਾਤ ਨੇ ਚਿੰਤਾਵਾਂ ਨੂੰ ਹੋਰ ਵਧਾ ਦਿੱਤਾ ਹੈ, ਜਿਸ ਵਿੱਚ ਉਸੇ ਸੀਨੀਅਰ ਆਈਪੀਐਸ ਅਧਿਕਾਰੀ ਵੱਲ ਇਸ਼ਾਰਾ ਕੀਤਾ ਜਾ ਰਿਹਾ ਹੈ, ਜੋ ਵਰਤਮਾਨ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਪ੍ਰਸਤੀ ਹੇਠ ਇੱਕ ਮਹੱਤਵਪੂਰਨ ਅਹੁਦੇ 'ਤੇ ਤਾਇਨਾਤ ਹੈ। ਇਸ ਆਡੀਓ ਨੇ ਅਧਿਕਾਰੀ ਦੀ ਕਥਿਤ ਅਨੈਤਿਕਤਾ ਅਤੇ ਗੈਰ-ਕਾਨੂੰਨੀ ਗਤੀਵਿਧੀਆਂ ਵਿੱਚ ਸ਼ਮੂਲੀਅਤ ਨੂੰ ਨੰਗਾ ਕਰ ਦਿੱਤਾ ਹੈ, ਜਿਸ ਬਾਰੇ ਖਹਿਰਾ ਦਾ ਦਾਅਵਾ ਹੈ ਕਿ ਇਹ ਕੋਈ ਅਲੱਗ-ਥਲੱਗ ਘਟਨਾ ਨਹੀਂ ਹੈ। "ਇਸ ਅਧਿਕਾਰੀ ਦਾ ਅਜਿਹੇ ਦੁਰਾਚਾਰ ਦਾ ਇਤਿਹਾਸ ਰਿਹਾ ਹੈ, ਜਿਸ ਦੇ ਖਿਲਾਫ ਹਾਈ ਕੋਰਟ ਵਿੱਚ ਕਈ ਰਿੱਟਾਂ ਦਾਇਰ ਕੀਤੀਆਂ ਗਈਆਂ ਹਨ," ਖਹਿਰਾ ਨੇ ਅੱਗੇ ਕਿਹਾ। ਜਵਾਬਦੇਹੀ ਅਤੇ ਪਾਰਦਰਸ਼ਤਾ ਦੀ ਮੰਗ ਕਰਦਿਆਂ, ਖਹਿਰਾ ਨੇ ਡਰੱਗ ਮਾਫੀਆ-ਪੁਲਿਸ ਗਠਜੋੜ ਦੀ ਜਾਂਚ ਲਈ ਕੇਂਦਰੀ ਜਾਂਚ ਬਿਊਰੋ (ਸੀਬੀਆਈ) ਵਰਗੀ ਏਜੰਸੀ ਦੁਆਰਾ ਨਿਰਪੱਖ ਜਾਂਚ ਦੀ ਮੰਗ ਕੀਤੀ ਹੈ। "ਪੰਜਾਬ ਦੇ ਲੋਕ ਨਿਆਂ ਦੇ ਹੱਕਦਾਰ ਹਨ। ਸਿਰਫ ਇੱਕ ਨਿਰਪੱਖ ਜਾਂਚ ਹੀ ਸੱਚਾਈ ਨੂੰ ਬੇਨਕਾਬ ਕਰ ਸਕਦੀ ਹੈ ਅਤੇ ਇਸ ਅਪਵਿੱਤਰ ਗਠਜੋੜ ਨੂੰ ਤੋੜ ਸਕਦੀ ਹੈ," ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ। ਖਹਿਰਾ ਨੇ ਕਿਹਾ ਕਿ ਉਨ੍ਹਾਂ ਦੀ ਮੰਗ ਪੁਲਿਸ ਬਲ ਅੰਦਰ ਭ੍ਰਿਸ਼ਟਾਚਾਰ ਨੂੰ ਦੂਰ ਕਰਨ ਅਤੇ ਸਿਸਟਮ ਵਿੱਚ ਲੋਕਾਂ ਦਾ ਵਿਸ਼ਵਾਸ ਬਹਾਲ ਕਰਨ ਦੀ ਤੁਰੰਤ ਲੋੜ ਨੂੰ ਉਜਾਗਰ ਕਰਦੀ ਹੈ।



### ਭਾਈ ਮਹਿਲ ਸਿੰਘ ਬੱਬਰ ਨਮਿਤ ਸ੍ਰੀ ਦਰਬਾਰ ਸਾਹਿਬ ਵਿਖੇ

# ਅੰਤਿਮ ਅਰਦਾਸ ਮੌਕੇ ਪੰਥਕ ਜਥੇਬੰਦੀਆਂ ਹੋਈਆਂ ਸ਼ਾਮਲ

## ਭਾਈ ਮਹਿਲ ਸਿੰਘ ਬੱਬਰ ਦੀ ਕੁਰਬਾਨੀ ਨੂੰ ਮੁੱਖ ਰੱਖਦਿਆਂ ਸਿੱਖ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਸ਼ਰਧਾ ਅਤੇ ਸਤਿਕਾਰ ਦੀ ਭਾਵਨਾ ਨਾਲ ਹਾਜ਼ਰੀ ਭਰੀ

















**ਮਾਨਸਾ, 4 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੁਰਾਤਨ ਜੁਝਾਰੂ ਜਥੇਬੰਦੀ ਬੱਬਰ ਖ਼ਾਲਸਾ ਦੇ ਚੋਟੀ ਦੇ ਆਗੂ ਭਾਈ ਮਹਿਲ ਸਿੰਘ ਬੱਬਰ ਜੋ ਫ਼ਾਨੀ ਸੰਸਾਰ ਨੂੰ ਕੁਝ ਦਿਨ ਪਹਿਲਾਂ ਅਲਵਿਦਾ ਕਰ ਗਏ ਸਨ ਦੀ ਅੰਤਿਮ ਅਰਦਾਸ ਵਿੱਚ ਸ਼੍ਰੋਮਣੀ ਕਮੇਟੀ, ਸ੍ਰੀ ਦਰਬਾਰ ਸਾਹਿਬ ਦੇ ਪ੍ਰਬੰਧਕਾਂ ਤੋਂ ਇਲਾਵਾ ਪੰਥਕ ਜਥੇਬੰਦੀਆਂ ਨੇ ਹਿੱਸਾ ਲਿਆ। ਭਾਈ ਮਹਿਲ ਸਿੰਘ ਬੱਬਰ ਦੀ ਕੁਰਬਾਨੀ ਨੂੰ ਮੁੱਖ ਰੱਖਦਿਆਂ ਸਿੱਖ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਸ਼ਰਧਾ ਅਤੇ ਸਤਿਕਾਰ ਦੀ ਭਾਵਨਾ ਨਾਲ ਹਾਜ਼ਰੀ ਭਰੀ। ਅਖੰਡ ਕੀਰਤਨੀ ਜਥੇ ਵੱਲੋਂ ਰੱਖਵਾਏ ਪਾਠ ਦੇ ਭੋਗ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸ੍ਰੀ ਦਰਬਾਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ, ਗ੍ਰੰਥੀ ਗਿਆਨੀ ਬਲਜੀਤ ਸਿੰਘ, ਗਿਆਨੀ ਮਲਕੀਤ ਸਿੰਘ ਹੈੱਡ ਗ੍ਰੰਥੀ ਸ੍ਰੀ ਅਕਾਲ ਤਖਤ ਸਾਹਿਬ ਨੇ ਹਾਜ਼ਰੀ ਭਰੀ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠ ਦਾ ਭੋਗ ਪਾਉਣ ਉਪਰੰਤ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਮੇਲ ਸਿੰਘ ਨੇ ਵਿਰਾਗਮਈ ਕੀਰਤਨ ਕੀਤਾ। ਅਰਦਾਸ ਸਮਾਗਮ ਵਿੱਚ ਪੰਥਕ ਸੇਵਕ ਜਥਾ, ਹਵਾਰਾ ਕਮੇਟੀ, ਭਿੰਡਰਾਵਾਲਾ ਸਿੱਖ ਯੂਥ ਫੈਡਰੇਸ਼ਨ, ਦਲ ਖਾਲਸਾ, ਅਕਾਲ ਫੈਡਰੇਸ਼ਨ, ਕੌਮੀ ਇਨਸਾਫ਼ ਮੋਰਚਾ, ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ, ਅਕਾਲੀ ਦਲ ਵਾਰਿਸ ਪੰਜਾਬ ਆਦਿ ਜਥੇਬੰਦੀਆਂ ਨੇ ਹਿੱਸਾ ਲਿਆ। ਬੀਬੀ ਗੁਰਮੀਤ ਕੌਰ ਪਤਨੀ ਭਾਈ ਮਹਿਲ ਸਿੰਘ ਤੋਂ ਇਲਾਵਾ ਭਰਾਤਾ ਦਲਜੀਤ ਸਿੰਘ, ਭੈਣਾ ਅਤੇ ਪੁੱਤਰਾਂ ਨੂੰ ਸਿਰੋਪਾਉ ਦੀ ਬਖਸ਼ਿਸ਼ ਸਿੰਘ ਸਾਹਿਬ ਵਲੋਂ ਕੀਤੀ ਗਈ ਹਾਜ਼ਰੀ ਭਰਨ ਵਾਲਿਆਂ ਵਿੱਚ ਜਥੇਦਾਰ ਬਖ਼ਸ਼ੀਸ਼ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ, ਸਕੱਤਰ ਪ੍ਰਤਾਪ ਸਿੰਘ, ਮੈਨੇਜਰ ਗੁਰਮੀਤ ਸਿੰਘ, ਪ੍ਰੋਫੈਸਰ ਬਲਜਿੰਦਰ ਸਿੰਘ ਭੁਪਿੰਦਰ ਸਿੰਘ ਭਲਵਾਨ, ਪਰਮਜੀਤ ਸਿੰਘ ਸਰਨਾ, ਜਸਪਾਲ ਸਿੰਘ ਢੱਢੇ, ਮਹਾਬੀਰ ਸਿੰਘ ਸੁਲਤਾਨਵਿੰਡ, ਬਾਪੂ ਗੁਰਚਰਨ ਸਿੰਘ, ਸੁਰਜੀਤ ਸਿੰਘ ਭਿੱਟੇਵੱਢ, ਸਤਵੰਤ ਸਿੰਘ ਪੁੱਤਰ ਸ਼ਹੀਦ ਕੇਹਰ ਸਿੰਘ, ਦਵਿੰਦਰ ਸਿੰਘ ਭਰਾਤਾ ਸ਼ਹੀਦ ਮਹਿੰਗਾ ਸਿੰਘ, ਬੇਅੰਤ ਸਿੰਘ ਭਰਾਤਾ ਸ਼ਹੀਦ ਜਨਰਲ ਸ਼ਬੇਗ ਸਿੰਘ, ਬੀਬੀ ਸਵਰਨ ਕੌਰ, ਚਰਨ ਕੌਰ, ਸੁਖਵਿੰਦਰ ਸਿੰਘ, ਅਰਵਿੰਦਰ ਸਿੰਘ ਅਸਟ੍ਰੇਲੀਆ, ਦਿਲਬਾਗ ਸਿੰਘ, ਮੋਹਕਮ ਸਿੰਘ, ਦੀਦਾਰ ਸਿੰਘ,ਅਮਰਜੀਤ ਸਿੰਘ, ਪ੍ਰਗਟ ਸਿੰਘ, ਸੰਦੀਪ ਸਿੰਘ, ਕੰਵਰ ਸਿੰਘ ਧਾਮੀ, ਬਾਬਾ ਦਰਸ਼ਨ ਸਿੰਘ, ਗੁਰਦੀਪ ਸਿੰਘ ਮੱਟੀਆ, ਕਵੰਰਪਾਲ ਸਿੰਘ ਬਿੱਟੂ, ਦਲਜੀਤ ਸਿੰਘ ਬਿੱਟੂ, ਪਰਮਜੀਤ ਸਿੰਘ ਮੰਡ, ਮਨਧੀਰ ਸਿੰਘ, ਲਾਲ ਸਿੰਘ ਅਕਾਲ ਗੜ੍ਹ, ਪਰਮਜੀਤ ਸਿੰਘ ਗਾਜੀ, ਡਾ ਸੁਖਦੇਵ ਸਿੰਘ ਬਾਬਾ, ਬਲਦੇਵ ਸਿੰਘ ਨਵਾਂ ਪਿੰਡ, ਸਰਬਜੀਤ ਸਿੰਘ ਘੁਮਾਣ, ਰਾਜ ਸਿੰਘ, ਰਣਜੀਤ ਸਿੰਘ, ਨਰੈਣ ਸਿੰਘ ਚੌੜਾ, ਭਾਈ ਰਜਿੰਦਰ ਸਿੰਘ ਮੁਗਲਵਾਲ, ਜਰਨੈਲ ਸਿੰਘ ਸਖੀਰਾ, ਬੀਬੀ ਸੰਦੀਪ ਕੌਰ, ਸਤਨਾਮ ਸਿੰਘ ਝੰਝੀਆਂ, ਬਲਜੀਤ ਸਿੰਘ ਖਾਲਸਾ, ਤਰਲੋਕ ਸਿੰਘ, ਸਤਨਾਮ ਸਿੰਘ ਖੰਡਾ, ਬਾਪੂ ਤਰਸੇਮ ਸਿੰਘ, ਅਰਜਨ ਸਿੰਘ ਸ਼ੇਰਗਿੱਲ, ਮੱਖਣ ਸਿੰਘ ਭਰਾਤਾ ਸ਼ਹੀਦ ਸੁਲੱਖਣ ਸਿੰਘ, ਸਰਪੰਚ ਭੁਪਿੰਦਰ ਸਿੰਘ, ਦਲਜੀਤ ਸਿੰਘ ਗਿੱਲ, ਸਤਜੋਤ ਸਿੰਘ ਮੂਧਲ, ਜਸਬੀਰ ਸਿੰਘ ਝਬਾਲ, ਗੁਰੰਜਟ ਸਿੰਘ ਪਟਿਆਲਾ, ਸੁਰਜੀਤ ਸਿੰਘ ਗਿੱਲ, ਨਰਿੰਦਰ ਸਿੰਘ ਗਿੱਲ, ਮਹਿੰਦਰ ਸਿੰਘ ਖੋਦੇ ਬੇਟ, ਜਸਬੀਰ ਸਿੰਘ ਮੰਡਿਆਲਾ, ਮੇਜਰ ਸਿੰਘ,, ਪ੍ਰਤਾਪ ਸਿੰਘ ਕਾਲੀਆਂ ਆਦਿ ਨੇ ਹਾਜ਼ਰੀ ਭਰੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਮੁਸਲਿਮ ਭਾਈਚਾਰੇ ਦੇ ਵਫ਼ਦ ਵੱਲੋਂ

# ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਮੁਲਾਕਾਤ



**ਨਵੀਂ ਦਿੱਲੀ, 4 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਮੁਸਲਿਮ ਭਾਈਚਾਰੇ ਦੀ ਜਮੀਅਤ ਉਲੇਮਾ-ਏ-ਹਿੰਦ ਸੰਸਥਾ ਦੇ ਇੱਕ ਵਫ਼ਦ ਨੇ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੁੱਜ ਕੇ ਮੁਲਾਕਾਤ ਕੀਤੀ। ਇਸ ਦੌਰਾਨ ਮੁਸਲਿਮ ਵਫ਼ਦ ਅਤੇ ਜਥੇਦਾਰ ਗੜਗੱਜ ਵਿਚਕਾਰ ਸਿੱਖ-ਮੁਸਲਿਮ ਆਪਸੀ ਸਾਂਝ, ਸਦਭਾਵਨਾ ਅਤੇ ਦੋਵੇਂ ਧਰਮਾਂ ਦੇ ਸਨਮੁਖ ਚੁਣੌਤੀਆਂ ਸਬੰਧੀ ਵਿਚਾਰਾਂ ਹੋਈਆਂ। ਮੁਸਲਿਮ ਵਫ਼ਦ ਵੱਲੋਂ ਕਿਹਾ ਗਿਆ ਕਿ ਉਨ੍ਹਾਂ ਦੀ ਸੰਸਥਾ ਨੇ ਸਿੱਖਾਂ ਦੇ ਸਰਬਉੱਚ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਨਾਲ ਲੰਮੇ ਸਮੇਂ ਤੋਂ ਸਾਂਝ ਬਣਾ ਕੇ ਰੱਖੀ ਹੋਈ ਹੈ ਤਾਂ ਜੋ ਦੋਵੇਂ ਭਾਈਚਾਰਿਆਂ ਵਿੱਚ ਆਪਸੀ ਸਾਂਝ ਕਾਇਮ ਰਹੇ ਅਤੇ ਕੋਈ ਮਤਭੇਦ ਜਾਂ ਮਸਲਾ ਸਾਹਮਣੇ ਆਉਣ ਉੱਤੇ ਮਿਲ ਬੈਠ ਕੇ ਸੁਖਾਵੇਂ ਮਾਹੌਲ ਵਿੱਚ ਹੱਲ ਕਰ ਲਿਆ ਜਾਵੇ। ਮੁਸਲਿਮ ਵਫ਼ਦ ਵੱਲੋਂ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਭਰੋਸਾ ਦਿੱਤਾ ਗਿਆ ਕਿ ਜੇਕਰ ਸਿੱਖ ਸੰਸਥਾਵਾਂ ਵੱਲੋਂ ਉਨ੍ਹਾਂ ਦੇ ਧਿਆਨ ਵਿੱਚ ਕੋਈ ਮਸਲਾ ਲਿਆਂਦਾ ਜਾਵੇਗਾ ਤਾਂ ਉਨ੍ਹਾਂ ਦੇ ਆਗੂਆਂ ਵੱਲੋਂ ਇਸ ਨੂੰ ਹੱਲ ਕਰਨ ਲਈ ਸਿੱਖਾਂ ਨਾਲ ਤਾਲਮੇਲ ਕਰਕੇ ਤੁਰੰਤ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ ਤਾਂ ਜੋ ਆਪਸੀ ਸਾਂਝ ਕਾਇਮ ਰਹੇ। ਇਸ ਬਦਲੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੇ ਵੀ ਮੁਸਲਿਮ ਵਫ਼ਦ ਨੂੰ ਸਿੱਖਾਂ ਦੀ ਤਰਫ਼ੋਂ ਅਜਿਹਾ ਹੀ ਭਰੋਸਾ ਦਿੱਤਾ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਇਸ ਮੁਲਕ ਦੀ ਖ਼ੂਬਸੂਰਤੀ ਹੀ ਇਸ ਗੱਲ ਵਿੱਚ ਹੈ ਕਿ ਇੱਥੇ ਆਪਸੀ ਭਾਈਚਾਰਾ ਅਤੇ ਸਾਂਝ ਕਾਇਮ ਹੈ, ਜਿਸ ਕਰਕੇ ਫਿਰਕੂ ਸ਼ਕਤੀਆਂ ਸਫ਼ਲ ਨਹੀਂ ਹੁੰਦੀਆਂ। ਇਸ ਦੌਰਾਨ ਜਮੀਅਤ ਉਲੇਮਾ-ਏ-ਹਿੰਦ ਦੇ ਵਫ਼ਦ ਨੇ ਜਥੇਦਾਰ ਗੜਗੱਜ ਨਾਲ ਵਕਫ਼ ਬੋਰਡ ਤੇ ਹੋਰ ਧਾਰਮਿਕ ਮਾਮਲਿਆਂ ਸਬੰਧੀ ਵੀ ਵਿਚਾਰਾਂ ਕੀਤੀਆਂ। ਮੀਡੀਆ ਨਾਲ ਗੱਲ ਕਰਦਿਆਂ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਇਹ ਦੇਸ਼ ਸਾਰਿਆਂ ਦਾ ਸਾਂਝਾ ਹੈ ਅਤੇ ਸਾਰੇ ਭਾਈਚਾਰਿਆਂ ਨੂੰ ਇੱਥੇ ਖ਼ੁਸ਼ੀ ਦੇ ਨਾਲ ਰਹਿਣ ਦਾ ਹੱਕ ਹੈ। ਉਨ੍ਹਾਂ ਕਿਹਾ ਕਿ ਕੋਈ ਵੀ ਅਜਿਹਾ ਕੰਮ ਨਹੀਂ ਹੋਣਾ ਚਾਹੀਦਾ ਜਿਸ ਨਾਲ ਕਿਸੇ ਕੌਮ ਨੂੰ ਇਹ ਲੱਗੇ ਕਿ ਉਨ੍ਹਾਂ ਦੇ ਹੱਕ ਖੋਹੇ ਜਾ ਰਹੇ ਹਨ। ਸਾਨੂੰ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਤੋਂ ਸੇਧ ਲੈਣ ਦੀ ਲੋੜ ਹੈ ਕਿ ਜਦੋਂ ਉਨ੍ਹਾਂ ਦਾ ਰਾਜ ਸੀ ਤਾਂ ਉਨ੍ਹਾਂ ਦੀ ਕੈਬਨਿਟ ਵਿੱਚ ਵੱਖ-ਵੱਖ ਕੌਮਾਂ ਦੇ ਨੁਮਾਇੰਦੇ ਸ਼ਾਮਲ ਸਨ ਜਿਨ੍ਹਾਂ ਦਾ ਬਰਾਬਰ ਸਨਮਾਨ ਸੀ। ਉਨ੍ਹਾਂ ਕਿਹਾ ਕਿ ਸਾਰੀਆਂ ਕੌਮਾਂ ਦਾ ਮਾਨ ਸਨਮਾਨ ਕਾਇਮ ਰਹਿਣਾ ਚਾਹੀਦਾ ਹੈ ਅਤੇ ਕਿਸੇ ਦੇ ਵੀ ਅਧਿਕਾਰ ਖੋਹਣ ਦਾ ਹੱਕ ਕਿਸੇ ਨੂੰ ਨਹੀਂ ਹੋਣਾ ਚਾਹੀਦਾ। ਜਥੇਦਾਰ ਗੜਗੱਜ ਨੇ ਕਿਹਾ ਕਿ ਬੰਦੀ ਸਿੰਘ ਜੋ ਬੀਤੇ ਤਿੰਨ-ਤਿੰਨ ਦਹਾਕਿਆਂ ਤੋਂ ਜੇਲ੍ਹਾਂ ਅੰਦਰ ਨਜ਼ਰਬੰਦ ਹਨ ਉਨ੍ਹਾਂ ਦੀ ਕੋਈ ਸੁਣਵਾਈ ਨਹੀਂ ਕੀਤੀ ਜਾ ਰਹੀ ਅਤੇ ਨਾ ਹੀ ਉਨ੍ਹਾਂ ਨੂੰ ਰਿਹਾਅ ਕੀਤਾ ਜਾ ਰਿਹਾ ਹੈ। ਪਰ ਜਦੋਂ ਕਿਤੇ ਘੱਟ-ਗਿਣਤੀਆਂ ਦੇ ਹੱਕਾਂ ਨੂੰ ਦੱਬਣ ਦੀ ਗੱਲ ਆਉਂਦੀ ਹੈ ਉੱਥੇ ਝੱਟ ਹੀ ਬਿਲ ਪਾਸ ਹੋ ਜਾਂਦੇ ਹਨ। ਉਨ੍ਹਾਂ ਸਵਾਲ ਕੀਤਾ ਕਿ ਘੱਟ-ਗਿਣਤੀਆਂ ਦੇ ਹੱਕਾਂ ਲਈ ਬਿਲ ਕਿੱਥੇ ਪਾਸ ਹੋਣ? ਉਨ੍ਹਾਂ ਕਿਹਾ ਕਿ ਇਹ ਦੇਸ਼ ਸਾਰਿਆਂ ਦਾ ਸਾਂਝਾ ਹੈ ਜਿੱਥੇ ਵੱਖ-ਵੱਖ ਸਭਿਆਚਾਰ, ਧਰਮ ਅਤੇ ਬੋਲੀਆਂ ਹਨ ਅਤੇ ਸਾਰਿਆਂ ਨੂੰ ਬਰਾਬਰ ਮਾਣ ਸਨਮਾਨ ਮਿਲਣਾ ਚਾਹੀਦਾ ਹੈ। ਮੁਸਲਿਮ ਵਫ਼ਦ ਵਿੱਚ ਜਮੀਅਤ ਉਲੇਮਾ-ਏ-ਹਿੰਦ ਦੇ ਜਨਰਲ ਸਕੱਤਰ ਮੌਲਾਨਾ ਹਕੀਮੁਦੀਨ ਕਾਸਮੀ, ਓਵੈਸ ਸੁਲਤਾਨ ਖਾਨ, ਮੌਲਾਨਾ ਅਲੀ ਹਸਨ, ਮੌਲਾਨਾ ਆਰਿਫ਼, ਮੁਫਤੀ ਮਹਿਦੀ ਹਸਨ ਆਈਨੀ, ਮੌਲਾਨਾ ਜਾਵੇਦ ਸਿੱਦੀਕੀ ਆਦਿ ਸ਼ਾਮਲ ਸਨ।

ਇਸ ਮੌਕੇ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਇੰਚਾਰਜ ਸ. ਬਗੀਚਾ ਸਿੰਘ, ਸਹਾਇਕ ਇੰਚਾਰਜ ਸ. ਜਸਵੀਰ ਸਿੰਘ ਜੱਸੀ ਵੀ ਮੌਜੂਦ ਸਨ।

ਗੁਰੂ ਹਰਗੋਬਿੰਦ ਪਬਲਿਕ ਸਕੂਲ ਲਹਿਰੀ ਦੀ ਵਿਦਿਆਰਥਣ

# ਜਸ਼ਨਪ੍ਰੀਤ ਕੌਰ ਨੇ ਪੰਜਾਬ 'ਚੋਂ 9ਵਾਂ ਸਥਾਨ ਪ੍ਰਾਪਤ ਕੀਤਾ



ਤਲਵੰਡੀ ਸਾਬੋ, 04 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਬਠਿੰਡਾ ਜਿਲੇ ਦੇ ਉਪ ਮੰਡਲ ਤਲਵੰਡੀ ਸਾਬੋ ਦੇ ਪਿੰਡ ਲਹਿਰੀ ਦੇ ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੀ ਜਸਨਪ੍ਰੀਤ ਕੌਰ ਪੁੱਤਰੀ ਲਖਵੀਰ ਸਿੰਘ ਲਹਿਰੀ ਨੇ ਸਮੁੱਚੇ ਪੰਜਾਬ ਵਿੱਚੋਂ 592/600 (98.67%) ਲੈ ਕੇ 9ਵਾਂ ਰੈਂਕ ਪ੍ਰਾਪਤ ਕੀਤਾ ਹੈ ਜਿਸਤੇ ਸਕੂਲ ਪ੍ਰਿੰਸੀਪਲ ਲਖਵਿੰਦਰ ਸਿੰਘ ਸਿੱਧੂ ਨੇ ਖੁਸ਼ੀ ਜ਼ਾਹਿਰ ਕਰਦਿਆਂ ਇਸਦਾ ਸਿਹਰ ਸਕੂਲ ਸਟਾਫ ਤੇ ਵਿਦਿਆਰਥਣ ਨੂੰ ਦਿੱਤਾ ਜਿਸਨੇ ਮਿਹਨਤ ਕਰਕੇ ਸਕੂਲ ਤੇ ਮਾਪਿਆਂ ਦਾ ਨਾਮ ਸਮੁੱਚੇ ਪੰਜਾਬ ਵਿੱਚ ਚਮਕਾਇਆ ਹੈ। ਉਨਾਂ ਦੱਸਿਆ ਕਿ ਗੁਰਸ਼ਰਨ ਸਿੱਧੂ ਪੁੱਤਰੀ ਗੁਰਸੇਵਕ ਸਿੰਘ ਲਹਿਰੀ ਨੇ 587/600 (97.83%) ਅੰਕ ਪ੍ਰਾਪਤ ਕਰਕੇ ਦੂਸਰਾ ਸਥਾਨ ਹਾਸਲ ਕੀਤਾ ਜਦੋਂਕਿ ਕੋਮਲਪ੍ਰੀਤ ਕੌਰ ਪੁੱਤਰੀ ਕ੍ਰਿਸ਼ਨ ਸਿੰਘ ਜਗਾ ਰਾਮ ਤੀਰਥ ਨੇ 581/600 (96.83%) ਅੰਕ ਹਾਸਲ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ ਹੈ। ਉਹਨਾਂ ਦੱਸਿਆ ਕਿ ਜਸਨਦੀਪ ਕੌਰ ਨੇ ਗਣਿਤ ਅਤੇ ਸਮਾਜਿਕ ਵਿਗਿਆਨ ਵਿਸ਼ਿਆਂ ਵਿੱਚੋਂ 100/100 ਅੰਕ, ਗੁਰਸ਼ਰਨ ਸਿੱਧੂ ਨੇ ਹਿੰਦੀ, ਗਣਿਤ ਅਤੇ ਵਿਗਿਆਨ ਵਿਸ਼ੇ ਵਿੱਚੋਂ 100/100 ਅੰਕ ਅਤੇ ਕੋਮਲਪ੍ਰੀਤ ਕੌਰ ਨੇ ਪੰਜਾਬੀ ਵਿਸ਼ੇ ਵਿੱਚੋਂ 100/100 ਅੰਕ ਪ੍ਰਾਪਤ ਕਰਕੇ ਮਾਰਕਾ ਮਾਰਿਆ ਹੈ। ਸਕੂਲ ਪ੍ਰਬੰਧਕੀ ਕਮੇਟੀ ਪ੍ਰਧਾਨ ਸ੍ਰੀਮਤੀ ਜਸਵਿੰਦਰ ਕੌਰ ਸਿੱਧੂ ਅਤੇ ਸਕੱਤਰ ਸ੍ਰੀਮਤੀ ਪਰਮਜੀਤ ਕੌਰ ਨੇ ਵਧੀਆ ਨਤੀਜੇ ਲਈ ਵਿਦਿਆਰਥੀਆਂ, ਉਹਨਾਂ ਦੇ ਮਾਤਾ-ਪਿਤਾ ਅਤੇ ਸਮੂਹ ਸਟਾਫ ਨੂੰ ਵਧਾਈ ਦਿੰਦਿਆਂ ਉਮੀਦ ਕੀਤੀ ਕਿ ਇਹ ਵਿਦਿਆਰਥੀ ਭਵਿੱਖ ਵਿੱਚ ਵੀ ਸ਼ਾਨਦਾਰ ਪ੍ਰਾਪਤੀਆਂ ਕਰਕੇ ਆਪਣੇ ਮਾਪਿਆਂ ਅਤੇ ਸਕੂਲ ਦਾ ਨਾਮ ਰੌਸ਼ਨ ਕਰਦੇ ਰਹਿਣਗੇ।

**ਸਕੂਲ ਤੇ ਇਲਾਕੇ 'ਚ ਖੁਸ਼ੀ ਦੀ ਲਹਿਰ**

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਸਵਰਗਵਾਸੀ ਸ੍ਰ. ਮਿੱਠੂ ਸਿੰਘ ਦੀ ਯਾਦ 'ਚ ਲਾਇਆ ਅੱਖਾਂ ਦਾ ਫਰੀ ਚੈੱਕਅਪ ਕੈਂਪ



**ਤਲਵੰਡੀ ਸਾਬੋ, 04 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਸਵਰਗਵਾਸੀ ਸ੍ਰ. ਮਿੱਠੂ ਸਿੰਘ ਦੀ ਯਾਦ ਵਿੱਚ ਉਹਨਾਂ ਦੇ ਪਰਿਵਾਰ ਅਤੇ ਬੇਟੀਆਂ ਨੇ ਅਤੇ ਬੇਟਿਆਂ ਨੇ ਰਲ ਮਿਲ ਕੇ ਉਹਨਾਂ ਦੀ ਆਤਮਿਕ ਸ਼ਾਂਤੀ ਲਈ ਸ਼ਰਧਾਂਜਲੀ ਵੱਲੋਂ ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਜੀ ਪਿੰਡ ਜੋਗਾਨੰਦ ਵਿਖੇ ਅੱਖਾਂ ਦਾ ਫਰੀ ਚੈੱਕਅਪ ਕੈਂਪ ਆਯੋਜਿਤ ਕੀਤਾ ਗਿਆ ਜਿਸ ਵਿੱਚ ਮੱਲੀ ਅੱਖਾਂ ਦਾ ਹਸਪਤਾਲ ਬਠਿੰਡਾ ਦੀ ਟੀਮ ਦੇ ਡਾਕਟਰ ਚਰਨਜੀਤ ਸਿੰਘ, ਡਾ. ਜੀਵਨ ਸਿੰਘ, ਅਮਨਦੀਪ ਸਿੰਘ, ਸੰਦੀਪ ਸਿੰਘ ਅਤੇ ਸਮੁੱਚਾ ਸਟਾਫ ਅਮਨਦੀਪ ਸਿੰਘ ਸੰਦੀਪ ਸਿੰਘ ਅਤੇ ਸਮੁੱਚੇ ਸਟਾਫ ਸੇਵਾ ਨਿਭਾਈ। ਇਸ ਕੈਂਪ ਦੌਰਾਨ ਜਿੱਥੇ ਮਰੀਜ਼ਾਂ ਦੀ ਚੈੱਕਅਪ ਕੀਤੀ ਉਥੇ ਮਰੀਜਾਂ ਨੂੰ ਮੁਫ਼ਤ ਦਵਾਈ ਦੇ ਨਾਲ-ਨਾਲ ਐਨਕਾਂ ਵੀ ਮੁਫ਼ਤ ਤਕਸੀਮ ਕੀਤੀਆਂ ਗਈਆਂ। ਇਸ ਮੌਕੇ ਡਾਕਟਰ ਚਰਨਜੀਤ ਸਿੰਘ ਨੇ ਦੱਸਿਆ ਕਿ ਸਵਰਗਵਾਸੀ ਸ੍ਰ. ਮਿੱਠੂ ਸਿੰਘ ਜੀ ਦੀ ਅੰਤਿਮ ਅਰਦਾਸ ਮੌਕੇ ਇਹ ਕੈਂਪ ਦਾ ਆਯੋਜਨ ਕੀਤਾ ਗਿਆ ਜਿਸ ਵਿਚ ਚੈਕਿੰਗ ਦੌਰਾਨ ਲਗਭਗ 120 ਮਰੀਜ ਮੋਤੀਆਬਿੰਦ ਨਾਲ ਪੀੜਿਤ ਪਾਏ ਗਏ ਅਤੇ ਉਹਨਾਂ ਨੂੰ ਆਪਰੇਸ਼ਨ ਲਈ ਸਲਾਹ ਦਿੱਤੀ ਗਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਪੰਚ ਸਰਦਾਰ ਗੁਰਾਂ ਦਿੱਤਾ ਸਿੰਘ, ਸਮੁੱਚੇ ਨਗਰ ਨਿਵਾਸੀ ਰਿਸ਼ਤੇਦਾਰ ਹਾਜ਼ਰ ਸਨ।

# ਚੇਅਰਮੈਨ ਘੁੱਲੀ ਦੀ ਅਗਵਾਈ ਹੇਠ ਪੇਧਨੀ ਕਲਾਂ ਦੀ ਪੰਚਾਇਤ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਈ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਪੰਜਾਬ ਨੂੰ ਸੋਨੇ ਦੀ ਚਿੜੀ ਬਣਾਉਣ ਵਿੱਚ ਲੱਗੇ ਹੋਏ ਹਨ । ਮੁੱਖ ਮੰਤਰੀ ਦੀਆਂ ਲੋਕ ਭਲਾਈ ਸਕੀਮਾਂ ਤੋਂ ਪ੍ਰਭਾਵਿਤ ਹੋ ਕੇ ਪੰਜਾਬ ਦੇ ਮੁੱਖ ਮੰਤਰੀ ਦਫਤਰ ਦੇ ਕੈਂਪਸ ਇੰਚਾਰਜ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਦੀ ਅਗਵਾਈ ਹੇਠ ਬਲਾਕ ਧੂਰੀ ਵਿੱਚ ਪੈਂਦੇ ਪਿੰਡ ਪੇਧਨੀ ਕਲਾਂ ਦੀ ਦੀ ਪੰਚਾਇਤ ਵੱਲੋਂ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਦਾ ਐਲਾਨ ਕੀਤਾ ਗਿਆ ਹੈ। ਸ਼ਾਮਿਲ ਹੋਣ ਵਾਲਿਆਂ ਵਿੱਚ ਸਰਪੰਚ ਮੱਖਣ ਸਿੰਘ ਕਾਂਗਰਸ ਪਾਰਟੀ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ, ਪੰਚ ਗਗਨਦੀਪ ਸਿੰਘ ਖੰਨਾ ਸਾਬਕਾ ਐਮਐਲਏ ਦਲਬੀਰ ਸਿੰਘ ਗੋਲਡੀ ਦੇ ਨਿਕਟਵਰਤੀਆਂ ਚੋਂ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ, ਡਿੰਪੀ ਕਲੇਰ ਮੈਂਬਰ ਪੰਚਾਇਤ ਅਕਾਲੀ ਦਲ ਨੂੰ ਅਲਵਿਦਾ ਆਖ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ , ਇਸੇ ਹੀ ਤਰਾਂ ਸਮਾਜ ਸੇਵੀ ਨੰਬਰਦਾਰ ਰਜਿੰਦਰ ਸਿੰਘ ਪੇਧਨੀ ਕਾਂਗਰਸ ਪਾਰਟੀ ਨੂੰ ਅਲਵਿਦਾ ਆਖ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ । ਪਾਰਟੀ ਵਿੱਚ ਸ਼ਾਮਿਲ ਹੋਈ ਪੰਚਾਇਤ ਨੂੰ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਸਰੋਪੇ ਪਾ ਕੇ ਸਨਮਾਨ ਕੀਤਾ ਅਤੇ ਕਿਹਾ ਕਿ ਪਾਰਟੀ ਵਿੱਚ ਸ਼ਾਮਿਲ ਹੋਈ ਪੰਚਾਇਤ ਨੂੰ ਪੂਰਾ ਬਣਦਾ ਮਾਨ ਸਨਮਾਨ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਨਗਰ ਪੇਧਨੀ ਨੂੰ ਗਰਾਂਟਾਂ ਦੇ ਗੱਫੇ ਦੇ ਕੇ ਧੂਰੀ ਇਲਾਕੇ ਵਿੱਚੋਂ ਪਹਿਲ ਨੰਬਰ ਤੇ ਕੀਤਾ ਜਾਵੇਗਾ। ਇਸ ਮੌਕੇ ਆਪ ਆਗੂ ਹਰਪ੍ਰੀਤ ਸਿੰਘ, ਆਪ ਆਗੂ ਬਿੱਟੂ ਖੁਰਮੀ, ਆਪ ਆਗੂ ਮੱਖਣ ਸਿੰਘ ਸਿੱਧੂ ਹਾਜਰ ਸਨ।

# ਧੂਰੀ ਵਿਖੇ ਪ੍ਰਾਈਵੇਟ ਸਕੂਲਾਂ ਦੀਆਂ ਮਨਮਾਨੀਆਂ ਦੇ ਖਿਲਾਫ ਮਾਪਿਆਂ ਅਤੇ ਸਮੁੱਚੀ ਜਥੇਬੰਦੀਆਂ ਵੱਲੋਂ ਧਰਨਾ 9 ਅਪ੍ਰੈਲ ਨੂੰ ਵਿੱਕੀ ਪਰੋਚਾ

ਧੂਰੀ ( ਰਣਜੀਤ ਸਿੰਘ ਪੇਧਨੀ ) ਕ੍ਰਾਂਤੀਕਾਰੀ ਲੋਕ ਚੇਤਨਾ ਮੰਚ ਦੇ ਮੁੱਖ ਦਫਤਰ ਸੰਗਰੂਰ ਬਾਈਪਾਸ ਧੂਰੀ



ਵਿਖੇ ਵੱਖ- ਵੱਖ ਜਥੇਬੰਦੀਆਂ ਤੇ ਬੱਚਿਆਂ ਦੇ ਮਾਪਿਆਂ ਦੀ ਸ਼ਾਮ ਨੂੰ ਮੀਟਿੰਗ ਹੋਈ ਜਿਸ ਵਿੱਚ ਸਿੱਖਿਆ ਦਾ ਅਧਿਕਾਰ ਕਾਨੂੰਨ 2009 ਦੇ ਤਹਿਤ ਪ੍ਰਾਈਵੇਟ ਸਕੂਲਾਂ ਦੇ ਮੁਖੀਆਂ ਵੱਲੋਂ ਸਾਰੇ ਵਰਗਾਂ ਦੇ ਗਰੀਬ ਬੱਚਿਆਂ ਨੂੰ ਦਾਖਲਾ ਕਰਨ ਤੋਂ ਟਾਲ ਮਟੋਲ ਦੇ ਵਿਰੁੱਧ ਕੱਕੜਵਾਲ ਚੌਂਕ ਧੂਰੀ ਵਿਖੇ ਮਿਤੀ 09 ਅਪ੍ਰੈਲ 2025 ਦਿਨ ਬੁੱਧਵਾਰ ਨੂੰ ਸਵੇਰੇ 10 ਵਜੇ ਧਰਨਾ ਲਾਉਣ ਦਾ ਫੈਸਲਾ ਕੀਤਾ ਗਿਆ। ਸਿੱਖਿਆ ਦਾ ਅਧਿਕਾਰ ਕਾਨੂੰਨ 2009 ਜੋ ਪਿਛਲੇ 15 ਸਾਲਾਂ ਤੋ ਪੰਜਾਬ ਨੂੰ ਛੱਡ ਕੇ ਪੂਰੇ ਭਾਰਤ ਵਿੱਚ ਲਾਗੂ ਹੈ। ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਹੁਕਮਾਂ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਮਿਤੀ 24-03-2025 ਦੇ ਰਾਹੀਂ ਸਮੂਹ ਸਿੱਖਿਆ ਅਫਸਰ ਅਤੇ ਸਕੂਲ ਮੁਖੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਹਨ ਕਿ ਇਸ ਨੂੰ ਅਕਾਦਮਿਕ ਸੈਸ਼ਨ 2025-26 ਤੋਂ ਤੁਰੰਤ ਲਾਗੂ ਕਰਨ। ਪਰ ਸਕੂਲਾਂ ਦੇ ਮੁਖੀ ਬੱਚਿਆਂ ਨੂੰ ਸਕੂਲ ਵਿੱਚ ਭਰਤੀ ਕਰਨ ਲਈ ਟਾਲ ਮਟੋਲ ਕਰ ਰਹੇ ਹਨ ਅਤੇ ਉਹਨਾਂ ਦੇ ਮਾਤਾ-ਪਿਤਾ ਨੂੰ ਗੁਮਰਾਹ ਕਰ ਰਹੇ ਹਨ। ਇਹ ਸਾਰਾ ਕੁਝ ਧਿਆਨ ਵਿੱਚ ਲਿਆਉਣ ਤੋਂ ਬਾਅਦ ਕ੍ਰਾਂਤੀਕਾਰੀ ਲੋਕ ਚੇਤਨਾ ਮੰਚ, ਐਕਸ਼ਨ ਕਮੇਟੀ ਪੰਜਾਬ ਅਤੇ ਹੋਰ ਜਥੇਬੰਦੀਆਂ ਦੇ ਆਗੂ ਡੀ ਸੀ ਸਾਹਿਬ ਸੰਗਰੂਰ ਅਤੇ ਡੀ ਈ ਓ ਸਾਹਿਬ ਸੰਗਰੂਰ ਨੂੰ ਮਿਲੇ। ਉਸ ਤੋਂ ਬਾਅਦ ਸਕੂਲਾਂ ਦੇ ਮੁਖੀਆਂ ਨੂੰ ਵੀ ਮਿਲੇ ਪਰ ਸਕੂਲਾਂ ਦੇ ਮੁਖੀਆਂ ਦਾ ਰਵਈਆ ਉਸੇ ਤਰ੍ਹਾਂ ਹੀ ਹੈ। ਐਸ ਸੀ, ਬੀ ਸੀ ਅਤੇ ਜਰਨਲ ਜਥੇਬੰਦੀਆਂ ਅਤੇ ਬੱਚਿਆਂ ਦੇ ਮਾਪਿਆਂ ਨੂੰ ਅਪੀਲ ਹੈ ਆਪਣੇ ਬੱਚਿਆਂ ਦੇ ਹੱਕਾਂ ਲਈ ਇਸ ਧਰਨੇ ਵਿੱਚ ਵੱਧ ਤੋਂ ਵੱਧ ਪਹੁੰਚਣ। ਜੇ ਸਕੂਲਾਂ ਦੀਆਂ ਮਨਮਾਨੀਆਂ ਬੰਦ ਨਾਂ ਹੋਈਆਂ ਤਾਂ ਪੂਰੇ ਪੰਜਾਬ ਅੰਦਰ ਸੰਘਰਸ਼ ਹੋਰ ਤੇਜ਼ ਕੀਤੇ ਜਾਣਗੇ ।ਪੰਜਾਬ ਸਰਕਾਰ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਜੋ ਵੀ ਪ੍ਰਾਈਵੇਟ ਸਕੂਲ ਪੰਜਾਬ ਸਰਕਾਰ ਦੇ ਹੁਕਮਾਂ ਦੀ ਉਲੰਘਣਾ ਕਰਦਾ ਹੈ ਉਸ ਦੀ ਮਾਨਤਾ ਰੱਦ ਕੀਤੀ ਜਾਵੇ।